


ਰੋਜ਼ਾਨਾ

# ਸ਼ਹੀਦ-ਏ-ਆਜ਼ਮ ®

DAILY SHAHEED-E-AZAM




Reg.No. : 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year 43 Issue 2 | Chief Editor : Chowdhary Prabhjit Singh, | Editor : Chhatarpal Singh 98145-32807 | Tuesday 09 June 2026 | Price : 2 Rs.

# ਵਿਰੋਧੀ ਧਿਰ ਦੇ ਆਗੂਆਂ ਵੱਲੋਂ ਏਕਤਾ ਦੀ ਮੰਗ, ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ

**ਨਵੀਂ ਦਿੱਲੀ, 8 ਜੂਨ**
**-ਮਨਜੀਤ ਸਿੰਘ**




ਅੱਜ ਇੱਥੇ 'ਇੰਡੀਆ' (9©491) ਗੱਠਜੋੜ ਦੇ ਕਈ ਚੋਟੀ ਦੇ ਆਗੂਆਂ ਨੇ ਕੁਝ ਭਾਈਵਾਲਾਂ ਵਿੱਚ ਉਭਰੇ ਮਤਭੇਦਾਂ ਦੇ ਮੱਦੇਨਜ਼ਰ ਸੰਵਿਧਾਨ ਕਲੱਬ ਵਿਖੇ ਮੁਲਾਕਾਤ ਕੀਤੀ। ਇਸ ਅਹਿਮ ਮੀਟਿੰਗ ਦੌਰਾਨ ਕਈ ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਗੱਠਜੋੜ ਵਿੱਚ ਏਕਤਾ 'ਤੇ ਜ਼ੋਰ ਦਿੱਤਾ ਅਤੇ ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨ ਅਤੇ ਲੋਕਾਂ ਦੀ ਰੋਜ਼ੀ-ਰੋਟੀ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ।

ਕਾਂਗਰਸ ਤੋਂ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਮਲਿਕਾਰਜੁਨ ਖੜਗੇ, ਤ੍ਰਿਣਮੂਲ ਕਾਂਗਰਸ ਤੋਂ ਮਮਤਾ ਬੈਨਰਜੀ, ਸਮਾਜਵਾਦੀ ਪਾਰਟੀ ਤੋਂ ਅਖਿਲੇਸ਼ ਯਾਦਵ, ਆਰਜੇਡੀ ਤੋਂ ਤੇਜਸਵੀ ਯਾਦਵ, ਨੈਸ਼ਨਲ ਕਾਨਫਰੰਸ ਤੋਂ ਉਮਰ ਅਬਦੁੱਲਾ ਅਤੇ ਪੀਡੀਪੀ ਤੋਂ ਮਹਿਬੂਬਾ ਮੁਫਤੀ ਸਮੇਤ ਵਿਰੋਧੀ ਆਗੂਆਂ ਨੇ ਖੱਬੇ ਪੱਖੀ ਆਗੂਆਂ ਦੇ ਨਾਲ ਮੀਟਿੰਗ ਵਿੱਚ ਹਿੱਸਾ ਲਿਆ। ਐਨਸੀਪੀ(ਐਸਪੀ) ਦੇ ਆਗੂ ਸੁਪ੍ਰੀਆ ਸੁਲੇ, ਸੀਪੀਆਈ(ਐਮ) ਦੇ ਜੌਨ ਬ੍ਰਿਟਾਸ, ਸੀਪੀਆਈ ਦੇ ਡੀ ਰਾਜਾ ਅਤੇ ਕੁਝ ਛੋਟੀਆਂ ਪਾਰਟੀਆਂ ਦੇ ਆਗੂ ਵੀ ਵਿਚਾਰ-ਵਟਾਂਦਰੇ ਦਾ ਹਿੱਸਾ ਸਨ, ਜਦਕਿ ਸ਼ਿਵ ਸੈਨਾ (ਯੂਬੀਟੀ) ਦੇ ਉੱਧਵ ਠਾਕਰੇ ਵਰਚੁਅਲ ਤੌਰ 'ਤੇ ਸ਼ਾਮਲ ਹੋਏ।

ਡੀਐਮਕੇ ਅਤੇ ਆਮ ਆਦਮੀ ਪਾਰਟੀ (ਆਪ) ਵਿਚਾਰ-ਵਟਾਂਦਰੇ ਦਾ ਹਿੱਸਾ ਨਹੀਂ ਹਨ ਕਿਉਂਕਿ ਉਨ੍ਹਾਂ ਨੇ ਗੱਠਜੋੜ ਤੋਂ ਬਾਹਰ ਹੋਣ ਦਾ ਫੈਸਲਾ ਕੀਤਾ ਹੈ; ਟੀਵੀਕੇ ਵੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਈ। ਸੂਤਰਾਂ ਨੇ ਦੱਸਿਆ ਕਿ ਜਿਨ੍ਹਾਂ ਪਾਰਟੀਆਂ ਕੋਲ ਸੰਸਦ ਮੈਂਬਰ ਹਨ ਅਤੇ ਜੋ ਮੂਲ 'ਇੰਡੀਆ' ਗੱਠਜੋੜ ਦਾ ਹਿੱਸਾ ਸਨ, ਉਨ੍ਹਾਂ ਨੂੰ ਸੱਦਾ ਦਿੱਤਾ ਗਿਆ ਸੀ। ਆਗੂਆਂ ਨੇ ਭਾਜਪਾ ਦਾ ਮੁਕਾਬਲਾ ਕਰਨ ਲਈ ਏਕਤਾ ਕਾਇਮ ਕਰਨ ਅਤੇ ਆਪਣੀ ਰਣਨੀਤੀ ਨੂੰ ਮੁੜ ਉਲੀਕਣ ਲਈ ਵਿਚਾਰ-ਵਟਾਂਦਰਾ ਸ਼ੁਰੂ ਕੀਤਾ, ਜਦਕਿ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਟੀਐਮਸੀ ਅਤੇ ਡੀਐਮਕੇ ਵਰਗੀਆਂ ਖੇਤਰੀ ਪਾਰਟੀਆਂ ਦੀ ਹਾਰ ਤੋਂ ਬਾਅਦ ਅੰਦਰੂਨੀ ਮਤਭੇਦਾਂ ਨੂੰ ਦੂਰ ਕਰਨ ਦਾ ਯਤਨ ਕੀਤਾ। ਇਹ ਮੀਟਿੰਗ ਅਜਿਹੇ ਸਮੇਂ ਹੋ ਰਹੀ ਹੈ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਆਪਣੇ ਲਗਾਤਾਰ ਤੀਜੇ ਕਾਰਜਕਾਲ ਵਿੱਚ 12 ਸਾਲ ਪੂਰੇ ਕਰ ਚੁੱਕੀ ਹੈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਆਗੂਆਂ ਨੂੰ ਮੋਦੀ ਸਰਕਾਰ ਦੇ ÷ਕੁਸ਼ਾਸਨ÷ ਕਾਰਨ ਦੇਸ਼ ਨੂੰ ਦਰਪੇਸ਼ ਰਾਜਨੀਤਿਕ, ਆਰਥਿਕ, ਸਮਾਜਿਕ ਅਤੇ ਵਿਦੇਸ਼ ਨੀਤੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਏਕਤਾ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਵਿਰੋਧੀ ਆਗੂਆਂ ਵਿੱਚ ਏਕਤਾ ਦੀ ਵਕਾਲਤ ਕਰਦਿਆਂ ਉਨ੍ਹਾਂ ਕਿਹਾ, ÷17 ਅਪਰੈਲ 2026 ਨੂੰ, ਅਸੀਂ ਲੋਕ ਸਭਾ ਵਿੱਚ ਬਹੁਤ ਨਿਰਣਾਇਕ ਢੰਗ ਨਾਲ ਆਪਣੀ ਏਕਤਾ ਅਤੇ ਇਕਜੁੱਟਤਾ ਦਾ ਪ੍ਰਦਰਸ਼ਨ ਕੀਤਾ, ਜਦੋਂ ਅਸੀਂ ਸਾਰੇ ਮੋਦੀ ਸਰਕਾਰ ਦੇ ਹੱਦਬੰਦੀ ਸਬੰਧੀ ਮਾੜੇ ਬਿੱਲਾਂ ਨੂੰ ਹਰਾਉਣ ਲਈ ਦ੍ਰਿੜਤਾ ਨਾਲ ਇਕੱਠੇ ਹੋਏ। ਹੁਣ ਸਾਨੂੰ ਉਸੇ ਭਾਵਨਾ ਨੂੰ ਹੋਰ ਮਜ਼ਬੂਤ ??ਕਰਨਾ ਚਾਹੀਦਾ ਹੈ ਅਤੇ ਅੱਗੇ ਵਧਣਾ ਚਾਹੀਦਾ ਹੈ, ਤਾਂ ਜੋ ਅਸੀਂ ਮੋਦੀ ਸਰਕਾਰ ਦੇ ਕੁਸ਼ਾਸਨ ਕਾਰਨ ਦੇਸ਼ ਨੂੰ ਦਰਪੇਸ਼ ਕਈ ਰਾਜਨੀਤਿਕ, ਆਰਥਿਕ, ਸਮਾਜਿਕ ਅਤੇ ਵਿਦੇਸ਼ ਨੀਤੀ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਸਕੀਏ। ਮੀਟਿੰਗ ਦੇ ਏਜੰਡੇ ਬਾਰੇ ਪੁੱਛੇ ਜਾਣ 'ਤੇ ਅਖਿਲੇਸ਼ ਯਾਦਵ ਨੇ ਕਿਹਾ ਕਿ ਗੱਠਜੋੜ ਦੇ ਭਾਈਵਾਲਾਂ ਦੁਆਰਾ ਸਮੂਹਿਕ ਤੌਰ 'ਤੇ ਫੈਸਲੇ ਲਏ ਜਾਣਗੇ ਅਤੇ ਜਮਹੂਰੀ ਕਦਰਾਂ-ਕੀਮਤਾਂ ਦੀ ਰਾਖੀ ਕਰਨਾ ਜ਼ਰੂਰੀ ਹੈ। ਸੀਪੀਆਈ ਦੇ ਜਨਰਲ ਸਕੱਤਰ ਡੀ ਰਾਜਾ ਨੇ ਕਿਹਾ ਕਿ ਇਹ ਮੀਟਿੰਗ ਮਹੱਤਵਪੂਰਨ ਹੈ ਕਿਉਂਕਿ ਇਹ ਕਾਫੀ ਸਮੇਂ ਬਾਅਦ ਹੋ ਰਹੀ ਹੈ।

ਕਾਂਗਰਸ, ਐਸਪੀ, ਟੀਐਮਸੀ, ਆਰਜੇਡੀ, ਐਨਸੀ, ਪੀਡੀਪੀ, ਜੇਐਮਐਮ, ਸ਼ਿਵ ਸੈਨਾ (ਯੂਬੀਟੀ), ਐਨਸੀਪੀ (ਐਸਪੀ), ਸੀਪੀਆਈ(ਐਮ), ਸੀਪੀਆਈ, ਸੀਪੀਆਈ(ਐਮਐਲ), ਆਰਐਸਪੀ, ਆਈਯੂਐਮਐਲ, ਵੀਸੀਕੇ, ਐਮਡੀਐਮਕੇ, ਕੇਰਲ ਕਾਂਗਰਸ, ਕੇਰਲ ਕਾਂਗਰਸ (ਐਮ), ਆਰਐਲਪੀ, ਬੀਏਪੀ, ਲੋਕ ਦਲ, ਫਾਰਵਰਡ ਬਲਾਕ ਅਤੇ ਸ਼ੇਤਕਾਰੀ ਕਾਮਗਾਰ ਪਕਸ਼ ਦੇ ਆਗੂ ਅਤੇ ਆਜ਼ਾਦ ਸੰਸਦ ਮੈਂਬਰ ਕਪਿਲ ਸਿੱਬਲ ਵਿਰੋਧੀ ਧਿਰ ਦੀ ਇਸ ਮੀਟਿੰਗ ਵਿੱਚ ਇਕੱਠੇ ਹੋਏ। ਭਾਜਪਾ ਨੇ 'ਇੰਡੀਆ' ਗੱਠਜੋੜ ਦੀ ਨਿਖੇਧੀ ਕਰਦਿਆਂ ਇਸ ਨੂੰ ÷ਕਲਪਨਾ ਦੀ ਉਪਜ÷ ਕਰਾਰ ਦਿੱਤਾ ਹੈ ਜਿਸ ਵਿੱਚ ਜ਼ਮੀਨੀ ਪੱਧਰ 'ਤੇ ਦ੍ਰਿੜਤਾ ਦੀ ਘਾਟ ਹੈ। 'ਇੰਡੀਆ' (9©-491) ਗੱਠਜੋੜ ਦੀ ਆਖਰੀ ਅਧਿਕਾਰਤ ਮੀਟਿੰਗ 1 ਜੂਨ, 2024 ਨੂੰ ਲੋਕ ਸਭਾ ਚੋਣਾਂ ਤੋਂ ਠੀਕ ਪਹਿਲਾਂ ਨਵੀਂ ਦਿੱਲੀ ਵਿੱਚ ਹੋਈ ਸੀ।

# ਦਿੱਲੀ ਇਮਾਰਤ ਹਾਦਸਾ : ਅਦਾਲਤ ਨੇ ਜੱਜ ਵਿਰੁੱਧ ਸੋਸ਼ਲ ਮੀਡੀਆ ਪੋਸਟਾਂ ਨੂੰ ਹਟਾਉਣ ਦੇ ਦਿੱਤੇ ਹੁਕਮ

**ਨਵੀਂ ਦਿੱਲੀ, 8 ਜੂਨ**
**-ਮਨਜੀਤ ਸਿੰਘ-**

ਦਿੱਲੀ ਹਾਈ ਕੋਰਟ ਨੇ ਸੋਮਵਾਰ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਪਿਛਲੇ ਮਹੀਨੇ ਸੈਦ-ਉਲ-ਅਜਾਇਬ ਵਿੱਚ ਹੋਈ ਬਹੁ-ਮੰਜ਼ਿਲਾ ਇਮਾਰਤ ਢਹਿਣ ਦੇ ਸਬੰਧ ਵਿੱਚ ਇੱਕ ਮੌਜੂਦਾ ਜੱਜ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਥਿਤ ਤੌਰ 'ਤੇ ਅਪਮਾਨਜਨਕ ਸਮੱਗਰੀ ਨੂੰ ਹਟਾਉਣ ਦੇ ਨਿਰਦੇਸ਼ ਦਿੱਤੇ। ਜਸਟਿਸ ਨੀਨਾ ਬਾਂਸਲ ਕ੍ਰਿਸ਼ਨਾ ਤੇ ਮਧੂ ਜੈਨ ਦੀ ਇੱਕ ਛੁੱਟੀਆਂ ਵਾਲੀ ਬੈਂਚ ਨੇ ਦਿੱਲੀ ਹਾਈ ਕੋਰਟ ਬਾਰ ਐਸੋਸੀਏਸ਼ਨ (ਡੀ.ਐਚ.ਸੀ.ਬੀ.ਏ.) ਦੁਆਰਾ ਦਾਇਰ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਕਿਹਾ, ਸਭ ਕੁਝ ਤੁਰੰਤ ਹਟਾਓ। ਐਸੋਸੀਏਸ਼ਨ ਨੇ ਡਾ. ਕਪਿਲ ਕੱਕੜ ਵਿਰੁੱਧ ਅਪਰਾਧਿਕ ਮਾਣਹਾਨੀ ਦੀ ਕਾਰਵਾਈ ਦੀ ਬੇਨਤੀ ਕੀਤੀ ਸੀ, ਜਿਸਨੇ ਅਪਮਾਨਜਨਕ ਵੀਡੀਓ ਅਪਲੋਡ ਕੀਤਾ ਸੀ।

ਕੱਕੜ ਨੇ ਇਸ ਘਟਨਾ ਲਈ ਇੱਕ ਮੌਜੂਦਾ ਹਾਈ ਕੋਰਟ ਦੇ ਜੱਜ ਨੂੰ ਜ਼ਿੰਮੇਵਾਰ ਠਹਿਰਾਇਆ ਸੀ, ਜਿਸ ਵਿੱਚ ਛੇ ਲੋਕਾਂ ਦੀ ਜਾਨ ਚਲੀ ਗਈ ਸੀ। ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੀਨੀਅਰ ਵਕੀਲ ਐਨ. ਹਰੀਹਰਨ ਨੇ ਕਿਹਾ ਕਿ ਕੱਕੜ ਨੇ ਜੱਜ ਵਿਰੁੱਧ ਅਪਮਾਨਜਨਕ ਦੋਸ਼ ਲਗਾਉਂਦੇ ਹੋਏ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵੀਡੀਓ ਅਪਲੋਡ ਕੀਤੇ ਸਨ। ਵੀਡੀਓ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਜੱਜ ਨੇ ਪਹਿਲਾਂ ਇਮਾਰਤ ਵਿੱਚ ਗੈਰ-ਕਾਨੂੰਨੀ ਉਸਾਰੀ ਨਾਲ ਸਬੰਧਤ ਇੱਕ ਕੇਸ ਦੀ ਸੁਣਵਾਈ ਕੀਤੀ ਸੀ।

ਬੈਂਚ ਨੇ ਕਿਹਾ ਕਿ ਇਹ ਕੋਈ ਮਾਮੂਲੀ ਗੱਲ ਨਹੀਂ ਹੈ। ਅਦਾਲਤ ਨੇ ਸਵਾਲ ਕੀਤਾ ਕਿ ਸੋਸ਼ਲ ਮੀਡੀਆ ਪਲੇਟਫਾਰਮ ਨੇ ਖੁਦ ਵੀਡੀਓ ਕਿਉਂ ਨਹੀਂ ਹਟਾਏ। ਇਸ ਨੇ ਸੋਸ਼ਲ ਮੀਡੀਆ ਪਲੇਟਫਾਰਮ ਨੂੰ ਪੁੱਛਿਆ, ਕੁਝ ਜਵਾਬਦੇਹੀ ਹੋਣੀ ਚਾਹੀਦੀ ਹੈ। ਜਦੋਂ ਤੁਹਾਨੂੰ ਕੋਈ ਇੰਨੀ ਬੇਤੁਕੀ ਚੀਜ਼ ਮਿਲਦੀ ਹੈ, ਤਾਂ ਤੁਸੀਂ ਉਨ੍ਹਾਂ ਨੂੰ ਕਿਉਂ ਨਹੀਂ ਹਟਾਉਂਦੇ? ਜਦੋਂ ਇਹ ਤੁਹਾਡੇ ਧਿਆਨ ਵਿੱਚ ਆਉਂਦੀ ਹੈ, ਤਾਂ ਤੁਸੀਂ ਉਨ੍ਹਾਂ ਨੂੰ ਖੁਦ ਕਿਉਂ ਨਹੀਂ ਹਟਾ ਸਕਦੇ ?।

ਅਦਾਲਤ ਨੇ ਕਿਹਾ, ਇਹ ਕੋਈ ਵੱਖਰਾ ਮਾਮਲਾ ਨਹੀਂ ਹੈ। ਇਹ ਹਰ ਰੋਜ਼ ਹੁੰਦਾ ਹੈ। ਮੈਟਾ, ਗੂਗਲ ਅਤੇ ਲਿੰਕਡਇਨ ਦੀ ਨੁਮਾਇੰਦਗੀ ਕਰਨ ਵਾਲੇ ਵਕੀਲਾਂ ਨੇ ਅਦਾਲਤ ਨੂੰ ਭਰੋਸਾ ਦਿੱਤਾ ਕਿ ਨਿਰਦੇਸ਼ਾਂ ਅਨੁਸਾਰ ਵੀਡੀਓ ਹਟਾ ਦਿੱਤੇ ਜਾਣਗੇ। ਐਸੋਸੀਏਸ਼ਨ ਨੇ ਦਾਅਵਾ ਕੀਤਾ ਕਿ ਇਤਰਾਜ਼ਯੋਗ ਸਮੱਗਰੀ ਕਾਰਨ ਹੋਇਆ ਨੁਕਸਾਨ ਪਹਿਲਾਂ ਹੀ ਹੋ ਚੁੱਕਾ ਹੈ, ਪਰ ਅਦਾਲਤ ਨੇ ਟਿੱਪਣੀ ਕੀਤੀ, ਇਹ ਪ੍ਰਮਾਣਿਕ ??ਜਾਣਕਾਰੀ ਨਹੀਂ ਹੈ। ਲੋਕਾਂ ਦੀਆਂ ਯਾਦਾਂ ਛੋਟੀਆਂ ਹਨ। ਇਹ ਸਿਰਫ਼ ਸਨਸਨੀ ਪੈਦਾ ਕਰਨ ਲਈ ਹੈ।

ਐਸੋਸੀਏਸ਼ਨ ਨੇ ਇਹ ਵੀ ਬੇਨਤੀ ਕੀਤੀ ਕਿ ਵੀਡੀਓ ਹਟਾਉਣ ਤੋਂ ਇਲਾਵਾ, ਕਥਿਤ ਦੋਸ਼ੀ ਦੇ ਸੋਸ਼ਲ ਮੀਡੀਆ ਖਾਤਿਆਂ ਨੂੰ ਬਲਾਕ ਕੀਤਾ ਜਾਵੇ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿੱਚ ਇੱਕ ਹੁਕਮ ਪਾਸ ਕੀਤਾ ਜਾਵੇਗਾ।

# ਭਗਵੰਤ ਮਾਨ ਸਰਕਾਰ ਗੱਲਬਾਤ ਅਤੇ ਸਹਿਮਤੀ ਰਾਹੀਂ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਵਚਨਬੱਧ; ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਿੱਖਿਆ ਵਿਭਾਗ ਦੀਆਂ 5 ਯੂਨੀਅਨਾਂ ਨਾਲ ਮੀਟਿੰਗਾਂ

**ਚੰਡੀਗੜ੍ਹ, 8 ਜੂਨ**
**-ਚਰਨਜੀਤ ਸਿੰਘ-**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਕਿ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ ਅੱਜ ਇੱਥੇ ਸਿੱਖਿਆ ਵਿਭਾਗ ਦੀਆਂ ਪੰਜ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਉਨ੍ਹਾਂ ਦੇ ਮਸਲਿਆਂ ਅਤੇ ਮੰਗਾਂ 'ਤੇ ਹਮਦਰਦੀ ਪੂਰਵਕ ਵਿਚਾਰ-ਵਟਾਂਦਰਾ ਕਰਨ ਲਈ ਵਿਸਥਾਰਪੂਰਵਕ ਮੀਟਿੰਗਾਂ ਕੀਤੀਆਂ।

ਇਸ ਸਬੰਧੀ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ÷ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਇੱਕ ਸਾਰਥਕ ਗੱਲਬਾਤ ਨੂੰ ਉਤਸ਼ਾਹਿਤ ਕਰਨਾ ਹੈ, ਜੋ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਆਪਣੇ ਕਰਮਚਾਰੀਆਂ ਦੀ ਭਲਾਈ ਅਤੇ ਚਿੰਤਾਵਾਂ ਨੂੰ ਯੋਜਨਾਬੱਧ ਤਰੀਕੇ ਨਾਲ ਹੱਲ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਵਿਚਾਰ-ਵਟਾਂਦਰੇ ਦੌਰਾਨ, ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਵਿੱਤ ਮੰਤਰੀ ਨੂੰ ਯੂਨੀਅਨਾਂ ਦੀਆਂ ਮੰਗਾਂ ਦੇ ਸਬੰਧ ਵਿੱਚ ਮੌਜੂਦਾ ਪ੍ਰਸ਼ਾਸਨਿਕ ਸਥਿਤੀ ਅਤੇ ਉਨ੍ਹਾਂ ਦੇ ਹੱਲ ਲਈ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਜਾਣੂ ਕਰਵਾਇਆ। ਵਿਭਾਗ ਦੇ ਪੱਖ ਦੀ ਬਾਰੀਕੀ ਨਾਲ ਸਮੀਖਿਆ ਕਰਨ ਤੋਂ ਬਾਅਦ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਲਈ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਵਿੱਚ ਤੇਜ਼ੀ ਲਿਆਉਣ ਤਾਂ ਜੋ ਮੁਲਾਜ਼ਮਾਂ ਨੂੰ ਸਮੇਂ ਸਿਰ ਰਾਹਤ ਅਤੇ ਸਹਾਇਤਾ ਯਕੀਨੀ ਬਣਾਈ ਜਾ ਸਕੇ। ਹਰੇਕ ਜਥੇਬੰਦੀ ਦੇ ਨੁਮਾਇੰਦਿਆਂ ਦੀਆਂ ਮੁੱਖ ਮੰਗਾਂ ਨੂੰ ਬੜੇ ਧਿਆਨ ਨਾਲ ਸੁਣਿਆ ਗਿਆ। ਇਹ ਮੀਟਿੰਗਾਂ ਪੰਜਾਬ ਸਿਵਲ ਸਕੱਤਰੇਤ ਵਿਖੇ ਵਿੱਤ ਮੰਤਰੀ ਦੇ ਦਫ਼ਤਰ ਵਿੱਚ ਹੋਈਆਂ। ਇਨ੍ਹਾਂ ਸੈਸ਼ਨਾਂ ਵਿੱਚ ਬੇਰੁਜ਼ਗਾਰ ਪੀ.ਐਸ.ਟੀ.ਈ.??. ਪਾਸ ਆਰਟ ਐਂਡ ਕ੍ਰਾਫਟ ਸੰਘਰਸ਼ ਯੂਨੀਅਨ, ਅਨ-ਏਡਿਡ ਸਟਾਫ਼ ਆਫ਼ ਏਡਿਡ ਸਕੂਲ ਫਰੰਟ, ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ, ਮੈਰੀਟੋਰੀਅਸ ਟੀਚਰਜ਼ ਯੂਨੀਅਨ ਅਤੇ ਬੇਰੁਜ਼ਗਾਰ ਬੀ.ਐਡ. ਟੈਟ ਪਾਸ ਅਧਿਆਪਕ ਯੂਨੀਅਨ ਦੇ ਪ੍ਰਤੀਨਿਧ ਵਫ਼ਦਾਂ ਨੇ ਸ਼ਿਰਕਤ ਕੀਤੀ।

# ਆਪ ਨੇ ਮੋਨਿਕਾ ਸ਼ਰਮਾ ਨੂੰ ਮਹਿਲਾ ਵਿੰਗ ਦੀ ਸੂਬਾ ਜੁਆਇੰਟ ਸੈਕਟਰੀ ਦੀ ਜ਼ਿੰਮੇਵਾਰੀ ਸੌਂਪੀ

**ਪਟਿਆਲਾ, 8 ਜੂਨ**
**-ਗੁਰਪ੍ਰੀਤ ਸਿੰਘ-**



ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਮੋਨਿਕਾ ਸ਼ਰਮਾ ਨੂੰ ਸੂਬਾ ਜੁਆਇੰਟ ਸੈਕਟਰੀ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਇਸ ਸਬੰਧੀ ਮੋਨਿਕਾ ਸ਼ਰਮਾ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੇ ਨੈਸ਼ਨਲ ਕਨਵੀਨਰ ਸ਼੍ਰੀ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਸ਼੍ਰੀ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਟੇਟ ਅਬਜ਼ਰਵਰ ਗਾਇਤਰੀ ਬਿਸ਼ਨੋਈ, ਪੰਜਾਬ ਪ੍ਰਧਾਨ ਮੈਡਮ ਅਮਨਦੀਪ ਕੌਰ ਅਰੋੜਾ, ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕਰਦੀ ਹੈ ਜਿਨ੍ਹਾਂ ਨੇ ਉਨ੍ਹਾਂ 'ਤੇ ਭਰੋਸਾ ਜਤਾਉਂਦਿਆਂ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਹੈ।

ਮੋਨਿਕਾ ਸ਼ਰਮਾ ਨੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਿਧਾਂਤਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਕੰਮ ਕਰਨਗੇ ਅਤੇ ਮਹਿਲਾ ਵਿੰਗ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ।

ਮੋਨਿਕਾ ਸ਼ਰਮਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਵਿਕਾਸ ਅਤੇ ਲੋਕ ਭਲਾਈ ਦੇ ਕਾਰਜਾਂ ਲਈ ਵਚਨਬੱਧ ਹੈ ਅਤੇ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣਗੇ।

ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਸੰਗਠਨ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਵੀ ਦਿੱਤਾ।

# ਟਰੇਨਾਂ 'ਚ ਸਮਾਨ ਲੱਦ ਕੇ ਲਿਜਾਣ ਵਾਲੇ ਸਾਵਧਾਨ ! ਰੇਲਵੇ ਵਲੋਂ ਸਖ਼ਤ ਚਿਤਾਵਨੀ ਜਾਰੀ

**ਨਵੀਂ ਦਿੱਲੀ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਭਾਰਤੀ ਰੇਲਵੇ ਵੱਲੋਂ ਰੇਲ ਯਾਤਰੀਆਂ ਦੀ ਸਹੂਲਤ ਅਤੇ ਸੁਰੱਖਿਅਤ ਸਫ਼ਰ ਨੂੰ ਯਕੀਨੀ ਬਣਾਉਣ ਲਈ ਸਾਮਾਨ (ਲਗੇਜ) ਲੈ ਕੇ ਜਾਣ ਸਬੰਧੀ ਸਖ਼ਤ ਨਿਯਮ ਨਿਰਧਾਰਿਤ ਕੀਤੇ ਗਏ ਹਨ। ਰੇਲਵੇ ਵਿਭਾਗ ਅਨੁਸਾਰ ਵੱਖ-ਵੱਖ ਸ਼੍ਰੇਣੀਆਂ ਦੇ ਕੋਚਾਂ 'ਚ ਸਮਾਨ ਦੀ ਵੱਧ ਤੋਂ ਵੱਧ ਸੀਮਾ ਤੈਅ ਕੀਤੀ ਗਈ ਹੈ। ਜੇਕਰ ਕੋਈ ਯਾਤਰੀ ਇਸ ਤੈਅ ਸੀਮਾ ਤੋਂ ਵੱਧ ਸਮਾਨ ਲੈ ਕੇ ਜਾਂਦਾ ਹੈ ਤਾਂ ਉਸ ਨੂੰ ਨਿਯਮਾਂ ਮੁਤਾਬਕ ਭਾਰੀ ਜੁਰਮਾਨਾ ਭਰਨਾ ਪੈ ਸਕਦਾ ਹੈ।

ਕੋਚ ਦੀ ਸ਼੍ਰੇਣੀ ਅਨੁਸਾਰ ਰੇਲਵੇ ਵੱਲੋਂ ਵੱਖ-ਵੱਖ ਸ਼੍ਰੇਣੀਆਂ (ਕਲਾਸਾਂ) ਲਈ ਸਮਾਨ ਦਾ ਵਜ਼ਨ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੋਚ ਦੀ ਸ਼੍ਰੇਣੀ ਫਸਟ ਏ.ਸੀ. 'ਚ 70 ਕਿੱਲੋਗ੍ਰਾਮ, ਸੈਕਿੰਡ ਏ. ਸੀ. 'ਚ 50 ਕਿੱਲੋਗ੍ਰਾਮ, ਥਰਡ ਏ. ਸੀ. 'ਚ 40 ਕਿੱਲੋਗ੍ਰਾਮ, ਸਪਲੀਪਰ ਕਲਾਸ 'ਚ 40 ਕਿੱਲੋਗ੍ਰਾਮ ਅਤੇ ਸੈਕਿੰਡ ਕਲਾਸ 'ਚ 35 ਕਿੱਲੋਗ੍ਰਾਮ ਹੈ।

ਰੇਲਵੇ ਪ੍ਰਸ਼ਾਸਨ ਨੇ ਕਿਹਾ ਕਿ ਜੇਕਰ ਕਿਸੇ ਯਾਤਰੀ ਕੋਲ ਨਿਰਧਾਰਿਤ ਸੀਮਾ ਤੋਂ ਜ਼ਿਆਦਾ ਸਮਾਨ ਹੈ ਤਾਂ ਉਹ ਪਰੇਸ਼ਾਨ ਹੋਣ ਦੀ ਬਜਾਏ ਉਸ ਵਾਧੂ ਸਮਾਨ ਨੂੰ ਰੇਲਵੇ ਦੇ 'ਲਗੇਜ ਵੈਨ' (ਪਾਰਸਲ ਵੈਨ) 'ਚ ਬੁੱਕ ਕਰਵਾ ਕੇ ਭੇਜ ਸਕਦੇ ਹਨ। ਅਜਿਹਾ ਨਾ ਕਰਨ 'ਤੇ ਅਤੇ ਚੈਕਿੰਗ ਦੌਰਾਨ ਫੜ੍ਹੇ ਜਾਣ 'ਤੇ ਯਾਤਰੀ ਨੂੰ ਜੁਰਮਾਨੇ ਦਾ ਸਾਹਮਣਾ ਕਰਨਾ ਪਵੇਗਾ। ਉੱਤਰ ਰੇਲਵੇ ਦੇ ਫ਼ਿਰੋਜ਼ਪੁਰ ਮੰਡਲ ਦੇ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਨੇ ਸਮੂਹ ਰੇਲ ਯਾਤਰੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਆਪਣੀ ਯਾਤਰਾ ਦੌਰਾਨ ਤੈਅ ਕੀਤੇ ਗਏ ਨਿਯਮਾਂ ਅਤੇ ਵਜ਼ਨ ਦੀ ਸੀਮਾ ਦੇ ਅੰਦਰ ਹੀ ਸਮਾਨ ਲੈ ਕੇ ਚੱਲਣ।

ਨਿਯਮਾਂ ਅਨੁਸਾਰ ਸਮਾਨ ਲੈ ਕੇ ਚੱਲਣ ਨਾਲ ਨਾ ਸਿਰਫ਼ ਤੁਹਾਡਾ ਆਪਣਾ ਸਫ਼ਰ ਸੁਰੱਖਿਅਤ ਅਤੇ ਸੁਖਾਵਾਂ ਰਹੇਗਾ, ਸਗੋਂ ਰੇਲਗੱਡੀ 'ਚ ਸਫ਼ਰ ਕਰ ਰਹੇ ਹੋਰਨਾਂ ਯਾਤਰੀਆਂ ਨੂੰ ਵੀ ਕਿਸੇ ਕਿਸਮ ਦੀ ਦਿੱਕਤ ਨਹੀਂ ਆਵੇਗੀ। ਰੇਲਵੇ ਹਮੇਸ਼ਾ ਤੁਹਾਡੇ ਸੁਖਦ ਅਤੇ ਸੁਰੱਖਿਅਤ ਸਫ਼ਰ ਦੀ ਕਾਮਨਾ ਕਰਦਾ ਹੈ।

# ਭਾਰਤ ਨੇ ਅਫਗਾਨਿਸਤਾਨ ਨੂੰ ਪਾਰੀ ਤੇ 300 ਦੌੜਾਂ ਨਾਲ ਹਰਾਇਆ




**ਮੁਹਾਲੀ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਮੁੱਲਾਂਪੁਰ ਦੇ ਮਹਾਰਾਜਾ ਯਾਦਵਿੰਦਰ ਸਿੰਘ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਖੇਡੇ ਗਏ ਇਕਲੌਤੇ ਟੈਸਟ ਮੈਚ ਵਿੱਚ ਭਾਰਤ ਨੇ ਅਫਗਾਨਿਸਤਾਨ ਨੂੰ ਇੱਕ ਪਾਰੀ ਅਤੇ 300 ਦੌੜਾਂ ਨਾਲ ਹਰਾਇਆ।

ਭਾਰਤ ਨੇ ਆਪਣੀ ਪਹਿਲੀ ਪਾਰੀ ਅੱਠ ਵਿਕਟਾਂ 'ਤੇ 564 ਦੌੜਾਂ 'ਤੇ ਘੋਸ਼ਿਤ ਕੀਤੀ ਅਤੇ ਤੀਜੇ ਦਿਨ ਅਫਗਾਨਿਸਤਾਨ ਨੂੰ ਉਸ ਦੀ ਪਹਿਲੀ ਪਾਰੀ 'ਚ 152 ਦੌੜਾਂ 'ਤੇ ਆਊਟ ਕਰ ਦਿੱਤਾ। ਇਸ ਨਾਲ ਭਾਰਤ ਨੂੰ 412 ਦੌੜਾਂ ਦੀ ਬੜ੍ਹਤ ਮਿਲੀ, ਜਿਸ ਨਾਲ ਅਫਗਾਨਿਸਤਾਨ ਨੂੰ ਫਾਲੋਆਨ ਕਰਨ ਲਈ ਮਜਬੂਰ ਹੋਣਾ ਪਿਆ। ਅਫਗਾਨਿਸਤਾਨ ਦੀ ਬੱਲੇਬਾਜ਼ੀ ਦੂਜੀ ਪਾਰੀ ਵਿੱਚ ਮਾੜੀ ਸੀ, ਸਿਰਫ 112 ਦੌੜਾਂ ਹੀ ਬਣਾ ਸਕੀ। ਅਫਗਾਨਿਸਤਾਨ ਨੇ ਦੂਜੀ ਪਾਰੀ ਵਿੱਚ ਨੌਂ ਵਿਕਟਾਂ ਗੁਆ ਦਿੱਤੀਆਂ, ਪਰ ਅਸ਼ਰਫ ਬੱਲੇਬਾਜ਼ੀ ਲਈ ਨਹੀਂ ਉਤਰਿਆ।

**ਭਾਰਤ ਬਨਾਮ ਅਫਗਾਨਿਸਤਾਨ**
**ਪਲੇਇੰਗ 11**

ਭਾਰਤ : ਕੇਐਲ ਰਾਹੁਲ, ਯਸ਼ਸਵੀ ਜਾਇਸਵਾਲ, ਸਾਈ ਸੁਦਰਸ਼ਨ, ਸ਼ੁਭਮਨ ਗਿੱਲ (ਕਪਤਾਨ), ਰਿਸ਼ਭ ਪੰਤ (ਵਿਕਟਕੀਪਰ), ਧਰੁਵ ਜੁਰੇਲ, ਵਾਸ਼ਿੰਗਟਨ ਸੁੰਦਰ, ਮਾਨਵ ਸੁਥਾਰ, ਕੁਲਦੀਪ ਯਾਦਵ, ਮੁਹੰਮਦ ਸਿਰਾਜ, ਪ੍ਰਸਿਧ ਕ੍ਰਿਸ਼ਨਾ।

ਅਫਗਾਨਿਸਤਾਨ : ਸਿਦੀਕੁੱਲ ਅਟਲ, ਰਹਿਮਾਨਉੱਲ੍ਹਾ ਗੁਰਬਾਜ਼, ਅਬਦੁਲ ਮਲਿਕ, ਰਹਿਮਤ ਸ਼ਾਹ, ਹਸ਼ਮਤੁੱਲਾ ਸ਼ਾਹਿਦੀ (ਕਪਤਾਨ), ਅਫਸਰ ਜ਼ਜ਼ਈ (ਵਿਕਟਕੀਪਰ), ਅਜ਼ਮਤੁੱਲਾ ਉਮਰਜ਼ਈ, ਸ਼ਰਾਫੂਦੀਨ ਅਸ਼ਰਫ, ਨਗੇਲੀਆ ਖਰੋਤੇ, ਜ਼ਿਆਉਰ ਰਹਿਮਾਨ ਸ਼ਰੀਫੀ, ਮੁਹੰਮਦ ਸਲੀਮ ਸਫੀ।

# ਏਡੀਸੀ ਅਨੁਪ੍ਰਿਤਾ ਜੌਹਲ ਨੇ ਸੁਣੀਆਂ ਕਿਸਾਨਾਂ ਦੀਆਂ ਮੰਗਾਂ



**ਪਟਿਆਲਾ, 8 ਜੂਨ**
**-ਛੱਤਰਪਾਲ ਸਿੰਘ-**

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਦੀ ਅਗਵਾਈ ਹੇਠ ਅੱਜ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨਾਲ ਇੱਕ ਅਹਿਮ ਮੀਟਿੰਗ ਹੋਈ, ਜਿਸ ਦੌਰਾਨ ਕਿਸਾਨਾਂ ਅਤੇ ਆਮ ਲੋਕਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਮੋਰਚੇ ਦੇ ਆਗੂਆਂ ਨੇ ਖਾਦਾਂ ਦੀ ਸਪਲਾਈ, ਨਹਿਰੀ ਪਾਣੀ, ਬਿਜਲੀ ਸਪਲਾਈ, ਸੜਕਾਂ ਦੀ ਮੁਰੰਮਤ, ਅਵਾਰਾ ਪਸ਼ੂਆਂ, ਚੋਰੀਆਂ ਦੀਆਂ ਘਟਨਾਵਾਂ ਅਤੇ ਹੋਰ ਜਨਤਕ ਸਮੱਸਿਆਵਾਂ ਸਬੰਧੀ ਆਪਣੀਆਂ ਮੰਗਾਂ ਪ੍ਰਸ਼ਾਸਨ ਸਾਹਮਣੇ ਰੱਖੀਆਂ। ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਮੀਟਿੰਗ ਦੌਰਾਨ ਆਗੂਆਂ ਵੱਲੋਂ ਪੇਸ਼ ਕੀਤੇ ਗਏ ਹਰ ਮੁੱਦੇ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਨਾ ਹੈ ਅਤੇ ਕਿਸਾਨਾਂ ਸਮੇਤ ਹਰ ਵਰਗ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਵਿਚਾਰਿਆ ਜਾਵੇਗਾ।

ਏਡੀਸੀ ਨੇ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਖੇਤੀਬਾੜੀ, ਬਿਜਲੀ, ਸਿੰਚਾਈ, ਪੇਂਡੂ ਵਿਕਾਸ ਅਤੇ ਨਗਰ ਨਿਗਮ ਨਾਲ ਸਬੰਧਤ ਮੁੱਦਿਆਂ ਦੀ ਤੁਰੰਤ ਜਾਂਚ ਕਰਕੇ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਖ਼ਾਸ ਤੌਰ 'ਤੇ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜਿੱਥੇ ਵੀ ਸਮੱਸਿਆਵਾਂ ਹਨ, ਉਨ੍ਹਾਂ ਦੇ ਹੱਲ ਲਈ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ।

ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਬਰਸਾਤੀ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਨਾਲਿਆਂ ਅਤੇ ਡਰੇਨਾਂ ਦੀ ਸਫ਼ਾਈ, ਬਿਜਲੀ ਢਾਂਚੇ ਦੀ ਮਜ਼ਬੂਤੀ ਅਤੇ ਪੇਂਡੂ ਖੇਤਰਾਂ ਵਿੱਚ ਜਨਤਕ ਸਹੂਲਤਾਂ ਦੀ ਬਿਹਤਰੀ ਲਈ ਪ੍ਰਸ਼ਾਸਨ ਪਹਿਲਾਂ ਹੀ ਯਤਨਸ਼ੀਲ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਨਿਰਧਾਰਿਤ ਸਮੇਂ ਅੰਦਰ ਕੀਤਾ ਜਾਵੇ। ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਪ੍ਰਸ਼ਾਸਨ ਵੱਲੋਂ ਮੁੱਦਿਆਂ ਨੂੰ ਧਿਆਨ ਨਾਲ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਸਕਾਰਾਤਮਕ ਰਵੱਈਆ ਅਪਣਾਉਣ ਦੀ ਸ਼ਲਾਘਾ ਕੀਤੀ। ਏਡੀਸੀ ਨੇ ਭਰੋਸਾ ਦਿੱਤਾ ਕਿ ਕਿਸਾਨਾਂ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪ੍ਰਸ਼ਾਸਨ ਹਰ ਸੰਭਵ ਕਦਮ ਚੁੱਕੇਗਾ ਅਤੇ ਸਬੰਧਤ ਵਿਭਾਗਾਂ ਰਾਹੀਂ ਮਸਲਿਆਂ ਦਾ ਜਲਦ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।

ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਿਸਾਨ ਆਗੂ ਮੌਜੂਦ ਸਨ।

# 'ਵਾਰਿਸ ਪੰਜਾਬ ਦੇ' ਜਥੇਬੰਦੀ 'ਚ ਸ਼ਾਮਲ ਹੋਣਗੇ ਮਨਪ੍ਰੀਤ ਈਯਾਲੀ

**ਚੰਡੀਗੜ੍ਹ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡਾ ਫੇਰਬਦਲ ਹੋਣ ਜਾ ਰਿਹਾ ਹੈ। ਹਲਕਾ ਦਾਖਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਰਸਮੀ ਤੌਰ 'ਤੇ ਅੰਮ੍ਰਿਤਪਾਲ ਸਿੰਘ ਦੀ ਜਥੇਬੰਦੀ 'ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣਗੇ। ਇਸ ਸਮਾਗਮ ਦੀ ਪ੍ਰਧਾਨਗੀ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਕਰਨਗੇ। ਪੱਤਰਕਾਰਾਂ ਗੱਲਬਾਤ ਕਰਦਿਆਂ ਇਆਲੀ ਨੇ ਖ਼ੁਦ ਇਸ ਖ਼ਬਰ ਦੀ ਪੁਸ਼ਟੀ ਕੀਤੀ ਹੈ। ਉਹ ਪਿਛਲੇ ਕਈ ਮਹੀਨਿਆਂ ਤੋਂ ਇਸ ਜਥੇਬੰਦੀ ਨਾਲ ਜੁੜੇ ਹੋਏ ਸਨ ਅਤੇ ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਚੋਣਾਂ ਵਿੱਚ ਉਨ੍ਹਾਂ ਦੇ ਸਮਰਥਕਾਂ ਨੇ ਅੰਮ੍ਰਿਤਪਾਲ ਸਿੰਘ ਦੀਆਂ ਤਸਵੀਰਾਂ ਲਗਾ ਕੇ ਚੋਣ ਪ੍ਰਚਾਰ ਵੀ ਕੀਤਾ ਸੀ। ਇਆਲੀ ਨੇ ਦਾਅਵਾ ਕੀਤਾ ਕਿ ਆਉਣ ਵਾਲੇ 5-6 ਮਹੀਨਿਆਂ ਵਿੱਚ ਕਈ ਵੱਡੇ ਸਿਆਸੀ ਆਗੂ ਅਤੇ ਨਾਮਵਰ ਹਸਤੀਆਂ ਇਸ ਜਥੇਬੰਦੀ ਵਿੱਚ ਸ਼ਾਮਲ ਹੋਣਗੀਆਂ ਅਤੇ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਇਸ ਦਾ ਮਜ਼ਬੂਤ ਆਧਾਰ ਦੇਖਣ ਨੂੰ ਮਿਲੇਗਾ।

# ਅੰਮ੍ਰਿਤਸਰ 'ਚ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਨਾਕਾਮ, ਅਫਗਾਨ ਨਾਗਰਿਕ ਸਮੇਤ 4 ਗ੍ਰਿਫ਼ਤਾਰ

**ਅੰਮ੍ਰਿਤਸਰ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕਰਕੇ ਚਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਵਿੱਚ ਇੱਕ ਅਫਗਾਨ ਨਾਗਰਿਕ ਸ਼ਾਮਲ ਹੈ, ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਦੀ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਟਵੀਟ ਕਰਕੇ ਸਾਂਝੀ ਕੀਤੀ ਹੈ। ਡੀ. ਜੀ. ਪੀ. ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਕੋਲੋਂ 8 ਅਤਿ-ਆਧੁਨਿਕ ਪਿਸਤੌਲ ਤੇ 7 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਦੇਸ਼ ਵਿੱਚ ਬੈਠੇ ਇੱਕ ਤਸਕਰ ਦੇ ਸੰਪਰਕ ਵਿੱਚ ਸਨ, ਜੋ ਕਿ ਲੁਕਵੇਂ ਸਥਾਨਾਂ ਰਾਹੀਂ ਨਾਜਾਇਜ਼ ਹਥਿਆਰਾਂ ਦੀ ਖੇਪ ਭੇਜਦਾ ਸੀ। ਬਰਾਮਦ ਕੀਤੇ ਗਏ ਹਥਿਆਰ ਅੱਗੇ ਵੰਡਣ ਲਈ ਅਪਰਾਧਿਕ ਤੱਤਾਂ ਤੱਕ ਪਹੁੰਚਾਏ ਜਾਣੇ ਸਨ। ਪੁਲਸ ਥਾਣਾ ਇਸਲਾਮਾਬਾਦ ਅਤੇ ਪੁਲਸ ਥਾਣਾ ਗੇਟ ਹਕੀਮਾ, ਅੰਮ੍ਰਿਤਸਰ ਵਿਖੇ ਐਫ.ਆਈ.ਆਰ. ਦਰਜ ਕੀਤੀ ਗਈ ਹੈ।

ਡੀ.ਜੀ. ਪੀ. ਨੇ ਦੱਸਿਆ ਵਿਦੇਸ਼ੀ-ਅਧਾਰਤ ਨੈੱਟਵਰਕ ਨਾਲ ਜੁੜੇ ਹੋਰ ਸਹਿਯੋਗੀਆਂ ਦੀ ਪਛਾਣ ਕਰਨ ਅਤੇ ਹੋਰ ਬਰਾਮਦਗੀਆਂ ਅਤੇ ਗ੍ਰਿਫਤਾਰੀਆਂ ਦਾ ਪਤਾ ਲਗਾਉਣ ਲਈ ਅੱਗੇ ਦੀ ਜਾਂਚ ਜਾਰੀ ਹੈ। ਪੰਜਾਬ ਪੁਲਸ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ, ਹਵਾਲਾ ਕਾਰਜਾਂ ਅਤੇ ਸੰਗਠਿਤ ਅਪਰਾਧ ਵਿਰੁੱਧ ਜ਼ੀਰੋ-ਸਹਿਣਸ਼ੀਲਤਾ ਨੀਤੀ ਪ੍ਰਤੀ ਦ੍ਰਿੜਤਾ ਨਾਲ ਵਚਨਬੱਧ ਹੈ।



## ਸੰਪਾਦਕੀ

### ਹਰ ਮੋਬਾਈਲ ਫੋਨ ਇੱਕ 'ਵਰਚੁਅਲ ਜੂਆਖਾਨਾ'

ਸੁਪਰੀਮ ਕੋਰਟ ਦੀ ਇਹ ਤਲਖ਼ ਟਿੱਪਣੀ ਕਿ 'ਅੱਜ ਹਰ ਮੋਬਾਈਲ ਫੋਨ ਇੱਕ 'ਵਰਚੁਅਲ ਜੂਆਖਾਨਾ' ਬਣ ਚੁੱਕਾ ਹੈ', ਭਾਰਤ ਵਿੱਚ ਔਨਲਾਈਨ ਸੱਟੇਬਾਜ਼ੀ ਅਤੇ ਗੇਮਿੰਗ ਦੀ ਲਤ ਦੇ ਵਧ ਰਹੇ ਕੋਹੜ ਵੱਲ ਇੱਕ ਵੱਡਾ ਇਸ਼ਾਰਾ ਹੈ। ਤਾਮਿਲਨਾਡੂ ਅਤੇ ਕਰਨਾਟਕ ਵਰਗੇ ਸੂਬਿਆਂ ਵੱਲੋਂ ਔਨਲਾਈਨ ਜੂਏ ਤੇ ਸੱਟੇਬਾਜ਼ੀ 'ਤੇ ਲਾਈ ਪਾਬੰਦੀ ਦੇ ਕਾਨੂੰਨਾਂ ਨੂੰ ਸਹੀ ਠਹਿਰਾਉਂਦਿਆਂ ਸੁਪਰੀਮ ਕੋਰਟ ਨੇ ਇੱਕ ਤਲਖ਼ ਸਚਾਈ ਸਾਹਮਣੇ ਲਿਆਂਦੀ ਹੈ। ਉਹ ਸਚਾਈ ਇਹ ਹੈ ਕਿ ਜਿਸ ਖੇਡ ਨੂੰ ਕਦੇ ਮਨੋਰੰਜਨ ਦਾ ਸਾਧਨ ਮੰਨਿਆ ਜਾਂਦਾ ਸੀ, ਉਹ ਹੁਣ ਇੱਕ ਗੰਭੀਰ ਸਮਾਜਿਕ ਬਿਮਾਰੀ ਅਤੇ ਸਿਹਤ ਸੰਕਟ ਦਾ ਰੂਪ ਧਾਰਨ ਕਰ ਚੁੱਕੀ ਹੈ। ਸਮਾਰਟਫੋਨਾਂ ਦਾ ਹੜ੍ਹ, ਡਿਜੀਟਲ ਪੇਮੈਂਟਾਂ (ਔਨਲਾਈਨ ਲੈਣ-ਦੇਣ) ਦੀ ਸੌਖ ਅਤੇ ਲੁਭਾਉਣੇ ਇਸ਼ਤਿਹਾਰਾਂ ਦੇ ਸਿਰ 'ਤੇ ਔਨਲਾਈਨ ਗੇਮਿੰਗ ਕੰਪਨੀਆਂ ਦਾ ਜਾਲ ਬਹੁਤ ਤੇਜ਼ੀ ਨਾਲ ਫੈਲਿਆ ਹੈ। ਇਸ ਨੇ ਕਰੋੜਾਂ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਅਤੇ ਗ਼ਰੀਬ ਤਬਕੇ ਵਿੱਚ ਜੂਏ ਦੀ ਆਦਤ ਨੂੰ ਇੱਕ ਆਮ ਜਿਹੀ ਗੱਲ ਬਣਾ ਦਿੱਤਾ ਹੈ। ਅੰਕੜਿਆਂ 'ਤੇ ਨਜ਼ਰ ਮਾਰੀਏ ਤਾਂ ਭਾਰਤ ਦੀ ਗੇਮਿੰਗ ਮਾਰਕੀਟ ਸਾਲ 2024 ਵਿੱਚ 3.7 ਅਰਬ ਡਾਲਰ (ਲਗਪਗ 31 ਹਜ਼ਾਰ ਕਰੋੜ ਰੁਪਏ) ਸੀ, ਜਿਸ ਦੇ 2029 ਤੱਕ ਵਧ ਕੇ 9.1 ਅਰਬ ਡਾਲਰ (ਲਗਪਗ 75 ਹਜ਼ਾਰ ਕਰੋੜ ਰੁਪਏ) ਤੱਕ ਪਹੁੰਚਣ ਦਾ ਅੰਦਾਜ਼ਾ ਹੈ।

ਅਦਾਲਤ ਨੇ ਬਿਲਕੁਲ ਸਹੀ ਪਛਾਣ ਕੀਤੀ ਹੈ ਕਿ ਅਜਿਹੀਆਂ ਖੇਡਾਂ ਵੱਲ ਖਿੱਚੇ ਜਾਣ ਵਾਲੇ ਬਹੁਤੇ ਲੋਕ ਪੇਂਡੂ ਇਲਾਕਿਆਂ ਅਤੇ ਗ਼ਰੀਬ ਪਰਿਵਾਰਾਂ ਨਾਲ ਸਬੰਧ ਰੱਖਦੇ ਹਨ, ਜਿੱਥੇ ਰਾਤੋ-ਰਾਤ ਅਮੀਰ ਹੋਣ ਦੇ ਸੁਪਨੇ ਆਰਥਿਕ ਜੋਖ਼ਮਾਂ ਦੇ ਡਰ 'ਤੇ ਹਾਵੀ ਹੋ ਜਾਂਦੇ ਹਨ। ਝਟਪਟ ਪੈਸਾ ਕਮਾਉਣ ਦਾ ਇਹ ਲਾਲਚ ਲੋਕਾਂ ਨੂੰ ਅਜਿਹੇ ਚੱਕਰਵਿਊਹ ਵਿੱਚ ਫਸਾ ਲੈਂਦਾ ਹੈ ਜਿੱਥੋਂ ਨਿਕਲਣਾ ਮੁਸ਼ਕਿਲ ਹੋ ਜਾਂਦਾ ਹੈ, ਜਿਸ ਕਾਰਨ ਉਹ ਲਤ, ਕਰਜ਼ੇ ਅਤੇ ਮਾਨਸਿਕ ਤਣਾਅ ਦੇ ਸ਼ਿਕਾਰ ਹੋ ਜਾਂਦੇ ਹਨ। ਔਨਲਾਈਨ ਗੇਮਿੰਗ ਦੀ ਇਹ ਲਤ ਅੱਜਕੱਲ੍ਹ ਵਧ ਰਹੀ ਨਿਰਾਸ਼ਾ (ਡਿਪਰੈਸ਼ਨ) ਅਤੇ ਖ਼ੁਦਕੁਸ਼ੀਆਂ ਦਾ ਵੀ ਵੱਡਾ ਕਾਰਨ ਬਣ ਰਹੀ ਹੈ। ਹੁਣ ਤਾਂ ਵਿਸ਼ਵ ਸਿਹਤ ਸੰਗਠਨ ਨੇ ਵੀ ਗੇਮਿੰਗ ਡਿਸਆਰਡਰ ਨੂੰ ਬਿਮਾਰੀਆਂ ਦੀ ਕੌਮਾਂਤਰੀ ਸੂਚੀ ਵਿੱਚ ਇੱਕ ਬਿਮਾਰੀ ਵਜੋਂ ਮਾਨਤਾ ਦਿੱਤੀ ਹੈ। ਜੂਏ ਦੇ ਰਵਾਇਤੀ ਅੱਡਿਆਂ ਦੇ ਉਲਟ ਇਹ ਡਿਜੀਟਲ ਸੱਟੇਬਾਜ਼ੀ ਪਲੈਟਫਾਰਮ ਘਰਾਂ ਅੰਦਰ ਬੜੀ ਖ਼ਾਮੋਸ਼ੀ ਨਾਲ ਪੈਰ ਪਸਾਰ ਰਹੇ ਹਨ, ਜੋ ਮੋਬਾਈਲ ਫੋਨਾਂ ਰਾਹੀਂ 24 ਘੰਟੇ ਉਪਲਬਧ ਹਨ। ਇਸ ਨੇ ਮਨੋਰੰਜਨ ਅਤੇ ਸ਼ੋਸ਼ਣ ਵਿਚਕਾਰਲੀ ਬਾਰੀਕ ਲਕੀਰ ਨੂੰ ਮਿਟਾ ਦਿੱਤਾ ਹੈ। ਐੱਨ ਸੀ ਆਰ ਖੇਤਰ ਵਿੱਚ ਪੁਲੀਸ ਵੱਲੋਂ ਕੀਤੀ ਗਈ ਸਖ਼ਤੀ ਤੋਂ ਇਹ ਖ਼ੁਲਾਸਾ ਹੋਇਆ ਹੈ ਕਿ ਔਨਲਾਈਨ ਸੱਟੇਬਾਜ਼ੀ ਦੇ ਇਹ ਨੈੱਟਵਰਕ ਸਾਈਬਰ ਠੱਗੀਆਂ, ਜਾਅਲੀ ਲੈਣ-ਦੇਣ ਅਤੇ ਸੰਗਠਿਤ ਅਪਰਾਧਾਂ ਨਾਲ ਅੰਦਰਖਾਤੇ ਜੁੜੇ ਹੋਏ ਹਨ। ਅਜਿਹੀਆਂ ਗ਼ੈਰ-ਕਾਨੂੰਨੀ ਗਤੀਵਿਧੀਆਂ ਡਿਜੀਟਲ ਅਰਥਚਾਰੇ ਵਿੱਚ ਲੋਕਾਂ ਦੇ ਭਰੋਸੇ ਨੂੰ ਵੱਡੀ ਢਾਹ ਲਾਉਂਦੀਆਂ ਹਨ।

ਤਕਨਾਲੋਜੀ ਦਾ ਮਕਸਦ ਸਮਾਜ ਨੂੰ ਸਮਰੱਥ ਬਣਾਉਣਾ ਹੋਣਾ ਚਾਹੀਦਾ ਹੈ, ਨਾ ਕਿ ਇਨਸਾਨੀ ਕਮਜ਼ੋਰੀਆਂ ਦਾ ਨਾਜਾਇਜ਼ ਫ਼ਾਇਦਾ ਚੁੱਕਣਾ। ਭਾਵੇਂ ਨਵੀਆਂ ਕਾਢਾਂ ਅਤੇ ਡਿਜੀਟਲ ਮਨੋਰੰਜਨ ਦੇ ਇਸ ਦੌਰ ਨੂੰ ਰੋਕਿਆ ਨਹੀਂ ਜਾ ਸਕਦਾ, ਪਰ ਇਸ ਲਈ ਸਖ਼ਤ ਨਿਯਮਾਂ, ਮਜ਼ਬੂਤ ਸਾਈਬਰ ਪਹਿਰੇਦਾਰੀ ਅਤੇ ਜਨਤਕ ਜਾਗਰੂਕਤਾ ਦੀ ਸਭ ਤੋਂ ਵੱਧ ਲੋੜ ਹੈ। ਇਸ ਤੋਂ ਪਹਿਲਾਂ ਕਿ ਔਨਲਾਈਨ ਗੇਮਿੰਗ ਦੀ ਲਤ ਦੇਸ਼ ਲਈ ਇੱਕ ਹੋਰ ਡੂੰਘਾ ਅਤੇ ਲਾਇਲਾਜ ਸੰਕਟ ਬਣ ਜਾਵੇ, ਸੁਪਰੀਮ ਕੋਰਟ ਦੀ ਇਸ ਚਿਤਾਵਨੀ ਨੂੰ 'ਖ਼ਤਰੇ ਦੀ ਘੰਟੀ' ਵਜੋਂ ਦੇਖਿਆ ਜਾਣਾ ਚਾਹੀਦਾ ਹੈ।

-ਚੌਧਰੀ ਛੱਤਰਪਾਲ ਸਿੰਘ

# ਪੰਜਾਬ ਦੇ ਮਿੱਟੀ, ਪਾਣੀ ਅਤੇ ਖ਼ੁਰਾਕ ਦੀ ਸੰਭਾਲ

**ਪ੍ਰੋਫੈਸਰ ਜਗਰੂਪ ਕੌਰ**

ਗੁਰਬਾਣੀ ਦਾ ਮਹਾਨ ਸੰਦੇਸ਼ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਸਾਨੂੰ ਕੁਦਰਤ ਪ੍ਰਤੀ ਸਤਿਕਾਰ ਅਤੇ ਸਾਂਝ ਦਾ ਮਾਰਗ ਦਿਖਾਉਂਦਾ ਹੈ, ਪਰ ਅੱਜ ਦੇ ਪੰਜਾਬ ਦੀ ਤਸਵੀਰ ਇਸ ਫਲਸਫ਼ੇ ਤੋਂ ਕੋਹਾਂ ਦੂਰ ਜਾ ਚੁੱਕੀ ਹੈ। ਖੇਤੀ ਪ੍ਰਧਾਨ ਸੂਬਾ ਹੋਣ ਦੇ ਨਾਤੇ ਪੰਜਾਬ ਦੀ ਲਗਭਗ 60 ਫ਼ੀਸਦੀ ਤੋਂ ਵੱਧ ਅਬਾਦੀ ਸਿੱਧੇ ਜਾਂ ਅਸਿੱਧੇ ਤੌਰ 'ਤੇ ਖੇਤੀਬਾੜੀ ਉੱਤੇ ਨਿਰਭਰ ਹੈ। ਇਸ ਲਈ ਇੱਥੇ ਕਿਸਾਨੀ ਦਾ ਸੰਕਟ ਸਿਰਫ਼ ਇੱਕ ਵਰਗ ਦਾ ਸੰਕਟ ਨਹੀਂ, ਸਗੋਂ ਹਰ ਉਸ ਥਾਲੀ ਦਾ ਸੰਕਟ ਹੈ ਜਿਸ ਤੱਕ ਕਿਸਾਨ ਦੀ ਮਿਹਨਤ ਸਦਕਾ ਅੰਨ ਪਹੁੰਚਦਾ ਹੈ। 1960ਵਿਆਂ ਦੀ ਹਰੀ ਕ੍ਰਾਂਤੀ ਨੇ ਬੇਸ਼ੱਕ ਦੇਸ਼ ਦਾ ਢਿੱਡ ਭਰਿਆ, ਪਰ ਇਸ ਨੇ ਸਾਡੀ 'ਮਾਤਾ ਧਰਤਿ' ਨੂੰ ਰਸਾਇਣਾਂ ਨਾਲ ਜ਼ਹਿਰੀਲਾ ਬਣਾ ਦਿੱਤਾ ਅਤੇ 'ਪਾਣੀ ਪਿਤਾ' ਨੂੰ ਪਾਤਾਲ ਵੱਲ ਧੱਕਣ ਦੇ ਨਾਲ-ਨਾਲ ਦੂਸ਼ਿਤ ਵੀ ਕਰ ਦਿੱਤਾ। ਆਪਣੀ ਪੁਰਾਤਨ ਸਿਆਣਪ ਅਤੇ ਕੁਦਰਤੀ ਸੰਤੁਲਨ ਨੂੰ ਵਿਸਾਰ ਕੇ ਅਸੀਂ ਮੰਡੀ ਦੀ ਗ਼ੁਲਾਮੀ ਦੇ ਉਸ ਕੁਚੱਕਰ ਵਿੱਚ ਫਸ ਗਏ ਹਾਂ, ਜਿੱਥੇ ਲਾਗਤਾਂ ਦੇ ਵਾਧੇ ਨੇ ਅੰਨਦਾਤੇ ਨੂੰ ਕਰਜ਼ੇ ਅਤੇ ਖ਼ੁਦਕੁਸ਼ੀਆਂ ਦੇ ਰਾਹ ਪਾ ਦਿੱਤਾ ਹੈ। ਅਜਿਹੀ ਸਥਿਤੀ ਵਿੱਚ ਜੈਵਿਕ ਖੇਤੀ ਵੱਲ ਮੋੜਾ ਕੱਟਣਾ ਮਹਿਜ਼ ਇੱਕ ਤਕਨੀਕੀ ਤਬਦੀਲੀ ਨਹੀਂ, ਸਗੋਂ ਪੰਜਾਬ ਦੀ ਰੂਹਾਨੀ ਵਿਰਾਸਤ, ਆਰਥਿਕਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੀ ਹੋਂਦ ਨੂੰ ਬਚਾਉਣ ਲਈ ਲਿਆ ਗਿਆ ਇੱਕ ਲਾਜ਼ਮੀ ਨੀਤੀਗਤ ਫ਼ੈਸਲਾ ਹੈ।

ਮਿੱਟੀ ਦੀ ਸਿਹਤ ਵਿੱਚ ਆ ਰਹੀ ਲਗਾਤਾਰ ਗਿਰਾਵਟ ਪੰਜਾਬ ਦੇ ਖੇਤੀ ਸੰਕਟ ਦੀ ਜੜ੍ਹ ਹੈ। ਖੇਤੀ ਵਿਗਿਆਨ ਅਨੁਸਾਰ ਉਪਜਾਊ ਮਿੱਟੀ ਵਿੱਚ ਜੈਵਿਕ ਅੰਸ਼ (ਮਾਦਾ) ਘੱਟੋ-ਘੱਟ ਇੱਕ ਫ਼ੀਸਦ ਹੋਣਾ ਚਾਹੀਦਾ ਹੈ, ਪਰ ਪੰਜਾਬ ਦੇ ਜ਼ਿਆਦਾਤਰ ਖੇਤਰਾਂ ਵਿੱਚ ਇਹ ਅੰਕੜਾ ਚਿੰਤਾਜਨਕ ਹੱਦ ਤੱਕ, ਯਾਨੀ 0.3 ਫ਼ੀਸਦੀ ਤੋਂ ਵੀ ਹੇਠਾਂ ਡਿੱਗ ਚੁੱਕਾ ਹੈ। ਰਸਾਇਣਕ ਖਾਦਾਂ ਦੀ ਅੰਨ੍ਹੇਵਾਹ ਵਰਤੋਂ ਨੇ ਮਿੱਟੀ ਦੇ ਕੁਦਰਤੀ ਜੀਵ-ਚੱਕਰ ਨੂੰ ਲਗਪਗ ਤਬਾਹ ਕਰ ਦਿੱਤਾ ਹੈ। ਮਿੱਟੀ ਵਿੱਚ ਮੌਜੂਦ ਉਹ ਸੂਖ਼ਮ ਜੀਵ, ਜੋ ਕੁਦਰਤੀ ਤੌਰ 'ਤੇ ਜ਼ਮੀਨ ਨੂੰ ਉਪਜਾਊ ਬਣਾਉਂਦੇ ਸਨ, ਹੁਣ ਰਸਾਇਣਾਂ ਦੀ ਭੇਟ ਚੜ੍ਹ ਚੁੱਕੇ ਹਨ। ਨਤੀਜੇ ਵਜੋਂ ਝਾੜ ਨੂੰ ਬਰਕਰਾਰ ਰੱਖਣ ਲਈ ਕਿਸਾਨ ਨੂੰ ਹਰ ਸਾਲ ਵਧੇਰੇ ਮਾਤਰਾ ਵਿੱਚ ਨਾਈਟ੍ਰੋਜਨ ਅਤੇ ਫਾਸਫੋਰਸ ਵਰਗੀਆਂ ਰਸਾਇਣਕ ਖਾਦਾਂ ਦੀ ਵਰਤੋਂ ਕਰਨੀ ਪੈਂਦੀ ਹੈ। ਇਸ ਚੱਕਰ ਨੂੰ ਤੋੜਨ ਦਾ ਇੱਕੋ-ਇੱਕ ਵਿਗਿਆਨਕ ਰਾਹ ਜੈਵਿਕ ਖੇਤੀ ਹੈ। ਜਦੋਂ ਅਸੀਂ ਖੇਤ ਵਿੱਚ ਰੂੜੀ ਦੀ ਖਾਦ, ਹਰੀ ਖਾਦ ਜਾਂ ਜੀਵਾਮ੍ਰਿਤ ਦੀ ਵਰਤੋਂ ਕਰਦੇ ਹਾਂ ਤਾਂ ਅਸੀਂ ਮਿੱਟੀ ਦੀ ਜੈਵਿਕ ਸੰਰਚਨਾ ਨੂੰ ਸੁਰਜੀਤ ਕਰਦੇ ਹਾਂ। ਤੱਥ ਦੱਸਦੇ ਹਨ ਕਿ ਜੈਵਿਕ ਮਾਦੇ ਵਿੱਚ ਇੱਕ ਫ਼ੀਸਦੀ ਵਾਧਾ ਹੋਣ ਨਾਲ ਮਿੱਟੀ ਦੀ ਪਾਣੀ ਸੋਖਣ ਦੀ ਸਮਰੱਥਾ ਪ੍ਰਤੀ ਏਕੜ ਹਜ਼ਾਰਾਂ ਲਿਟਰ ਵਧ ਜਾਂਦੀ ਹੈ, ਜੋ ਪੰਜਾਬ ਦੇ ਉਨ੍ਹਾਂ 117 'ਡਾਰਕ ਜ਼ੋਨ' ਬਲਾਕਾਂ ਲਈ ਬਹੁਤ ਜ਼ਰੂਰੀ ਹੈ ਜਿੱਥੇ ਪਾਣੀ ਦਾ ਪੱਧਰ ਖ਼ਤਰਨਾਕ ਹੱਦ ਤੱਕ ਹੇਠਾਂ ਜਾ ਚੁੱਕਾ ਹੈ।

ਜਿੱਥੋਂ ਤੱਕ ਪੰਜਾਬ ਵਿੱਚ ਵਧ ਰਹੀਆਂ ਭਿਆਨਕ ਬਿਮਾਰੀਆਂ ਦਾ ਸਵਾਲ ਹੈ, ਇਹ ਸੱਚ ਹੈ ਕਿ ਇਸ ਦੇ ਕਈ ਹੋਰ ਸਮਾਜਿਕ ਅਤੇ ਉਦਯੋਗਿਕ ਪਹਿਲੂ ਵੀ ਹੋ ਸਕਦੇ ਹਨ ਅਤੇ ਸਿਰਫ਼ ਖੇਤੀਬਾੜੀ ਨੂੰ ਹੀ ਇਸ ਦਾ ਮੁੱਖ ਕਾਰਨ ਮੰਨ ਲੈਣਾ ਸ਼ਾਇਦ ਪੂਰਾ ਸੱਚ ਨਾ ਹੋਵੇ, ਪਰ ਅਸੀਂ ਇਸ ਹਕੀਕਤ ਨੂੰ ਵੀ ਅੱਖੋਂ ਓਹਲੇ ਨਹੀਂ ਕਰ ਸਕਦੇ ਕਿ ਰਸਾਇਣਕ ਖੇਤੀ ਦੇ ਲੰਮੇ ਦੌਰ ਨੇ ਸਾਡੀ ਮਿੱਟੀ ਅਤੇ ਪਾਣੀ ਦੀ ਕੁਦਰਤੀ ਬਣਤਰ ਨੂੰ ਬੁਰੀ ਤਰ੍ਹਾਂ ਵਿਗਾੜ ਦਿੱਤਾ ਹੈ। ਅਨੇਕਾਂ ਖੋਜਾਂ ਇਹ ਤਸਦੀਕ ਕਰਦੀਆਂ ਹਨ ਕਿ ਧਰਤੀ ਹੇਠਲੇ ਪਾਣੀ ਵਿੱਚ ਯੂਰੇਨੀਅਮ, ਫਲੋਰਾਈਡ ਅਤੇ ਆਰਸੈਨਿਕ ਵਰਗੀਆਂ ਭਾਰੀ ਧਾਤਾਂ ਦੀ ਮਾਤਰਾ ਤੈਅ ਸੀਮਾ ਤੋਂ ਕਈ ਗੁਣਾ ਵਧ ਚੁੱਕੀ ਹੈ। ਜਦੋਂ ਰਸਾਇਣਕ ਖਾਦਾਂ ਅਤੇ ਕੀਟਨਾਸ਼ਕ ਮਿੱਟੀ ਰਾਹੀਂ ਰਿਸ ਕੇ ਹੇਠਲੇ ਪਾਣੀ ਦੇ ਸੋਮਿਆਂ ਤੱਕ ਪਹੁੰਚਦੇ ਹਨ ਤਾਂ ਇਹ ਪਾਣੀ ਨੂੰ ਅਜਿਹੇ 'ਜ਼ਹਿਰ' ਵਿੱਚ ਬਦਲ ਦਿੰਦੇ ਹਨ, ਜੋ ਹੌਲੀ-ਹੌਲੀ ਮਨੁੱਖ ਨੂੰ ਮੌਤ ਦੇ ਕੰਢੇ ਲੈ ਜਾਂਦਾ ਹੈ। ਇਹ ਭਾਰੀ ਧਾਤਾਂ ਨਾ ਸਿਰਫ਼ ਕੈਂਸਰ ਵਰਗੀਆਂ ਬਿਮਾਰੀਆਂ ਨੂੰ ਜਨਮ ਦਿੰਦੀਆਂ ਹਨ, ਸਗੋਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਨੂੰ ਵੀ ਪ੍ਰਭਾਵਿਤ ਕਰ ਰਹੀਆਂ ਹਨ। ਜਦੋਂ ਅਸੀਂ ਜੈਵਿਕ ਖੇਤੀ ਦੀ ਗੱਲ ਕਰਦੇ ਹਾਂ ਤਾਂ ਸਾਡਾ ਮੁੱਖ ਮਕਸਦ ਸਿਰਫ਼ ਫ਼ਸਲ ਉਗਾਉਣਾ ਨਹੀਂ, ਸਗੋਂ ਸਾਡੀ ਖ਼ੁਰਾਕੀ ਲੜੀ ਵਿੱਚੋਂ ਇਨ੍ਹਾਂ ਜ਼ਹਿਰੀਲੇ ਤੱਤਾਂ ਨੂੰ ਬਾਹਰ ਕੱਢਣਾ ਹੈ। ਇਸ ਦਿਸ਼ਾ ਵਿੱਚ ਪੰਜਾਬ ਐਗਰੀਕਲਚਰ ਯੂਨੀਵਰਸਿਟੀ (ਪੀ ਏ ਯੂ) ਦੀ ਭੂਮਿਕਾ ਨੂੰ ਮੁੜ-ਪਰਿਭਾਸ਼ਿਤ ਕਰਨ ਦੀ ਲੋੜ ਹੈ। ਯੂਨੀਵਰਸਿਟੀ ਨੂੰ ਸਿਰਫ਼ ਵੱਡੀਆਂ ਬੀਜ ਅਤੇ ਖਾਦ ਕੰਪਨੀਆਂ ਦੇ ਵਪਾਰਕ ਏਜੰਡੇ ਤੋਂ ਬਾਹਰ ਆ ਕੇ ਜ਼ਮੀਨੀ ਪੱਧਰ 'ਤੇ ਕਿਸਾਨਾਂ ਨਾਲ ਜੁੜਨਾ ਪਵੇਗਾ। ਸਭ ਤੋਂ ਪਹਿਲਾਂ ਹਰ ਜ਼ਿਲ੍ਹੇ ਅਤੇ ਬਲਾਕ ਦੀ ਮਿੱਟੀ ਦੀ ਵਿਸ਼ੇਸ਼ ਪਰਖ ਕਰਕੇ ਉੱਥੋਂ ਦੇ ਵਾਤਾਵਰਨ ਅਨੁਸਾਰ ਢੁਕਵੀਆਂ ਜੈਵਿਕ ਫ਼ਸਲਾਂ ਦਾ ਮਾਡਲ ਤਿਆਰ ਕੀਤਾ ਜਾਣਾ ਚਾਹੀਦਾ ਹੈ। ਯੂਨੀਵਰਸਿਟੀ ਨੂੰ ਆਪਣੀਆਂ ਖੋਜਾਂ ਨੂੰ ਖੇਤਾਂ ਤੱਕ ਲਿਜਾਣ ਲਈ ਪਿੰਡ ਪੱਧਰੀ ਸੈਮੀਨਾਰਾਂ ਦੀ ਲੜੀ ਸ਼ੁਰੂ ਕਰਨੀ ਚਾਹੀਦੀ ਹੈ। ਇਹ ਸੈਮੀਨਾਰ ਮਹਿਜ਼ ਕਾਗਜ਼ੀ ਕਾਰਵਾਈ ਨਾ ਹੋਣ ਸਗੋਂ ਇਨ੍ਹਾਂ ਵਿੱਚ ਕਿਸਾਨਾਂ ਨੂੰ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇ ਕਿ ਕਿਵੇਂ ਦੇਸੀ ਪਸ਼ੂਆਂ ਦੇ ਮੂਤਰ ਅਤੇ ਗੋਹੇ ਤੋਂ ਜੀਵਾਮ੍ਰਿਤ ਤਿਆਰ ਕਰਕੇ ਲਾਗਤ ਨੂੰ ਸਿਫ਼ਰ 'ਤੇ ਲਿਆਂਦਾ ਜਾ ਸਕਦਾ ਹੈ। ਜਦੋਂ ਵਿਗਿਆਨ ਅਤੇ ਕਿਸਾਨੀ ਤਜਰਬਾ ਖੇਤ ਵਿੱਚ ਮਿਲਣਗੇ ਤਾਂ ਸਾਰਥਿਕ ਨਤੀਜੇ ਨਿਕਲਣਗੇ।

ਆਰਥਿਕ ਪੱਖੋਂ ਜੈਵਿਕ ਖੇਤੀ ਦੀ ਕਾਮਯਾਬੀ ਦਾ ਇੱਕ ਵੱਡਾ ਆਧਾਰ 'ਬੀਜਾਂ ਦੀ ਖ਼ੁਦਮੁਖ਼ਤਿਆਰੀ' ਹੈ। ਹਰੀ ਕ੍ਰਾਂਤੀ ਦੇ ਦੌਰ ਵਿੱਚ ਕਿਸਾਨ ਆਪਣੇ ਰਵਾਇਤੀ ਅਤੇ ਦੇਸੀ ਬੀਜਾਂ ਨੂੰ ਸਾਂਭਣ ਦੀ ਕਲਾ ਵਿਸਾਰ ਕੇ ਹਰ ਸਾਲ ਕੰਪਨੀਆਂ ਦੇ ਮਹਿੰਗੇ ਹਾਈਬ੍ਰਿਡ ਬੀਜਾਂ 'ਤੇ ਨਿਰਭਰ ਹੋ ਗਿਆ ਹੈ। ਜੈਵਿਕ ਮਾਡਲ ਕਿਸਾਨ ਨੂੰ ਮੁੜ ਆਪਣੇ ਬੀਜ ਖ਼ੁਦ ਤਿਆਰ ਕਰਨ ਅਤੇ ਸਾਂਭਣ ਲਈ ਉਤਸ਼ਾਹਿਤ ਕਰਦਾ ਹੈ, ਜੋ ਕਿ ਖੇਤੀ ਲਾਗਤ ਨੂੰ ਘਟਾਉਣ ਦਾ ਸਭ ਤੋਂ ਵੱਡਾ ਸਾਧਨ ਹੈ। ਜੇਕਰ ਅਸੀਂ ਵਿਸ਼ਵ ਪੱਧਰ 'ਤੇ ਦੇਖੀਏ ਤਾਂ ਅੱਜ ਦੁਨੀਆ ਭਰ ਵਿੱਚ ਜੈਵਿਕ ਖੇਤੀ ਦਾ ਰੁਝਾਨ ਤੇਜ਼ੀ ਨਾਲ ਵਧ ਰਿਹਾ ਹੈ। ਵਿਸ਼ਵ ਪੱਧਰੀ ਸਰਵੇਖਣ ਦੱਸਦੇ ਹਨ ਕਿ ਪਿਛਲੇ ਇੱਕ ਦਹਾਕੇ ਵਿੱਚ ਜੈਵਿਕ ਉਤਪਾਦਾਂ ਦੀ ਮੰਗ ਵਿੱਚ 15 ਫ਼ੀਸਦੀ ਸਾਲਾਨਾ ਵਾਧਾ ਹੋ ਰਿਹਾ ਹੈ। ਸਿੱਕਿਮ ਵਰਗੇ ਭਾਰਤੀ ਰਾਜ ਨੇ ਖ਼ੁਦ ਨੂੰ ਪੂਰੀ ਤਰ੍ਹਾਂ '100 ਫ਼ੀਸਦ ਜੈਵਿਕ ਸੂਬਾ' ਐਲਾਨ ਕੇ ਦੁਨੀਆ ਨੂੰ ਨਵਾਂ ਰਾਹ ਦਿਖਾਇਆ ਹੈ। ਡੈਨਮਾਰਕ ਅਤੇ ਆਸਟਰੀਆ ਵਰਗੇ ਯੂਰੋਪੀਅਨ ਦੇਸ਼ਾਂ ਵਿੱਚ ਕੁੱਲ ਖੇਤੀ ਹੇਠਲੇ ਰਕਬੇ ਦਾ ਵੱਡਾ ਹਿੱਸਾ ਜੈਵਿਕ ਖੇਤੀ ਅਧੀਨ ਆ ਚੁੱਕਾ ਹੈ। ਜਦੋਂ ਵਿਸ਼ਵ ਪੱਧਰ 'ਤੇ ਲੋਕ ਸਿਹਤ ਪ੍ਰਤੀ ਇੰਨੇ ਜਾਗਰੂਕ ਹੋ ਰਹੇ ਹਨ ਤਾਂ ਸਵਾਲ ਪੈਦਾ ਹੁੰਦਾ ਹੈ ਕਿ ਪੰਜਾਬ ਇਸ ਮੋੜੇ ਤੋਂ ਪਿੱਛੇ ਕਿਉਂ ਹੈ ? ਸਾਨੂੰ ਸਿੱਕਿਮ ਵਰਗੇ ਮਾਡਲਾਂ ਤੋਂ ਸਿੱਖ ਕੇ ਪੰਜਾਬ ਦੀਆਂ ਸਥਾਨਕ ਲੋੜਾਂ ਅਨੁਸਾਰ ਆਪਣੇ ਖੇਤੀ ਢਾਂਚੇ ਨੂੰ ਸੁਰਜੀਤ ਕਰਨ ਦੀ ਲੋੜ ਹੈ।

ਮਾਰਕੀਟਿੰਗ ਅਤੇ ਨੀਤੀਗਤ ਸੁਧਾਰ ਜੈਵਿਕ ਖੇਤੀ ਦੀ ਰੀੜ੍ਹ ਦੀ ਹੱਡੀ ਹਨ। ਸਾਨੂੰ 'ਕਿਸਾਨ ਹੱਟ' ਅਤੇ 'ਜੈਵਿਕ ਬਾਜ਼ਾਰਾਂ' ਵਰਗੇ ਢਾਂਚੇ ਨੂੰ ਹਰ ਸ਼ਹਿਰ ਵਿੱਚ ਖੜ੍ਹਾ ਕਰਨਾ ਪਵੇਗਾ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਜੈਵਿਕ ਉਤਪਾਦਾਂ ਲਈ ਵਿਸ਼ੇਸ਼ ਮੰਡੀਆਂ ਸਥਾਪਿਤ ਕਰੇ, ਜਿੱਥੇ ਵਿਚੋਲਿਆਂ ਦੀ ਕੋਈ ਥਾਂ ਨਾ ਹੋਵੇ ਅਤੇ ਕਿਸਾਨ ਸਿੱਧਾ ਖਪਤਕਾਰ ਨਾਲ ਜੁੜ ਸਕੇ। ਪ੍ਰਮਾਣੀਕਰਨ ਦੀ ਪ੍ਰਕਿਰਿਆ ਨੂੰ ਛੋਟੇ ਕਿਸਾਨਾਂ ਲਈ ਮੁਫ਼ਤ ਅਤੇ ਸਰਲ ਬਣਾਉਣਾ ਲਾਜ਼ਮੀ ਹੈ। ਪਿੰਡ ਪੱਧਰ 'ਤੇ 'ਕਿਸਾਨ ਉਤਪਾਦਕ ਸੰਗਠਨ' ਬਣਾ ਕੇ ਸਾਂਝੀ ਮਾਰਕੀਟਿੰਗ ਅਤੇ ਬ੍ਰਾਂਡਿੰਗ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਜਦੋਂ ਸ਼ਹਿਰੀ ਖਪਤਕਾਰ ਨੂੰ ਆਪਣੇ ਨੇੜਲੇ 'ਕਿਸਾਨ ਹੱਟ' ਤੋਂ ਸ਼ੁੱਧ ਅਤੇ ਤਾਜ਼ਾ ਉਤਪਾਦ ਮਿਲਣਗੇ ਤਾਂ ਉਹ ਖ਼ੁਸ਼ੀ ਨਾਲ ਵਾਜਬ ਕੀਮਤ ਦੇਵੇਗਾ, ਜਿਸ ਨਾਲ ਕਿਸਾਨ ਅਤੇ ਗਾਹਕ ਵਿਚਾਲੇ ਭਰੋਸੇ ਦਾ ਇੱਕ ਨਵਾਂ ਰਿਸ਼ਤਾ ਪੈਦਾ ਹੋਵੇਗਾ। ਪੰਜਾਬ ਦੀ ਖੇਤੀ ਨੂੰ ਸੁਰਜੀਤ ਕਰਨ ਲਈ ਇੱਕ ਵਿਆਪਕ ਅਤੇ ਦੂਰਅੰਦੇਸ਼ ਨੀਤੀ ਦੀ ਲੋੜ ਹੈ। ਇਹ ਪਰਿਵਰਤਨ ਸਿਰਫ਼ ਕਿਸਾਨਾਂ ਦੀ ਮਿਹਨਤ ਨਾਲ ਨਹੀਂ ਆਵੇਗਾ, ਇਸ ਦੇ ਲਈ ਸਰਕਾਰ, ਖੇਤੀਬਾੜੀ ਯੂਨੀਵਰਸਿਟੀ ਅਤੇ ਸਮਾਜ ਦੇ ਹਰ ਵਰਗ ਨੂੰ ਸਾਂਝੀ ਜ਼ਿੰਮੇਵਾਰੀ ਚੁੱਕਣੀ ਪਵੇਗੀ। ਯੂਨੀਵਰਸਿਟੀ ਨੂੰ ਆਪਣੇ ਖੋਜ ਕੇਂਦਰਾਂ ਨੂੰ ਜੈਵਿਕ ਖੇਤੀ ਦੇ ਪ੍ਰਦਰਸ਼ਨੀ ਫਾਰਮਾਂ ਵਿੱਚ ਬਦਲਣਾ ਚਾਹੀਦਾ ਹੈ। ਜੇਕਰ ਅਸੀਂ ਅੱਜ ਆਪਣੀ ਮਿੱਟੀ, ਪਾਣੀ ਅਤੇ ਖ਼ੁਰਾਕ ਦੀ ਸੰਭਾਲ ਨਾ ਕੀਤੀ ਤਾਂ ਆਉਣ ਵਾਲੀਆਂ ਪੀੜ੍ਹੀਆਂ ਕੋਲ ਸਿਰਫ਼ ਬੰਜਰ ਜ਼ਮੀਨ ਅਤੇ ਬਿਮਾਰੀਆਂ ਹੀ ਵਿਰਾਸਤ ਵਿੱਚ ਬਚਣਗੀਆਂ। ਜੈਵਿਕ ਖੇਤੀ ਵੱਲ ਮੋੜਾ ਕੱਟਣਾ ਪੰਜਾਬ ਦੀ ਹੋਂਦ ਅਤੇ ਭਵਿੱਖੀ ਖੁਸ਼ਹਾਲੀ ਨੂੰ ਬਚਾਉਣ ਲਈ ਚੁੱਕਿਆ ਗਿਆ ਇੱਕ ਜ਼ਰੂਰੀ ਇਤਿਹਾਸਕ ਕਦਮ ਹੋਵੇਗਾ। ਧਰਤੀ ਸਾਡੀ ਨਿੱਜੀ ਜਾਇਦਾਦ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੀ ਅਮਾਨਤ ਹੈ, ਜਿਸ ਨੂੰ ਸਿਹਤਮੰਦ ਹਾਲਤ ਵਿੱਚ ਅਗਾਂਹ ਤੋਰਨਾ ਸਾਡਾ ਸਭ ਤੋਂ ਵੱਡਾ ਫ਼ਰਜ਼ ਹੈ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਪੰਜਾਬ ਦੀ ਕਿਸਾਨੀ ਦਾ ਭਵਿੱਖ ਕੁਦਰਤ ਨਾਲ ਸਾਂਝ ਪਾ ਕੇ ਹੀ ਸੁਰੱਖਿਅਤ ਹੋ ਸਕਦਾ ਹੈ।

# ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਸਾਇਕਲ 'ਤੇ ਫਿਟ ਇੰਡੀਆ ਦਾ ਸਫ਼ਲਤਾਪੂਰਵਕ ਆਯੋਜਨ

**ਚੰਡੀਗੜ੍ਹ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**



ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਨੇ ਰਾਸ਼ਟਰ ਵਿਆਪੀ ਫਿਟ ਇੰਡੀਆ ਅੰਦੋਲਨ ਦੇ ਤਹਿਤ ਸਪੋਰਟਸ ਕੰਪਲੈਕਸ, ਸੈਕਟਰ-42, ਚੰਡੀਗੜ੍ਹ ਵਿਖੇ ÷ਫਿਟ ਇੰਡੀਆ ਸੰਡੇਜ਼ ਔਨ ਸਾਇਕਲ÷ ਪ੍ਰੋਗਰਾਮ ਦਾ ਸਫ਼ਲ ਆਯੋਜਨ ਕੀਤਾ। ਇਸ ਪ੍ਰੋਗਰਾਮ ਵਿੱਚ ਸ਼ਹਿਰ ਭਰ ਦੇ ਵਿਭਿੰਨ ਸਪੋਰਟਸ ਡਿਸਿਪਲਿਨਸ ਦੀ ਪ੍ਰਤੀਨਿਧਤਾ ਕਰਨ ਵਾਲੇ ਲਗਭਗ 700 ਵਿਦਿਆਰਥੀਆਂ ਅਤੇ ਖਿਡਾਰੀਆਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ। ਪ੍ਰੋਗਰਾਮ ਨੇ ਫਿਟਨੈੱਸ, ਤੰਦਰੁਸਤ ਜੀਵਨ ਸ਼ੈਲੀ ਅਤੇ ਵਾਤਾਵਰਣ ਸਥਿਰਤਾ ਪ੍ਰਤੀ **ਚੰਡੀਗੜ੍ਹ ਦੀ ਵਧਦੀ ਪ੍ਰਤੀਬੱਧਤਾ ਨੂੰ ਦਰਸਾਇਆ।**

ਪ੍ਰੋਗਰਾਮ ਦੀ ਸ਼ੁਰੂਆਤ ਸਾਰੇ ਪ੍ਰਤੀਭਾਗੀਆਂ ਦੁਆਰਾ ਫਿਟ ਇੰਡੀਆ ਪ੍ਰਣ ਲੈਣ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਰਹਿਣ, ਤੰਦਰੁਸਤ ਜੀਵਨਸ਼ੈਲੀ ਅਪਣਾਉਣ ਅਤੇ ਦੂਸਰਿਆਂ ਨੂੰ ਵੀ ਫਿਟਨੈੱਸ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਅਭਿੰਨ ਅੰਗ ਬਣਾਉਣ ਲਈ ਪ੍ਰੇਰਿਤ ਕਰਨ ਦਾ ਸੰਕਲਪ ਲਿਆ।

**ਸਾਇਕਲ ਰੈਲੀ ਨੂੰ ਖੇਡ ਵਿਭਾਗ**

ਚੰਡੀਗੜ੍ਹ ਪ੍ਰਸ਼ਾਸਨ ਦੇ ਜੁਆਇੰਟ ਡਾਇਰੈਕਟਰ ਸਪੋਰਟਸ ਡਾ. ਮਹਿੰਦਰ ਸਿੰਘ ਨੇ ਮੁੱਖ ਮਹਿਮਾਨ ਦੇ ਰੂਪ ਵਿੱਚ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਅਵਸਰ 'ਤੇ ਉਨ੍ਹਾਂ ਨੇ ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਨਿਯਮਿਤ ਸਰੀਰਕ ਗਤੀਵਿਧੀਆਂ ਦੇ ਮਹੱਤਵ 'ਤੇ ਬਲ ਦਿੱਤਾ ਅਤੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਸਾਇਕਲਿੰਗ ਨੂੰ ਇੱਕ ਤੰਦਰੁਸਤ, ਕਿਫ਼ਾਇਤੀ ਅਤੇ ਵਾਤਾਵਰਣ ਅਨੁਕੂਲ ਆਦਤ ਦੇ ਰੂਪ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।

ਪ੍ਰੋਗਰਾਮ ਵਿੱਚ ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੇ ਡਾ. ਭਗਵੰਤ ਸਿੰਘ, (ਆਈਵਾਈਏ), ਭਾਰਤੀ ਖੇਡ ਅਥਾਰਿਟੀ (ਸਾਈ/ਐੱਸਏਆਈ) ਦੇ ਖੇਡ ਅਧਿਕਾਰੀ, ਸ਼੍ਰੀ ਯੋਗਰਾਜ ਸਿੰਘ, ਫਿਟ ਇੰਡੀਆ ਮਿਸ਼ਨ, ਭਾਰਤੀ ਖੇਡ ਅਥਾਰਿਟੀ (ਸਾਈ/ਐੱਸਏਆਈ) ਦੀ ਸਲਾਹਕਾਰ, ਸੁਸ਼੍ਰੀ ਅੰਜਲੀ ਅਤੇ ਭਾਰਤੀ ਖੇਡ ਅਥਾਰਿਟੀ (ਸਾਈ/ਐੱਸਏਆਈ) ਦੀ ਅਸਿਸਟੈਂਟ ਡਾਇਰੈਕਟਰ ਸ਼੍ਰੀਮਤੀ ਪੁਸ਼ਕਰ ਵੀ ਉਪਸਥਿਤੀ ਰਹੇ।

ਇਸ ਸਮਾਗਮ ਦਾ ਇੱਕ ਵਿਸ਼ੇਸ਼ ਆਕਰਸ਼ਣ ਬੜੀ ਸੰਖਿਆ ਵਿੱਚ ਬੌਧਿਕ ਦਿੱਵਯਾਂਗ ਬੱਚਿਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਰਹੀ। ਉਨ੍ਹਾਂ ਦੀ ਊਰਜਾ, ਸੰਕਲਪ ਅਤੇ ਸਰਗਰਮ ਸ਼ਮੂਲੀਅਤ ਨੇ ਫਿਟ ਇੰਡੀਆ ਅੰਦੋਲਨ ਦੁਆਰਾ ਪ੍ਰੋਤਸਾਹਿਤ ਸ਼ਮੂਲੀਅਤ ਦੀ ਭਾਵਨਾ ਨੂੰ ਸਾਕਾਰ ਰੂਪ ਵਿੱਚ ਪ੍ਰਸਤੁਤ ਕੀਤਾ। ਉਨ੍ਹਾਂ ਦੀ ਸਹਿਭਾਗਿਤਾ ਨੇ ਉਪਸਥਿਤ ਸਾਰੇ ਲੋਕਾਂ ਨੂੰ ਪ੍ਰੇਰਿਤ ਕੀਤਾ ਅਤੇ ਇਹ ਸੰਦੇਸ਼ ਦਿੱਤਾ ਕਿ ਫਿਟਨੈੱਸ ਅਤੇ ਸਪੋਰਟਸ ਸਾਰਿਆਂ ਲਈ ਹਨ, ਭਾਵੇਂ ਉਨ੍ਹਾਂ ਦੀਆਂ ਸਮਰੱਥਾਵਾਂ ਕਿਹੋ ਜਿਹੀਆਂ ਵੀ ਹੋਣ।

ਪੰਜ (5 )ਕਿਲੋਮੀਟਰ ਲੰਬੀ ਸਾਇਕਲ ਰੈਲੀ ਸਪੋਰਟਸ ਕੰਪਲੈਕਸ, ਸੈਕਟਰ-42, ਚੰਡੀਗੜ੍ਹ ਤੋਂ ਸ਼ੁਰੂ ਹੋ ਕੇ ਸੈਕਟਰ 36-37/41-42 ਗੋਲ ਚੱਕਰ, ਫਰਨੀਚਰ ਮਾਰਕਿਟ ਗੋਲ ਚੱਕਰ, 43 ਬੱਸ ਸਟੈਂਡ ਚੌਕ ਅਤੇ ਅਟਾਵਾ ਚੌਕ ਤੋਂ ਹੁੰਦੀ ਹੋਈ ਮੁੜ ਖੇਡ ਕੰਪਲੈਕਸ ਸੰਪੰਨ ਹੋਈ। ਪ੍ਰਤੀਭਾਗੀਆਂ ਨੇ ਪੂਰੇ ਉਤਸ਼ਾਹ ਨਾਲ ਨਿਰਧਾਰਿਤ ਮਾਰਗ 'ਤੇ ਸਾਇਕਲ ਚਲਾਉਂਦੇ ਹੋਏ ਪੈਡਲ ਫੌਰ ਹੈਲਥ, ਪੈਡਲ ਫੌਰ ਪਲੈਨੇਟ ਦਾ ਸੰਦੇਸ਼ ਦਿੱਤਾ ਅਤੇ ਫਿਟਨੈੱਸ, ਵਾਤਾਵਰਣ ਸੰਭਾਲ਼ ਅਤੇ ਸਮੁਦਾਇਕ ਕਲਿਆਣ ਨੂੰ ਹੁਲਾਰਾ ਦਿੱਤਾ।

ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਇਸ ਸਮਾਗਮ ਦੇ ਸੁਚਾਰੂ ਅਤੇ ਸੁਰੱਖਿਅਤ ਸੰਚਾਲਨ ਹਿਤ ਵਿਆਪਕ ਵਿਵਸਥਾਵਾਂ ਸੁਨਿਸ਼ਚਿਤ ਕੀਤੀਆਂ ਗਈਆਂ।ਪ੍ਰਤੀਭਾਗੀਆਂ ਲਈ ਐਂਬੂਲੈਂਸ ਸਹਿਤ ਚਿਕਿਤਸਾ ਸਹਾਇਤਾ, ਰਿਫਰੈਸ਼ਮੈਂਟ, ਹਾਇਡ੍ਰੇਸ਼ਨ ਪ੍ਰਬੰਧ, ਰੂਟ ਪ੍ਰਬੰਧਨ ਅਤੇ ਸੜਕ ਸੁਰੱਖਿਆ ਸਬੰਧੀ ਜ਼ਰੂਰੀ ਪ੍ਰਬੰਧ ਕੀਤੇ ਗਏ। ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਸਟਾਫ਼ ਨੇ ਸਮਾਗਮ ਦਾ ਕੁਸ਼ਲਤਾਪੂਰਵਕ ਸੰਚਾਲਨ ਅਤੇ ਤਾਲਮੇਲ ਕੀਤਾ ਅਤੇ ਰੈਲੀ ਦੇ ਦੌਰਾਨ ਸਾਰੇ ਪ੍ਰਤੀਭਾਗੀਆਂ ਦੀ ਸੁਰੱਖਿਆ, ਸੁਵਿਧਾ ਅਤੇ ਕਲਿਆਣ ਸੁਨਿਸ਼ਚਿਤ ਕੀਤੇ।

ਇਸ ਸਮਾਗਮ ਦਾ ਉਦੇਸ਼ ਸਾਇਕਲਿੰਗ ਨੂੰ ਸਰੀਰਕ ਫਿਟਨੈੱਸ ਵਧਾਉਣ, ਪ੍ਰਦੂਸ਼ਣ ਘਟਾਉਣ ਅਤੇ ਨਾਗਰਿਕਾਂ ਦੇ ਦਰਮਿਆਨ ਸਰਗਰਮ ਜੀਵਨਸ਼ੈਲੀ ਦੇ ਸੱਭਿਆਚਾਰ ਨੂੰ ਵਿਕਸਿਤ ਕਰਨ ਦੇ ਇੱਕ ਪ੍ਰਭਾਵੀ ਮਾਧਿਅਮ ਦੇ ਰੂਪ ਵਿੱਚ ਪ੍ਰੋਤਸਾਹਿਤ ਕਰਨਾ ਸੀ। ਯੁਵਾ ਖਿਡਾਰੀਆਂ ਅਤੇ ਬੌਧਿਕ ਦਿੱਵਯਾਂਗ ਬੱਚਿਆਂ ਸਹਿਤ ਪ੍ਰਤੀਭਾਗੀਆਂ ਦੀ ਉਤਸ਼ਾਹਪੂਰਨ।ਭਾਗੀਦਾਰੀ ਨੇ ਪ੍ਰੋਗਰਾਮ ਨੂੰ ਅਤਿਅੰਤ ਸਫ਼ਲ ਬਣਾਇਆ ਅਤੇ ਇੱਕ ਤੰਦਰੁਸਤ, ਫਿਟ ਅਤੇ ਸਮਾਵੇਸ਼ੀ ਸਮਾਜ ਦੇ ਨਿਰਮਾਣ ਦੀ ਦਿਸ਼ਾ ਵਿੱਚ ਪ੍ਰਯਾਸਾਂ ਨੂੰ ਹੋਰ ਮਜ਼ਬੂਤ ਕੀਤਾ।

ਖੇਡ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਨੇ ਪ੍ਰੋਗਰਾਮ ਦੀ ਸਫ਼ਲਤਾ ਵਿੱਚ ਯੋਗਦਾਨ ਦੇਣ ਵਾਲੇ ਸਾਰੇ ਪ੍ਰਤੀਭਾਗੀਆਂ, ਕੋਚਾਂ, ਅਧਿਕਾਰੀਆਂ, ਵਲੰਟੀਅਰਾਂ ਅਤੇ ਸਹਿਯੋਗੀ ਸੰਸਥਾਵਾਂ ਦੇ ਪ੍ਰਤੀ ਆਭਾਰ ਵਿਅਕਤ ਕੀਤਾ।

**ਫਿਟ ਇੰਡੀਆ ਸੰਡੇਜ਼ ਔਨ ਸਾਇਕਲ ਬਾਰੇ**

'ਫਿਟ ਇੰਡੀਆ ਸੰਡੇਜ਼ ਔਨ ਸਾਇਕਲ, ਭਾਰਤ ਸਰਕਾਰ ਦੇ ਫਿਟ ਇੰਡੀਆ ਮੂਵਮੈਂਟ ਦੇ ਤਹਿਤ ਸੰਚਾਲਿਤ ਇੱਕ ਪ੍ਰਮੁੱਖ ਪਹਿਲ ਹੈ, ਜਿਸ ਦਾ ਉਦੇਸ਼ ਨਾਗਰਿਕਾਂ ਨੂੰ ਸਰਗਰਮ ਅਤੇ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਦੇਸ਼ ਭਰ ਵਿੱਚ ਨਿਯਮਿਤ ਤੌਰ 'ਤੇ ਆਯੋਜਿਤ ਇਸ ਪ੍ਰੋਗਰਾਮ ਦੇ ਜ਼ਰੀਏ ਸਾਇਕਲਿੰਗ ਨੂੰ ਇੱਕ ਸਰਲ, ਕਿਫ਼ਾਇਤੀ ਅਤੇ ਟਿਕਾਊ ਗਤੀਵਿਧੀ ਦੇ ਰੂਪ ਵਿੱਚ ਹੁਲਾਰਾ ਦਿੱਤਾ ਜਾਂਦਾ ਹੈ, ਜੋ ਸਰੀਰਕ ਸਿਹਤ ਅਤੇ ਵਾਤਾਵਰਣ ਸੁਰੱਖਿਆ ਦੋਹਾਂ ਵਿੱਚ ਮਹੱਤਵਪੂਰਨ ਯੋਗਦਾਨ ਦਿੰਦੀ ਹੈ।

ਇਸ ਪਹਿਲ ਦਾ ਉਦੇਸ਼ ਨਿਯਮਿਤ ਸਰੀਰਕ ਗਤੀਵਿਧੀਆਂ ਦੇ ਮਹੱਤਵ ਬਾਰੇ ਜਾਗਰੂਕਤਾ ਵਧਾਉਣਾ, ਮੋਟਰਾਇਜ਼ਡ ਟ੍ਰਾਂਸਪੋਰਟ 'ਤੇ ਨਿਰਭਰਤਾ ਘਟਾਉਣਾ, ਸਵੱਛ ਵਾਤਾਵਰਣ ਨੂੰ ਹੁਲਾਰਾ ਦੇਣਾ ਅਤੇ ਫਿਟਨੈੱਸ ਸਬੰਧੀ ਗਤੀਵਿਧੀਆਂ ਵਿੱਚ ਸਮੁਦਾਇਕ ਸਹਿਭਾਗਿਤਾ ਨੂੰ ਮਜ਼ਬੂਤ ਕਰਨਾ ਹੈ।

ਪੈਡਲ ਫੌਰ ਹੈਲਥ, ਪੈਡਲ ਫੌਰ ਪਲੈਨੇਟ÷ ਦੇ ਪ੍ਰੇਰਣਾਦਾਇਕ ਸੰਦੇਸ਼ ਨਾਲ ਇਹ ਮੁਹਿੰਮ ਦੇਸ਼ ਭਰ ਦੇ ਲੋਕਾਂ ਨੂੰ ਫਿਟਨੈੱਸ ਅਪਣਾਉਣ ਅਤੇ ਇੱਕ ਤੰਦਰੁਸਤ, ਖੁਸ਼ਹਾਲ ਅਤੇ ਟਿਕਾਊ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਦੇਣ ਲਈ ਨਿਰੰਤਰ ਪ੍ਰੇਰਿਤ ਕਰ ਰਿਹਾ ਹੈ।




Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807







Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
RNI 42354



## ਧਰਮ/ਪੋਲੀਟਿਕਸ



# ਸ੍ਰੀ ਹੇਮਕੁੰਟ ਸਾਹਿਬ ਯਾਤਰਾ: ਇਤਿਹਾਸ, ਮਹੱਤਤਾ ਤੇ ਜ਼ਰੂਰੀ ਸਾਵਧਾਨੀਆਂ

**ਗੁਰਪ੍ਰੀਤ ਸਿੰਘ ਟੰਗੌਰੀ**

ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਅਤੇ ਆਤਮਿਕ ਤੀਰਥ ਅਸਥਾਨਾਂ ਵਿੱਚੋਂ ਇੱਕ ਹੈ। ਹਿਮਾਲਿਆ ਦੀਆਂ ਉੱਚੀਆਂ ਚੋਟੀਆਂ ਵਿਚਾਲੇ ਤਕਰੀਬਨ 15,000 ਫੁੱਟ ਦੀ ਉੱਚਾਈ 'ਤੇ ਸਥਿਤ ਇਹ ਪਵਿੱਤਰ ਧਾਮ ਬਰਫ਼ੀਲੇ ਸਰੋਵਰ ਅਤੇ ਸੱਤ ਪਹਾੜਾਂ ਨਾਲ ਘਿਰਿਆ ਹੋਇਆ ਹੈ। 'ਹੇਮਕੁੰਟ' ਦਾ ਅਰਥ ਹੈ 'ਬਰਫ਼ ਨਾਲ ਢਕਿਆ ਸਰੋਵਰ'। ਇੱਥੇ ਪਹੁੰਚਦਿਆਂ ਹੀ ਮਨੁੱਖ ਦਾ ਮਨ ਦੁਨਿਆਵੀ ਚਿੰਤਾਵਾਂ ਤੋਂ ਉੱਪਰ ਉੱਠ ਕੇ ਰੱਬੀ ਸ਼ਾਂਤੀ ਅਤੇ ਆਤਮਿਕ ਅਨੁਭਵ ਨਾਲ ਭਰ ਜਾਂਦਾ ਹੈ।

ਇਤਿਹਾਸ ਅਨੁਸਾਰ ਇਹ ਥਾਂ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਦੇ ਪਿਛਲੇ ਜਨਮ ਦੀ ਤਪੱਸਿਆ ਨਾਲ ਜੁੜੀ ਹੋਈ ਮੰਨੀ ਜਾਂਦੀ ਹੈ। ਗੁਰੂ ਸਾਹਿਬ ਨੇ ਆਪਣੀ ਆਤਮਿਕ ਜੀਵਨ ਕਥਾ 'ਬਚਿੱਤਰ ਨਾਟਕ' ਵਿੱਚ ਇਸ ਪਵਿੱਤਰ ਅਸਥਾਨ ਦਾ ਜ਼ਿਕਰ ਕਰਦਿਆਂ ਲਿਖਿਆ:

ਭਾਵ, ਇੱਕ ਐਸਾ ਪਵਿੱਤਰ ਸਥਾਨ ਜਿੱਥੇ ਸੱਤ ਚੋਟੀਆਂ ਨਾਲ ਸਜਿਆ ਹੇਮਕੁੰਟ ਪਰਬਤ ਹੈ ਅਤੇ ਜਿੱਥੇ ਗੁਰੂ ਸਾਹਿਬ ਨੇ ਅਕਾਲ ਪੁਰਖ ਦੀ ਭਗਤੀ ਅਤੇ ਤਪੱਸਿਆ ਕੀਤੀ। ਸਿੱਖ ਇਤਿਹਾਸ ਵਿੱਚ ਲੰਮੇ ਸਮੇਂ ਤੱਕ ਇਸ ਅਸਥਾਨ ਦੀ ਸਥਿਤੀ ਗੁੰਮਨਾਮ ਰਹੀ। ਸੱਚਖੰਡ ਸ੍ਰੀ ਹੇਮਕੁੰਟ ਸਾਹਿਬ ਦੀ ਭੂਗੋਲਿਕ ਖੋਜ 1930 ਦੇ ਦਹਾਕੇ (1933-1934) ਵਿੱਚ ਸੰਤ ਸੋਹਣ ਸਿੰਘ (ਭਾਰਤੀ ਫੌਜ ਦੇ ਸੇਵਾਮੁਕਤ ਗ੍ਰੰਥੀ) ਅਤੇ ਹੌਲਦਾਰ ਮੋਹਨ ਸਿੰਘ ਵੱਲੋਂ ਕੀਤੀ ਗਈ ਸੀ। ਉਨ੍ਹਾਂ ਨੇ ਪੰਡਿਤ ਤਾਰਾ ਸਿੰਘ ਨਰੋਤਮ ਦੀ ਖੋਜ ਅਤੇ ਭਾਈ ਵੀਰ ਸਿੰਘ ਦੀਆਂ ਲਿਖਤਾਂ ਤੋਂ ਪ੍ਰੇਰਿਤ ਹੋ ਕੇ ਇਹ ਪਵਿੱਤਰ ਸਥਾਨ ਲੱਭਿਆ। ਬਾਅਦ ਵਿੱਚ ਸੰਤ ਸੋਹਣ ਸਿੰਘ ਜੀ (ਤੇਰਾਹ ਵਾਲੇ) ਅਤੇ ਹੋਰ ਸਿੱਖ ਸੰਗਤ ਦੇ ਉੱਦਮ ਸਦਕਾ, ਇੱਥੇ ਇੱਕ ਸ਼ਾਨਦਾਰ ਗੁਰਦੁਆਰੇ ਦੀ ਇਮਾਰਤ ਤਿਆਰ ਕੀਤੀ ਗਈ। ਅੱਜ ਇਹ ਧਾਮ ਸਿੱਖ ਕੌਮ ਲਈ ਡੂੰਘੀ ਸ਼ਰਧਾ ਅਤੇ ਆਤਮਿਕ ਖਿੱਚ ਦਾ ਕੇਂਦਰ ਬਣ ਚੁੱਕਾ ਹੈ। ਇਹ ਸਥਾਨ ਉਤਰਾਖੰਡ ਦੇ ਚਮੋਲੀ ਜ਼ਿਲ੍ਹੇ ਵਿੱਚ ਸਥਿਤ ਹੈ।

ਇਸ ਦੇ ਨੇੜੇ ਹੀ 'ਲਕਸ਼ਮਣ ਮੰਦਰ' ਵੀ ਸਥਿਤ ਹੈ। ਹਿੰਦੂ ਮਿਥਿਹਾਸ ਵਿੱਚ ਵੀ ਇਸ ਜਗ੍ਹਾ ਦਾ ਜ਼ਿਕਰ ਆਉਂਦਾ ਹੈ। ਮੰਨਿਆ ਜਾਂਦਾ ਹੈ ਕਿ ਭਗਵਾਨ ਸ੍ਰੀ ਰਾਮ ਦੇ ਛੋਟੇ ਭਰਾ ਲਕਸ਼ਮਣ ਨੇ ਇੱਥੇ ਹੀ ਤਪੱਸਿਆ ਕੀਤੀ ਸੀ।

ਹਰ ਸਾਲ ਮਈ-ਜੂਨ ਤੋਂ ਅਕਤੂਬਰ ਤੱਕ ਲੱਖਾਂ ਸ਼ਰਧਾਲੂ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਕਰਦੇ ਹਨ। ਇਹ ਯਾਤਰਾ ਭਾਵੇਂ ਬਹੁਤ ਆਨੰਦ ਅਤੇ ਗੁਰੂ ਚਰਨਾਂ ਨਾਲ ਜੁੜਨ ਦਾ ਅਨੁਭਵ ਦਿੰਦੀ ਹੈ, ਪਰ ਕਠਿਨ ਪਹਾੜੀ ਰਸਤੇ, ਬਦਲਦਾ ਮੌਸਮ ਅਤੇ ਉੱਚਾਈ ਕਾਰਨ ਕਈ ਮੁਸ਼ਕਲਾਂ ਵੀ ਸਾਹਮਣੇ ਆਉਂਦੀਆਂ ਹਨ। ਇਸ ਲਈ ਯਾਤਰੀਆਂ ਨੂੰ ਪਹਿਲਾਂ ਤੋਂ ਪੂਰੀ ਤਿਆਰੀ ਅਤੇ ਸਾਵਧਾਨੀਆਂ ਬਾਰੇ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ।

ਸਾਲ 2026 ਦੀ ਪਵਿੱਤਰ ਯਾਤਰਾ 23 ਮਈ ਤੋਂ ਸ਼ੁਰੂ ਹੋ ਚੁੱਕੀ ਹੈ। ਆਓ, ਗੁਰੂ ਸਾਹਿਬ ਦੀ ਕਿਰਪਾ ਦਾ ਸਿਮਰਨ ਕਰਦਿਆਂ ਅਤੇ ਪੂਰੀ ਤਿਆਰੀ ਨਾਲ ਇਸ ਪਾਵਨ ਯਾਤਰਾ ਨੂੰ ਸੁਖਦ ਅਤੇ ਸਫਲ ਬਣਾਉਣ ਲਈ ਕੁਝ ਜ਼ਰੂਰੀ ਗੱਲਾਂ ਤੋਂ ਜਾਣੂ ਹੋਈਏ।

ਹੇਮਕੁੰਟ ਸਾਹਿਬ ਦੀ ਯਾਤਰਾ ਸਿਰਫ਼ ਸੈਰ ਜਾਂ ਧਾਰਮਿਕ ਰਸਮ ਨਹੀਂ, ਸਗੋਂ ਮਨੁੱਖ ਦੇ ਵਿਸ਼ਵਾਸ, ਧੀਰਜ ਅਤੇ ਆਤਮਿਕ ਤਾਕਤ ਦੀ ਪ੍ਰੀਖਿਆ ਹੈ। ਪਹਾੜਾਂ ਦੇ ਵਿਚਕਾਰ ਸ਼ਾਂਤ ਸਰੋਵਰ ਦੇ ਕੋਲ ਸਥਿਤ ਗੁਰਦੁਆਰੇ ਵਿੱਚ ਮੱਥਾ ਟੇਕਣ ਨਾਲ ਮਨੁੱਖ ਨੂੰ ਅੰਦਰੂਨੀ ਸ਼ਾਂਤੀ ਮਹਿਸੂਸ ਹੁੰਦੀ ਹੈ। ਇਸ ਯਾਤਰਾ ਦੌਰਾਨ ਮਨੁੱਖ ਕੁਦਰਤ ਦੇ ਬਹੁਤ ਨੇੜੇ ਆ ਜਾਂਦਾ ਹੈ ਅਤੇ ਉਸ ਨੂੰ ਜੀਵਨ ਦੀ ਸਾਦਗੀ ਅਤੇ ਰੱਬੀ ਕਿਰਪਾ ਦਾ ਅਹਿਸਾਸ ਹੁੰਦਾ ਹੈ।

ਪਰ ਇਸ ਆਤਮਿਕ ਅਨੁਭਵ ਨੂੰ ਸੁਖਦ ਅਤੇ ਸੁਰੱਖਿਅਤ ਬਣਾਉਣ ਲਈ ਕੁਝ ਮਹੱਤਵਪੂਰਨ ਸਾਵਧਾਨੀਆਂ ਰੱਖਣੀਆਂ ਲਾਜ਼ਮੀ ਹਨ।

ਗੁਰੂ ਸਾਹਿਬ ਦੇ ਦਰਸ਼ਨਾਂ ਲਈ ਸ੍ਰੀ ਹੇਮਕੁੰਟ ਸਾਹਿਬ ਦੀ ਚੜ੍ਹਾਈ ਕਰਨੀ ਸੌਖੀ ਨਹੀਂ ਹੈ। ਗੋਵਿੰਦਘਾਟ ਤੋਂ ਸ਼ੁਰੂ ਹੋ ਕੇ ਘਾਂਘਰੀਆ ਤੱਕ ਅਤੇ ਫਿਰ ਉੱਥੋਂ ਹੇਮਕੁੰਟ ਸਾਹਿਬ ਤੱਕ ਦੀ ਚੜ੍ਹਾਈ ਕਾਫ਼ੀ ਔਖੀ ਹੈ। ਇਹ ਸਰੀਰ ਵਾਹਿਗੁਰੂ ਦੀ ਦਾਤ ਹੈ, ਇਸ ਲਈ ਯਾਤਰਾ ਤੋਂ ਪਹਿਲਾਂ ਇਸ ਦੀ ਸੰਭਾਲ ਅਤੇ ਕਸਰਤ ਕਰਕੇ ਤਿਆਰੀ ਕਰਨਾ ਸਾਡਾ ਫ਼ਰਜ਼ ਹੈ। ਯਾਤਰੀਆਂ ਨੂੰ ਰੋਜ਼ਾਨਾ ਸਵੇਰੇ ਟਹਿਲਣ ਅਤੇ ਅਭਿਆਸ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ। ਸਰੀਰਕ ਤਾਕਤ ਦੇ ਨਾਲ-ਨਾਲ ਆਤਮਿਕ ਬਲ ਬਹੁਤ ਜ਼ਰੂਰੀ ਹੈ। ਜਦੋਂ ਰਸਤੇ ਵਿੱਚ ਥਕਾਵਟ ਜਾਂ ਔਕੜ ਮਹਿਸੂਸ ਹੋਵੇ, ਤਾਂ ਗੁਰਬਾਣੀ ਦੇ



ਪਾਠ ਅਤੇ 'ਵਾਹਿਗੁਰੂ' ਦੇ ਸਿਮਰਨ ਨਾਲ ਮਨ ਨੂੰ ਢਹਿੰਦੀ ਕਲਾ ਵਿੱਚ ਜਾਣ ਤੋਂ ਬਚਾਉਣਾ ਚਾਹੀਦਾ ਹੈ।

ਗੁਰਮਤਿ ਅਨੁਸਾਰ ਦੁਆ (ਅਰਦਾਸ) ਦੇ ਨਾਲ-ਨਾਲ ਦਵਾ (ਦਵਾਈ) ਦਾ ਆਸਰਾ ਲੈਣਾ ਵੀ ਸਿਆਣਪ ਹੈ। ਉੱਚਾਈ ਵਾਲੇ ਇਲਾਕਿਆਂ ਵਿੱਚ ਆਕਸੀਜਨ ਦੀ ਘਾਟ ਕਾਰਨ ਸਾਹ ਚੜ੍ਹਨਾ ਜਾਂ ਚੱਕਰ ਆਉਣਾ ਸੁਭਾਵਿਕ ਹੈ। ਦਿਲ ਅਤੇ ਸਾਹ ਦੇ ਮਰੀਜ਼ਾਂ ਨੂੰ ਗੁਰੂ ਘਰ ਤੁਰਨ ਤੋਂ ਪਹਿਲਾਂ ਡਾਕਟਰ ਦੀ ਸਲਾਹ ਜ਼ਰੂਰ ਲੈਣੀ ਚਾਹੀਦੀ ਹੈ। ਆਪਣੀਆਂ ਦਵਾਈਆਂ ਅਤੇ ਫਸਟ-ਏਡ ਬਾਕਸ ਨਾਲ ਰੱਖਣਾ ਸਮਝਦਾਰੀ ਹੈ। ਸਰੀਰ ਨੂੰ ਤੰਦਰੁਸਤ ਰੱਖਣ ਲਈ ਜਲ (ਪਾਣੀ) ਛਕਦੇ ਰਹਿਣਾ ਚਾਹੀਦਾ ਹੈ ਕਿਉਂਕਿ ਸਰੀਰ ਵਿੱਚ ਪਾਣੀ ਦੀ ਘਾਟ ਨਾਲ ਕਮਜ਼ੋਰੀ ਆ ਸਕਦੀ ਹੈ। ਹਿਮਾਲਿਆਈ ਇਲਾਕਿਆਂ ਵਿੱਚ ਮੌਸਮ ਕਾਦਰ ਦੀ ਕੁਦਰਤ ਵਾਂਗ ਬਹੁਤ ਤੇਜ਼ੀ ਨਾਲ ਬਦਲਦਾ ਹੈ। ਸਵੇਰੇ ਧੁੱਪ ਹੋ ਸਕਦੀ ਹੈ ਅਤੇ ਕੁਝ ਹੀ ਸਮੇਂ ਬਾਅਦ ਬਾਰਿਸ਼ ਜਾਂ ਬਰਫ਼ਬਾਰੀ ਸ਼ੁਰੂ ਹੋ ਸਕਦੀ ਹੈ। ਇਸ ਲਈ ਗਰਮ ਕੱਪੜੇ, ਜੈਕੇਟ, ਦਸਤਾਨੇ, ਟੋਪੀ ਅਤੇ ਰੇਨਕੋਟ ਨਾਲ ਲਿਜਾਣੇ ਬਹੁਤ ਜ਼ਰੂਰੀ ਹਨ। ਕਈ ਵਾਰ ਰਸਤੇ ਤਿਲਕਣ ਵਾਲੇ ਹੋ ਜਾਂਦੇ ਹਨ, ਇਸ ਲਈ ਮਜ਼ਬੂਤ ਅਤੇ ਤਿਲਕਣ-ਰੋਧਕ ਜੁੱਤੇ ਪਹਿਨ ਕੇ, ਪੂਰੀ ਤਿਆਰੀ ਨਾਲ ਹੀ ਗੁਰੂ ਚਰਨਾਂ ਵੱਲ ਚਾਲੇ ਪਾਉਣੇ ਚਾਹੀਦੇ ਹਨ।

ਸਿੱਖੀ ਵਿੱਚ 'ਸਹਿਜ' (ਟਿਕਾਅ) ਦਾ ਬਹੁਤ ਮਹੱਤਵ ਹੈ। ਕਈ ਯਾਤਰੀ ਜਲਦੀ ਦਰਸ਼ਨ ਕਰਨ ਦੀ ਕਾਹਲੀ ਵਿੱਚ ਤੇਜ਼ ਚੜ੍ਹਾਈ ਕਰਦੇ ਹਨ, ਜਿਸ ਨਾਲ ਉਹ ਜਲਦੀ ਥੱਕ ਜਾਂਦੇ ਹਨ। ਪਹਾੜੀ ਰਸਤੇ 'ਤੇ ਹਮੇਸ਼ਾ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਹੌਲੀ-ਹੌਲੀ ਚੱਲਣਾ ਚਾਹੀਦਾ ਹੈ। ਜਿੱਥੇ ਲੋੜ ਮਹਿਸੂਸ ਹੋਵੇ, ਉੱਥੇ ਕੁਝ ਸਮੇਂ ਲਈ ਵਿਸ਼ਰਾਮ ਕਰਨਾ ਚਾਹੀਦਾ ਹੈ। ਜੇ ਸਾਹ ਚੜ੍ਹੇ ਜਾਂ ਚੱਕਰ ਆਉਣ, ਤਾਂ ਤੁਰੰਤ ਆਰਾਮ ਕਰਨਾ ਚਾਹੀਦਾ ਹੈ। ਰਾਤ ਸਮੇਂ ਯਾਤਰਾ ਕਰਨ ਤੋਂ ਬਚਣਾ ਚਾਹੀਦਾ ਹੈ ਅਤੇ ਦਿਨ ਦੇ ਚਾਨਣ ਵਿੱਚ ਹੀ ਵਾਹਿਗੁਰੂ ਦੀ ਓਟ ਆਸਰਾ ਲੈ ਕੇ ਅੱਗੇ ਵਧਣਾ ਚਾਹੀਦਾ ਹੈ।

ਯਾਤਰਾ ਦੌਰਾਨ ਸਾਧਾਰਾਨ ਅਤੇ ਹਲਕਾ ਭੋਜਨ ਛਕਣਾ ਚਾਹੀਦਾ ਹੈ। ਬਹੁਤ ਜ਼ਿਆਦਾ ਤੇਲ ਵਾਲੀਆਂ ਚੀਜ਼ਾਂ ਖਾਣ ਨਾਲ ਸਰੀਰ ਭਾਰੀ ਮਹਿਸੂਸ ਕਰਦਾ ਹੈ। ਸੁੱਕੇ ਫਲ, ਬਿਸਕੁਟ, ਚਾਕਲੇਟ ਅਤੇ ਗੁੜ ਵਰਗੀਆਂ ਚੀਜ਼ਾਂ ਨਾਲ ਰੱਖਣੀਆਂ ਲਾਭਦਾਇਕ ਰਹਿੰਦੀਆਂ ਹਨ। ਸ਼ਰਾਬ ਜਾਂ ਨਸ਼ੇ ਵਾਲੀਆਂ ਚੀਜ਼ਾਂ ਤੋਂ ਪੂਰੀ ਤਰ੍ਹਾਂ ਦੂਰ ਰਹਿਣਾ ਚਾਹੀਦਾ ਹੈ। ਪਵਿੱਤਰ ਅਸਥਾਨਾਂ ਦੀ ਯਾਤਰਾ 'ਤੇ ਜਾਂਦਿਆਂ ਬਜਰ ਕੁਰਹਿਤਾਂ ਕਰਨੀਆਂ ਧਾਰਮਿਕ ਪੱਖੋਂ ਵੱਡਾ ਗੁਨਾਹ ਹਨ ਅਤੇ ਇਹ ਸਿਹਤ ਲਈ ਵੀ ਖ਼ਤਰਨਾਕ ਸਾਬਤ ਹੋ ਸਕਦੀਆਂ ਹਨ।

ਗੁਰਬਾਣੀ ਦਾ ਫੁਰਮਾਨ ਹੈ— 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ॥' ਸ੍ਰੀ ਹੇਮਕੁੰਟ ਸਾਹਿਬ ਸਿਰਫ਼ ਧਾਰਮਿਕ ਹੀ ਨਹੀਂ, ਸਗੋਂ ਕੁਦਰਤੀ ਵਿਰਾਸਤ ਵਾਲਾ ਪਵਿੱਤਰ ਸਥਾਨ ਵੀ ਹੈ। ਯਾਤਰੀਆਂ ਨੂੰ ਇੱਥੇ ਸਫ਼ਾਈ ਦਾ ਖ਼ਾਸ ਧਿਆਨ ਰੱਖਣਾ ਚਾਹੀਦਾ ਹੈ। ਪਲਾਸਟਿਕ ਦੀਆਂ ਬੋਤਲਾਂ ਜਾਂ ਕੂੜਾ-ਕਰਕਟ ਇੱਧਰ-ਉੱਧਰ ਸੁੱਟ ਕੇ ਇਸ ਧਰਤੀ ਨੂੰ ਪਲੀਤ ਨਹੀਂ ਕਰਨਾ ਚਾਹੀਦਾ। ਕੁਦਰਤ ਦੀ ਸੁੰਦਰਤਾ ਅਤੇ ਪਵਿੱਤਰਤਾ ਨੂੰ ਕਾਇਮ ਰੱਖਣਾ ਹਰ ਗੁਰਸਿੱਖ ਅਤੇ ਯਾਤਰੀ ਦੀ ਧਾਰਮਿਕ ਜ਼ਿੰਮੇਵਾਰੀ ਹੈ।

ਇੱਕ ਚੰਗਾ ਸ਼ਰਧਾਲੂ ਉਹ ਹੈ ਜੋ ਮਰਿਆਦਾ ਅਤੇ ਅਨੁਸ਼ਾਸਨ ਵਿੱਚ ਰਹਿੰਦਾ ਹੈ। ਸਰਕਾਰ ਅਤੇ ਯਾਤਰਾ ਪ੍ਰਬੰਧਕ ਕਮੇਟੀਆਂ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨੀ ਬਹੁਤ ਜ਼ਰੂਰੀ ਹੈ। ਰਜਿਸਟ੍ਰੇਸ਼ਨ, ਪਛਾਣ ਪੱਤਰ ਅਤੇ ਸੁਰੱਖਿਆ ਸਬੰਧੀ ਨਿਯਮਾਂ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਜੇ ਮੌਸਮ ਖ਼ਰਾਬ ਹੋਵੇ ਜਾਂ ਪ੍ਰਸ਼ਾਸਨ ਯਾਤਰਾ ਰੋਕ ਦੇਵੇ, ਤਾਂ ਭਾਣਾ ਮੰਨ ਕੇ ਬਿਨਾਂ ਜ਼ਿੱਦ ਕੀਤੇ ਸੁਰੱਖਿਆ ਨੂੰ ਪਹਿਲ ਦੇਣੀ ਚਾਹੀਦੀ ਹੈ, ਇਹ ਵੀ ਸਮੂਹ ਸੰਗਤ ਦੀ ਭਲਾਈ ਦਾ ਹਿੱਸਾ ਹੈ।

ਸੰਖੇਪ ਵਿੱਚ ਆਪਾਂ ਕਹਿ ਸਕਦੇ ਹਾਂ ਕਿ ਹੇਮਕੁੰਟ ਸਾਹਿਬ ਦੀ ਯਾਤਰਾ ਮਨੁੱਖ ਨੂੰ ਆਤਮਿਕ ਤਾਕਤ, ਧੀਰਜ ਅਤੇ ਕੁਦਰਤ ਨਾਲ ਜੁੜਨ ਦਾ ਅਨੋਖਾ ਅਨੁਭਵ ਦਿੰਦੀ ਹੈ। ਇਹ ਯਾਤਰਾ ਸਾਨੂੰ ਸਿਖਾਉਂਦੀ ਹੈ ਕਿ ਵਿਸ਼ਵਾਸ ਅਤੇ ਹੌਸਲੇ ਨਾਲ ਹਰ ਮੁਸ਼ਕਲ ਨੂੰ ਪਾਰ ਕੀਤਾ ਜਾ ਸਕਦਾ ਹੈ। ਪਰ ਇਸ ਯਾਤਰਾ ਦੀ ਕਠਿਨਾਈ ਨੂੰ ਦੇਖਦੇ ਹੋਏ ਸਹੀ ਤਿਆਰੀ ਅਤੇ ਸਾਵਧਾਨੀਆਂ ਬਹੁਤ ਜ਼ਰੂਰੀ ਹਨ। ਜੇ ਯਾਤਰੀ ਸਿਹਤ, ਮੌਸਮ, ਸੁਰੱਖਿਆ ਅਤੇ ਸਫ਼ਾਈ ਦਾ ਧਿਆਨ ਰੱਖਣ, ਤਾਂ ਇਹ ਯਾਤਰਾ ਨਾ ਸਿਰਫ਼ ਸੁਰੱਖਿਅਤ ਸਗੋਂ ਜੀਵਨ ਦੀਆਂ ਸਭ ਤੋਂ ਯਾਦਗਾਰ ਅਤੇ ਪਵਿੱਤਰ ਯਾਤਰਾਵਾਂ ਵਿੱਚੋਂ ਇੱਕ ਬਣ ਸਕਦੀ ਹੈ।

# ਜੁਡੀਸ਼ੀਅਲ ਕੋਰਟ ਕੰਪਲੈਕਸ ਸਬ-ਡਵੀਜ਼ਨ, ਬਟਾਲਾ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ



**ਬਟਾਲਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੀਆਂ ਹਦਾਇਤਾਂ ਮੁਤਾਬਕ ਅਤੇ ਸ੍ਰੀ ਦਿਲਬਾਗ ਸਿੰਘ ਜੌਹਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ੍ਰੀ ਹਰਪ੍ਰੀਤ ਸਿੰਘ, ਮਾਨਯੋਗ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜਨ, ਗੁਰਦਾਸਪੁਰ ਜਿਲ੍ਹਾ ਕੋਰਟ ਕੰਪਲੈਕਸ ਗੁਰਦਾਸਪੁਰ ਅਤੇ ਸਬ-ਡਵੀਜਨ, ਬਟਾਲਾ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਹ ਦਿਵਸ ਹਰ ਸਾਲ 5 ਜੂਨ ਨੂੰ ਸਾਰੇ ਵਿਸ਼ਵ ਵਿੱਚ ਮਨਾਇਆ ਜਾਂਦਾ ਹੈ। ਇਸ ਮੌਕੇ ਜਿਲ੍ਹਾ ਕਚਹਿਰੀਆਂ, ਗੁਰਦਾਸਪੁਰ ਅਤੇ ਬਟਾਲਾ ਵਿਖੇ ਸਮੂਹ ਜੁਡੀਸ਼ੀਅਲ ਅਫਸਰ ਸਹਿਬਾਨ ਮੌਜੂਦ ਸਨ। ਇਹ ਦਿਵਸ ਅੱਜ ਬਹੁਤ ਹੀ ਉਤਸ਼ਾਹ ਅਤੇ ਵਚਨਬੱਧਤਾ ਨਾਲ ਮਨਾਇਆ ਗਿਆ।ਇਸ ਮੌਕੇ ਵਾਤਾਵਰਨ ਦੀ ਸੁਰੱਖਿਆ ਅਤੇ ਹਰਿਆਵਲ ਨੂੰ ਵਧਾਉਣ ਲਈ ਇਹ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਰੱਖਿਆ ਗਿਆ ਅਤੇ ਪੌਦੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਮੂਹ ਜੁਡੀਸ਼ੀਅਲ ਅਫਸਰਾਂ ਦੁਆਰਾ ਪੌਦੇ ਲਗਾਏ ਗਏ।ਇਸ ਮੌਕੇ ਸ੍ਰੀ ਮੋਹਿਤ ਬਾਂਸਲ, ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ ਨੇ ਦੱਸਿਆ ਕਿ ਸਾਨੂੰ ਵੱਧ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਤਾਂ ਜੋ ਸਾਡਾ ਵਾਤਾਵਰਨ ਵੱਧ ਤੋਂ ਵੱਧ ਸਾਫ ਸੁਥਰਾ ਰਹਿ ਸਕੇ।

ਉਹਨਾਂ ਇਹ ਵੀ ਕਿਹਾ ਕਿ ਵਾਤਵਾਰਨ ਦਿਵਸ ਮਨਾਉਣ ਦਾ ਮੁੱਖ ਉਦੇਸ਼ ਕੁਦਰਤ ਅਤੇ ਧਰਤੀ ਦੀ ਰੱਖਿਆ ਕਰਨਾ ਅਤੇ ਵਾਤਾਵਰਨ ਵਿੱਚ ਸੁਧਾਰ ਕਰਨਾ ਹੈ। ਇਸ ਤੋਂ ਇਲਾਵਾ ਉਹਨਾਂ ਨੇ ਕੁਦਰਤੀ ਸਰੋਤਾਂ ਜਿਵੇਂ ਕਿ ਪਾਣੀ, ਹਵਾ ਅਤੇ ਧਰਤੀ ਨੂੰ ਬਚਾਉਣ ਲਈ ਹਰ ਨਾਗਰਿਕ ਨੂੰ ਆਪਣੀ ਜਿੰਮੇਵਾਰੀ ਸਮਝਣ ਦਾ ਸੱਦਾ ਦਿੱਤਾ।

# ਏਸ਼ੀਆ ਜੂਨੀਅਰ ਗੋਲਡ ਮੈਡਲਿਸਟ ਸਹਿਨੂਰ ਬਾਵਾ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੀਤਾ ਸਨਮਾਨਤ

**ਦਿੜ੍ਹਬਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਹਾਂਗਕਾਂਗ ਵਿਖੇ ਹੋਈ ਅੰਡਰ 20 ਏਸ਼ੀਅਨ ਅਥਲੈਟਿਕ ਚੈਂਪੀਅਨਸ਼ਿਪ ਵਿੱਚ ਸੰਗਰੂਰ ਜ਼ਿਲ੍ਹੇ ਦੀ ਲੜਕੀ ਸਹਿਨੂਰ ਬਾਵਾ ਵੱਲੋਂ ਰਿਲੇਅ ਰੇਸ ਵਿੱਚ ਗੋਲਡ ਮੈਡਲ ਪ੍ਰਾਪਤ ਕਰਨ ਉੱਤੇ ਉਹਨਾਂ ਦੇ ਘਰ ਪਹੁੰਚ ਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਹਿਨੂਰ ਨੂੰ ਜਿੱਥੇ ਵਧਾਈ ਦਿੱਤੀ, ਉੱਥੇ ਸਨਮਾਨਿਤ ਕੀਤਾ ਗਿਆ। ਸਹਿਨੂਰ ਬਾਵਾ ਹਲਕਾ ਦਿੜ੍ਹਬਾ ਦੇ ਪਿੰਡ ਖਡਿਆਲ ਦੀ ਰਹਿਣ ਵਾਲੀ ਹੈ ਜੋ ਕਿ ਸਧਾਰਨ ਪਰਿਵਾਰ ਦੇ ਵਿੱਚ ਜਨਮੀ ਅਤੇ ਸ਼ੁਰੂ ਤੋਂ ਹੀ ਖੇਡਾਂ ਵਿੱਚ ਰੁਚੀ ਹੋਣ ਕਰਕੇ ਅੱਜ ਆਪਣੇ ਇਲਾਕੇ ਦੇ ਨਾਲ ਪੂਰੇ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਉਸ ਦੇ ਪਰਿਵਾਰ ਨੂੰ ਵਧਾਈ ਦੇਣ ਲਈ ਵਿਸ਼ੇਸ਼ ਤੌਰ 'ਤੇ ਉਹਨਾਂ ਦੇ ਘਰ ਪਹੁੰਚੇ ਅਤੇ ਪੰਜਾਬ



ਸਰਕਾਰ ਵੱਲੋਂ ਉਹਨਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸਹੂਲਤਾਂ ਬਾਰੇ ਵੀ ਖੁੱਲ ਕੇ ਜਾਣਕਾਰੀ ਦਿੱਤੀ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਸਹਿਨੂਰ ਬਾਵਾ ਵੱਲੋਂ ਛੋਟੀ ਉਮਰ ਵਿੱਚ ਹੀ ਕੀਤੀ ਗਈ ਪ੍ਰਾਪਤੀ ਸਾਡੇ ਦਿੜ੍ਹਬਾ ਹਲਕੇ ਲਈ ਹੀ ਨਹੀਂ, ਪੂਰੇ ਦੇਸ਼ ਲਈ ਮਾਣ ਵਾਲੀ ਗੱਲ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਖੇਡਾਂ ਪ੍ਰਤੀ ਵਿਸ਼ੇਸ਼ ਸੋਚ ਅਤੇ ਨੀਅਤ ਸਦਕਾ ਅੱਜ ਪਿੰਡਾਂ ਦੇ ਨੌਜਵਾਨ ਅਤੇ ਮੁਟਿਆਰਾਂ ਖੇਡਾਂ ਅੰਦਰ ਮੱਲਾ ਮਾਰ ਰਹੀਆਂ ਹਨ।

ਉਹਨਾਂ ਨੇ ਕਾਮਨਾ ਕੀਤੀ ਕਿ ਇਹ ਲੜਕੀ ਆਉਣ ਵਾਲੇ ਸਮੇਂ ਵਿੱਚ ਓਲੰਪਿਕ ਅਤੇ ਵਿਸ਼ਵ ਪੱਧਰ 'ਤੇ ਭਾਰਤ ਦੀ ਨੁਮਾਇੰਦਗੀ ਕਰੇ ਤਾਂ ਕਿ ਸਾਡੇ ਇਲਾਕੇ ਦਾ ਨਾਮ ਹੋਰ ਵੀ ਰੋਸ਼ਨ ਹੋ ਸਕੇ। ਉਹਨਾਂ ਇਹ ਵੀ ਕਿਹਾ ਕਿ ਉਹਨਾਂ ਦੀ ਸਰਕਾਰ ਵੱਲੋਂ ਇਸ ਲੜਕੀ ਨੂੰ ਹੋਰ ਤਿਆਰੀ ਕਰਨ ਲਈ ਹਰ ਸੰਭਵ ਮਦਦ ਕੀਤੀ ਜਾਵੇਗੀ। ਇਸ ਦੇ ਨਾਲ ਹੀ ਉਸ ਨੂੰ ਮੁਕਾਬਲੇ ਦੀ ਤਿਆਰੀ ਲਈ ਲੋੜੀਂਦੇ ਸਮਾਨ ਜਾਂ ਆਰਥਿਕ ਮਦਦ ਦੀ ਲੋੜ ਹੋਵੇਗੀ ਤਾਂ ਉਹ ਸਾਰੀ ਮਦਦ ਉਸ ਨੂੰ ਦਿੱਤੀ ਜਾਵੇਗੀ।

# ਵਿਰਾਸਤ-ਏ-ਖ਼ਾਲਸਾ ਅਤੇ ਭਗਵਾਨ ਵਾਲਮੀਕਿ ਤੀਰਥ ਸਥਲ ਹੋਣਗੇ ਸੌਰ ਊਰਜਾ ਨਾਲ ਲੈਸ : ਵਿਧਾਇਕ ਡਾ. ਜਸਬੀਰ ਸਿੰਘ ਸੰਧੂ

**ਅੰਮ੍ਰਿਤਸਰ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸਾਫ-ਸੁਥਰੀ ਊਰਜਾ ਪੈਦਾ ਕਰਨ ਦੀ ਦਿਸ਼ਾ ਵੱਲ ਵੱਡੀ ਪਹਿਲਕਦਮੀ ਤਹਿਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ (500 ਕਿਲੋਵਾਟ), ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਤੀਰਥ ਸਥਲ ਵਿਖੇ (400 ਕਿਲੋਵਾਟ) ਅਤੇ ਐਨ.ਆਈ.ਬੀ.ਈ. ਕਪੂਰਥਲਾ ਵਿਖੇ (300 ਕਿਲੋਵਾਟ) ਦੇ 2 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟ ਲਗਾਉਣ ਦਾ ਫ਼ੈਸਲਾ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 661 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਵੀ 18.6 ਮੈਗਾਵਾਟ ਦੇ ਸੋਲਰ ਪਲਾਂਟ ਲਾਉਣ ਲਈ ਵਰਕ ਆਰਡਰ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵਿਰਾਸਤ-ਏ-ਖਾਲਸਾ, ਭਗਵਾਨ ਵਾਲਮੀਕਿ ਤੀਰਥ ਸਥਲ ਅਤੇ ਐਨ.ਆਈ.ਬੀ.ਈ. ਕਪੂਰਥਲਾ ਸਮੇਤ ਪ੍ਰਮੁੱਖ ਵਿਰਾਸਤੀ ਅਤੇ ਵਿਦਿਅਕ ਇਮਾਰਤਾਂ ਵਿਖੇ 2 ਮੈਗਾਵਾਟ ਸੋਲਰਾਈਜੇਸਨ ਪ੍ਰਾਜੈਕਟ ਨੂੰ ਪੂਰਾ ਕਰਨ ਲਈ ਅਗਸਤ 2026 ਦੇ ਅੱਧ ਤੱਕ ਦੀ ਸਮਾਂ ਸੀਮਾ ਤੈਅ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਜ ਵਿੱਚ 661 ਸਰਕਾਰੀ ਇਮਾਰਤਾਂ 'ਤੇ 18.6 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਾਵਰ ਪਲਾਂਟਾਂ ਲਈ ਵਰਕ ਆਰਡਰ ਵੀ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਹੁਣ ਤੱਕ 34 ਸਰਕਾਰੀ ਇਮਾਰਤਾਂ 'ਤੇ 1.413 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਲਾਂਟ ਲਗਾਏ ਜਾ ਚੁੱਕੇ ਹਨ।

ਵਿਧਾਇਕ ਡਾ. ਸੰਧੂ ਨੇ ਅੱਗੇ ਦੱਸਿਆ ਕਿ ਮਾਨ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਦੀਆਂ ਗਲੀਆਂ ਰਾਤਾਂ ਨੂੰ ਵੀ ਰੌਸਨ ਕਰਨ ਲਈ ਇੱਕ ਵੱਖਰੀ ਪਹਿਲਕਦਮੀ ਕੀਤੀ ਗਈ ਹੈ ਅਤੇ ਰਾਜ ਸਰਕਾਰ ਨੇ ਪੇਡਾ ਨੂੰ ਅਗਲੇ ਛੇ ਮਹੀਨਿਆਂ ਦੇ ਅੰਦਰ ਤਿੰਨ ਲੱਖ ਸੋਲਰ ਸਟਰੀਟ ਲਾਈਟਾਂ ਲਾਉਣ ਦੇ ਨਿਰਦੇਸ਼ ਦਿੱਤੇ ਹਨ।

# ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਮਾਜ ਦੇ ਹਰ ਵਰਗ ਦਾ ਸਹਿਯੋਗ ਲਾਜ਼ਮੀ: ਬਰਿੰਦਰ ਕੁਮਾਰ ਗੋਇਲ

**➢ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੌਰਭ ਕੰਪਲੈਕਸ, ਲਹਿਰਾਗਾਗਾ ਵਿਖੇ ਸਮੀਖਿਆ ਮੀਟਿੰਗ ➢ ਪਿੰਡਾਂ ਦੇ ਸਰਪੰਚਾਂ, ਪੰਚਾਂ, ਵਿਲੇਜ ਲੈਵਲ ਡਿਫੈਂਸ ਕਮੇਟੀਆਂ ਅਤੇ ਸਮਾਜਿਕ ਆਗੂਆਂ ਨੂੰ ਨਸ਼ਿਆਂ ਖ਼ਿਲਾਫ਼ ਹੋਰ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ**

**ਲਹਿਰਾਗਾਗਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਸੌਰਭ ਕੰਪਲੈਕਸ, ਲਹਿਰਾਗਾਗਾ ਵਿਖੇ ਪਿੰਡਾਂ ਦੇ ਸਰਪੰਚਾਂ, ਪੰਚਾਂ, ਵਿਲੇਜ ਲੈਵਲ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ, ਮੁਹਿੰਮ ਦੇ ਕੋਆਰਡੀਨੇਟਰਾਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਆਗੂਆਂ ਨਾਲ ਸਮੀਖਿਆ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਨਸ਼ਿਆਂ ਵਿਰੁੱਧ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨ ਦੇ ਨਾਲ-ਨਾਲ ਨਸ਼ਿਆਂ ਦੀ ਮੰਗ ਨੂੰ ਖ਼ਤਮ ਕਰਨਾ ਵੀ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।



ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਡੀ ਗਿਣਤੀ ਵਿੱਚ ਨਸ਼ਾ ਤਸਕਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਨਸ਼ਿਆਂ ਦੇ ਕਾਰੋਬਾਰ ਨਾਲ ਬਣਾਈਆਂ ਗਈਆਂ ਗੈਰ-ਕਾਨੂੰਨੀ ਜਾਇਦਾਦਾਂ ਖ਼ਿਲਾਫ਼ ਵੀ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾ ਰਿਹਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨੂੰ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਲਈ ਪਿੰਡਾਂ ਦੇ ਚੁਣੇ ਹੋਏ ਨੁਮਾਇੰਦੇ, ਨੌਜਵਾਨ, ਸਮਾਜਿਕ ਸੰਸਥਾਵਾਂ ਅਤੇ ਵਿਲੇਜ ਲੈਵਲ ਡਿਫੈਂਸ ਕਮੇਟੀਆਂ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਨਸ਼ਿਆਂ ਵਿਰੁੱਧ ਜਨ-ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕਰਨ।

ਉਨ੍ਹਾਂ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਖੇਡਾਂ, ਸਿੱਖਿਆ, ਰੋਜ਼ਗਾਰ ਅਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਖੇਤਰ ਵਿੱਚ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਸ ਨੂੰ ਤੁਰੰਤ ਪੁਲਿਸ ਅਤੇ ਪ੍ਰਸ਼ਾਸਨ ਨਾਲ ਸਾਂਝਾ ਕੀਤਾ ਜਾਵੇ ਤਾਂ ਜੋ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਸਕੇ। ਸ਼੍ਰੀ ਗੋਇਲ ਨੇ ਕਿਹਾ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਸਮਾਜ ਤੋਂ ਦੂਰ ਕਰਨ ਦੀ ਬਜਾਏ ਉਨ੍ਹਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਸਹਿਯੋਗ ਦੇਣਾ ਸਮੇਂ ਦੀ ਲੋੜ ਹੈ। ਪੰਜਾਬ ਸਰਕਾਰ ਵੱਲੋਂ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਰਾਹੀਂ ਪ੍ਰਭਾਵਿਤ ਵਿਅਕਤੀਆਂ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾਈ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਸਿਰਫ਼ ਸਰਕਾਰ ਦੇ ਯਤਨਾਂ ਨਾਲ ਸੰਭਵ ਨਹੀਂ, ਸਗੋਂ ਇਸ ਲਈ ਸਮਾਜ ਦੇ ਹਰ ਵਰਗ ਦੇ ਸਰਗਰਮ ਸਹਿਯੋਗ ਦੀ ਲੋੜ ਹੈ। ਹਰ ਨਾਗਰਿਕ ਨੂੰ ਇਸ ਸਮਾਜਿਕ ਜੰਗ ਵਿੱਚ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਇਆ ਜਾ ਸਕੇ।

ਮੀਟਿੰਗ ਦੌਰਾਨ ਹਾਜ਼ਰੀਨ ਵੱਲੋਂ ਆਪਣੇ-ਆਪਣੇ ਖੇਤਰਾਂ ਵਿੱਚ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸੁਝਾਅ ਵੀ ਦਿੱਤੇ ਗਏ।

ਇਸ ਮੌਕੇ ਨਗਰ ਕੌਂਸਲ ਲਹਿਰਾਗਾਗਾ ਦੀ ਪ੍ਰਧਾਨ ਸ੍ਰੀਮਤੀ ਕਾਂਤਾ ਗੋਇਲ, ਐੱਸ.ਡੀ.ਐਮ. ਰਾਕੇਸ਼ ਪ੍ਰਕਾਸ਼ ਗਰਗ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਿੰਡਾਂ ਦੇ ਸਰਪੰਚ, ਪੰਚ, ਵਿਲੇਜ ਲੈਵਲ ਡਿਫੈਂਸ ਕਮੇਟੀਆਂ ਦੇ ਮੈਂਬਰ, ਸਮਾਜਿਕ ਆਗੂ ਅਤੇ ਪਤਵੰਤੇ ਹਾਜ਼ਰ ਸਨ।

# ਜ਼ਿਲ੍ਹਾ ਬਠਿੰਡਾ ਨੂੰ ਹਰਿਆ ਭਰਿਆ ਬਣਾਉਣ ਲਈ ਲਗਾਏ ਜਾਣਗੇ 6.50 ਲੱਖ ਬੂਟੇ : ਡਿਪਟੀ ਕਮਿਸ਼ਨਰ

**ਬਠਿੰਡਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਜ਼ਿਲ੍ਹੇ ਭਰ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਤੇ ਪ੍ਰਦੂਸ਼ਣ ਰਹਿਤ ਬਣਾਉਣ ਲਈ ਵੱਖ ਵੱਖ ਪਰਜਾਤੀਆਂ ਦੇ 6.50 ਲੱਖ ਪੌਦੇ ਲਗਾਏ ਜਾ ਰਹੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।

ਇਸੇ ਲੜੀ ਤਹਿਤ ਵਿਸ਼ਵ ਵਾਤਾਵਰਣ ਦਿਵਸ ਮੌਕੇ ਜਿਲ੍ਹੇ ਦੇ ਪਿੰਡ ਡੂੰਮਵਾਲੀ ਵਿਖੇ ਨਾਨਕ ਬਗੀਚੀ ਦੀ ਸਥਾਪਨਾ ਲਈ 36 ਦੇਸੀ ਪ੍ਰਜਾਤੀਆਂ ਦੇ ਪੌਦੇ ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ, ਬਠਿੰਡਾ ਵਣ ਮੰਡਲ ਵੱਲੋਂ ਡਿਵੀਜ਼ਨਲ ਫਾਰੈਸਟ ਅਫਸਰ ਬਠਿੰਡਾ ਸ਼੍ਰੀ ਅਮਿਤ ਚੌਹਾਨ ਦੀ ਮੌਜੂਦਗੀ ਵਿੱਚ ਲਗਾਏ ਗਏ।

ਸਮਾਗਮ ਦੌਰਾਨ ਸ੍ਰੀ ਚੌਹਾਨ ਨੇ ਕਿਹਾ ਕਿ ,ਜਲਵਾਯੂ ਪਰਿਵਰਤਨ ਦੇ ਮੌਜੂਦਾ ਦੌਰ ਵਿੱਚ ਰੁੱਖ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।

ਉਨ੍ਹਾਂ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੇ ਕੁੱਲ ਭੂਗੋਲਿਕ ਖੇਤਰਫਲ ਵਿੱਚੋਂ ਕੇਵਲ ਲਗਭਗ 2 ਫੀਸਦੀ ਖੇਤਰ ਹੀ ਵਣ ਰਕਬੇ ਹੇਠ ਹੈ,

ਇਸ ਲਈ ਜੰਗਲਾਤ ਵਿਭਾਗ ਵੱਲੋਂ ਮਾਨਸੂਨ ਸੀਜ਼ਨ ਦੌਰਾਨ ਵੱਡੇ ਪੱਧਰ 'ਤੇ ਰੁੱਖ ਲਗਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।

ਇਸ ਮੌਕੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਦੀ ਸੁਰੱਖਿਆ ਲਈ ਹਰ ਵਿਅਕਤੀ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਏ ਅਤੇ ਉਸ ਨੂੰ ਪਾਲਣ-ਪੋਸ਼ਣ ਦੀ ਜ਼ਿੰਮੇਵਾਰੀ ਵੀ ਨਿਭਾਏ।







# ਤਿਤਲੀ ਅਤੇ ਹਰਬਲ ਪਾਰਕ ਦੇ ਸੁੰਦਰੀਕਰਨ ਲਈ ਯਤਨਸ਼ੀਲ ਮੇਰਾ ਪਟਿਆਲਾ ਮੈਂ ਹੀ ਸਵਾਰਾਂ ਦੇ ਮੈਂਬਰ



**ਪਟਿਆਲਾ, 8 ਜੂਨ**
**-ਛੱਤਰਪਾਲ ਸਿੰਘ-**

ਪਟਿਆਲਾ ਦੇ ਜਾਗਰੂਕ ਨਾਗਰਿਕਾਂ ਦੀ ਅਗਵਾਈ ਵਾਲੀ ਮੁਹਿੰਮ ਮੇਰਾ ਪਟਿਆਲਾ ਮੈਂ ਹੀ ਸਵਾਰਾਂ ਨੇ ਇੱਥੇ ਡੀਸੀ ਦਫਤਰ ਰੋਡ 'ਤੇ ਸਥਿਤ ਰੈੱਡ ਕਰਾਸ ਦਫਤਰ ਦੇ ਨਾਲ ਲੱਗਦੇ ਵਾਤਾਵਰਣ ਪਾਰਕ ਵਿੱਚ ਇੱਕ ਸੁੰਦਰ ਤਿਤਲੀ ਅਤੇ ਹਰਬਲ ਪਾਰਕ ਸਫਲਤਾਪੂਰਵਕ ਵਿਕਸਤ ਕੀਤਾ ਹੈ, ਜਿਸ ਨਾਲ ਵਾਤਾਵਰਣ ਸੰਭਾਲ ਅਤੇ ਸ਼ਹਿਰੀ ਸੁੰਦਰੀਕਰਨ ਵਿੱਚ ਲੋਕਾਂ ਦੀ ਨਿਰਸਵਾਰਥ ਭਾਗੀਦਾਰੀ ਨੂੰ ਹੋਰ ਮਜ਼ਬੂਤੀ ਮਿਲੀ ਹੈ।

ਆਪਣੇ ਸਮਰਪਿਤ ਯਤਨਾਂ ਨੂੰ ਜਾਰੀ ਰੱਖਦੇ ਹੋਏ, ਮੁਹਿੰਮ ਦੇ ਲਗਭਗ 30 ਵਲੰਟੀਅਰਾਂ ਨੇ ਅੱਜ ਇਸ ਸਥਾਨ 'ਤੇ ਇੱਕ ਵਿਆਪਕ ਸਫਾਈ ਮੁਹਿੰਮ ਚਲਾਈ। ਟੀਮ ਨੇ ਕੁਦਰਤੀ ਜਲ ਸਰੋਤ ਅਤੇ ਨਾਲ ਲੱਗਦੇ ਰਸਤੇ ਦੀ ਵੀ ਸਫਾਈ ਕੀਤੀ, ਜੋ ਕਿ ਬਟਰਫਲਾਈ ਅਤੇ ਹਰਬਲ ਪਾਰਕ ਦੇ ਦੂਜੇ ਪ੍ਰਵੇਸ਼ ਦੁਆਰ ਵਜੋਂ ਕੰਮ ਕਰੇਗਾ।

ਇਸ ਪਹਿਲਕਦਮੀ ਦੇ ਵੇਰਵੇ ਸਾਂਝੇ ਕਰਦੇ ਹੋਏ, ਕੈਪਟਨ ਸੁਖਜੀਤ ਕੌਰ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ ਲਗਭਗ 300 ਕਿਲੋਗ੍ਰਾਮ ਕੂੜਾ ਹਟਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ 'ਅਸੀਂ ਜਲ ਸਰੋਤ ਨੂੰ ਸਾਫ਼ ਅਤੇ ਬਹਾਲ ਕਰ ਦਿੱਤਾ ਹੈ ਅਤੇ ਹੁਣ ਇਸ ਵਿੱਚ ਪਾਣੀ ਪਾਉਣ ਦੀ ਤਿਆਰੀ ਹੈ। ਪਾਰਕ ਵਿੱਚ ਸਿਰਫ਼ ਕੁਝ ਹੀ ਕੰਮ ਬਾਕੀ ਹਨ, ਜਿਸ ਤੋਂ ਬਾਅਦ ਇਹ ਟੀਮ ਪਟਿਆਲਾ ਨੂੰ ਸਾਫ਼ ਅਤੇ ਹਰਾ ਭਰਾ ਬਣਾਉਣ ਦੇ ਆਪਣੇ ਮਿਸ਼ਨ ਨੂੰ ਹੋਰ ਅੱਗੇ ਜਾਰੀ ਰੱਖੇਗੀ।'

ਵਲੰਟੀਅਰ ਐਚਪੀਐਸ ਲਾਂਬਾ ਨੇ ਦੱਸਿਆ ਕਿ ਅੱਜ 79ਵੀਂ ਸਫਾਈ ਮੁਹਿੰਮ ਸੀ ਤੇ 300 ਕਿਲੋ ਕੂੜਾ ਇਕੱਠਾ ਕਰਕੇ, ਮੁਹਿੰਮ ਨੇ ਹੁਣ ਤੱਕ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਤੋਂ 31,700 ਕਿਲੋ ਕੂੜਾ ਹਟਾਇਆ ਹੈ।ਪਾਰਕ ਲਈ ਭਵਿੱਖੀ ਵਿਕਾਸ ਯੋਜਨਾਵਾਂ ਬਾਰੇ ਪ੍ਰੋ. ਅਸ਼ੋਕ ਵਰਮਾ ਨੇ ਦੱਸਿਆ ਕਿ ਮਾਨਸੂਨ ਸੀਜ਼ਨ ਦੌਰਾਨ ਖੇਤਰ ਦੀ ਜੈਵ ਵਿਭਿੰਨਤਾ ਅਤੇ ਹਰੇ ਭਰੇ ਕਵਰ ਨੂੰ ਹੋਰ ਵਧਾਉਣ ਲਈ ਲਗਭਗ 500 ਰੁੱਖ ਲਗਾਏ ਜਾਣਗੇ।

ਸੀਐਮ ਕੌੜਾ ਨੇ ਕਿਹਾ ਕਿ ਤਿਤਲੀਆਂ ਲਈ ਇੱਕ ਅਨੁਕੂਲ ਨਿਵਾਸ ਸਥਾਨ ਬਣਾਉਣ ਅਤੇ ਸੈਲਾਨੀਆਂ ਵਿੱਚ ਵਾਤਾਵਰਣ ਸੰਬੰਧੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਪਾਰਕ ਵਿੱਚ ਕਈ ਦੇਸੀ ਜੜੀ-ਬੂਟੀਆਂ ਦੀਆਂ ਕਿਸਮਾਂ ਅਤੇ ਤਿਤਲੀਆਂ ਦੇ ਲਾਰਵੇ ਦੇ ਮੇਜ਼ਬਾਨ ਪੌਦੇ ਵੀ ਲਗਾਏ ਜਾਣਗੇ।

ਕਰਨਲ ਕਰਮਿੰਦਰ ਸਿੰਘ ਨੇ ਦੱਸਿਆ ਕਿ ਇੱਕ ਵਿਸ਼ਾਲ ਤਿਤਲੀ ਨੂੰ ਦਰਸਾਉਂਦਾ 25×25 ਫੁੱਟ ਪੱਥਰ ਦਾ ਕੰਧ-ਚਿੱਤਰ ਇੱਕ ਵਿਲੱਖਣ ਆਕਰਸ਼ਣ ਵਜੋਂ ਬਣਾਇਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਜਗ੍ਹਾ 'ਤੇ ਝੂਲਿਆਂ ਅਤੇ ਹੋਰ ਖੇਡ ਉਪਕਰਣਾਂ ਨਾਲ ਲੈਸ ਇੱਕ ਬੱਚਿਆਂ ਦਾ ਪਾਰਕ ਵਿਕਸਤ ਕੀਤਾ ਜਾਵੇਗਾ।ਸਾਰੇ ਵਲੰਟੀਅਰਾਂ ਨੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ ਅਤੇ ਹੋਰ ਸ਼ਹਿਰੀਆਂ ਨੂੰ ਵੀ ਸਫਾਈ ਅਤੇ ਸੰਭਾਲ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ।

# ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਮਾਸਟਰਸ਼ੈਫ ਇੰਡੀਆ ਦੀ ਪ੍ਰਤੀਯੋਗੀ ਹਰਮਨਪ੍ਰੀਤ ਕੌਰ ਨੂੰ ਸਾਲਾਂ ਪੁਰਾਣੀ ਬੀਮਾਰੀ ਅਤੇ ਇਲਾਜ ਦੇ ਵਧ ਰਹੇ ਖਰਚਿਆਂ ਤੋਂ ਦਿੱਤੀ ਰਾਹਤ

**ਪਟਿਆਲਾ, 8 ਜੂਨ**
**-ਅਰਸ਼ਦੀਪ ਕੌਰ-**

ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਪਟਿਆਲਾ ਦੀ 51 ਸਾਲਾ ਉਦਮੀ ਅਤੇ ਮਾਸਟਰਸ਼ੈਫ ਇੰਡੀਆ ਸੀਜ਼ਨ-6 ਦੇ ਟਾਪ-20 ਪ੍ਰਤੀਯੋਗੀਆਂ ਵਿੱਚ ਆਪਣੀ ਥਾਂ ਬਣਾਉਣ ਵਾਲੀ ਹਰਮਨਪ੍ਰੀਤ ਕੌਰ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਹੈ। ਹਰਮਨਪ੍ਰੀਤ ਪਿਛਲੇ ਕਰੀਬ ਇੱਕ ਦਹਾਕੇ ਤੋਂ ਬ੍ਰੇਨ ਹੈਮਰੇਜ ਨਾਲ ਜੁੜੀਆਂ ਪੇਚੀਦਗੀਆਂ,ਜਿਵੇਂ ਕਰੋਨਿਕ ਬਲੀਡਿੰਗ , ਡਾਇਬਟੀਜ਼ ਅਤੇ ਸੋਰਾਇਸਿਸ ਸਮੇਤ ਕਈ ਗੰਭੀਰ ਸਿਹਤ ਸਮੱਸਿਆਵਾਂ ਨਾਲ ਜੂਝ ਰਹੀ ਸੀ।

ਕਰੀਬ ਦੋ ਸਾਲਾਂ ਤੋਂ, ਮਾਂਹਵਾਰੀ ਦੌਰਾਨ ਬਹੁਤ ਜ਼ਿਆਦਾ ਖੂਨ ਵਹਿਣ ਦੀ ਸਮੱਸਿਆ ਤੋਂ ਪੀੜਤ ਹਰਮਨਪ੍ਰੀਤ ਨੂੰ 30 ਅਪ੍ਰੈਲ 2026 ਨੂੰ ਰਾਜਿੰਦਰਾ ਹਸਪਤਾਲ, ਪਟਿਆਲਾ ਵਿੱਚ ਦਾਖ਼ਲ ਕਰਵਾਇਆ ਗਿਆ ਸੀ। 2 ਮਈ ਨੂੰ ਉਸਦਾ ਸਫ਼ਲ ਲੈਪ੍ਰੋਸਕੋਪਿਕ ਆਪ੍ਰੇਸ਼ਨ ਕੀਤਾ ਗਿਆ। ਹਰਮਨਪ੍ਰੀਤ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਨੇ ਨਾ ਸਿਰਫ਼ ਉਸਦੇ ਇਲਾਜ ਦਾ ਆਰਥਿਕ ਬੋਝ ਘਟਾਇਆ, ਸਗੋਂ ਉਸਨੂੰ ਸਮੇਂ ਸਿਰ ਮਿਆਰੀ ਸਿਹਤ ਸੇਵਾਵਾਂ ਵੀ ਉਪਲੱਬਧ ਕਰਵਾਈਆਂ।

ਹਰਮਨਪ੍ਰੀਤ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਸਾਲ 2011 ਵਿੱਚ ਹੋਏ ਬ੍ਰੇਨ ਹੈਮਰੇਜ ਤੋਂ ਬਾਅਦ ਸ਼ੁਰੂ ਹੋਈਆਂ, ਜਿਸ ਕਾਰਨ ਉਸਨੂੰ ਨਿਊਰੋਲੋਜੀਕਲ ਪੇਚੀਦਗੀਆਂ ਦਾ ਸਾਹਮਣਾ ਕਰਨਾ ਪਿਆ। ਲੰਬੇ ਸਮੇਂ ਤੱਕ ਚੱਲੀ ਬੀਮਾਰੀ ਦਾ ਅਸਰ ਪਰਿਵਾਰ ਦੀ ਆਰਥਿਕ ਹਾਲਤ 'ਤੇ ਵੀ ਪਿਆ। ਉਸਦੀ ਦੇਖਭਾਲ ਲਈ ਉਸਦੇ ਪਤੀ ਨੂੰ ਨਿੱਜੀ ਖੇਤਰ ਦੀ ਵਧੀਆ ਨੌਕਰੀ ਛੱਡਣੀ ਪਈ,ਉੱਤੋਂ ਇਲਾਜ ਦਾ ਖ਼ਰਚਾ ਲਗਾਤਾਰ ਵਧਦਾ ਰਿਹਾ।

ਕੁੱਝ ਸਾਲਾਂ ਬਾਅਦ, ਸਾਲ 2025 ਵਿੱਚ, ਪੇਰੀਮੈਨੋਪੌਜ਼ ਦੌਰਾਨ ਉਹ ਲੰਬੇ ਸਮੇਂ ਤੱਕ ਲਗਾਤਾਰ ਖੂਨ ਵਹਿਣ ਦੀ ਸਮੱਸਿਆ ਤੋਂ ਪੀੜਤ ਹੋ ਗਈ। ਉਸਦੇ ਗੰਭੀਰ ਮੈਡੀਕਲ ਪਿਛੋਕੜ ਕਾਰਨ ਐਨੇਸਥੀਸੀਆ ਨਾਲ ਜੁੜੇ ਕਿਸੇ ਵੀ ਆਪ੍ਰੇਸ਼ਨ ਵਿੱਚ ਜੋਖ਼ਮ ਬਹੁਤ ਵੱਧ ਸਨ । ਸਾਲ 2020 ਅਤੇ 2024 ਵਿੱਚ ਮਿਰੇਨਾ ਇਨਸਰਸ਼ਨ ਸਮੇਤ ਕਈ ਇਲਾਜ ਕਰਵਾਉਣ ਦੇ ਬਾਵਜੂਦ ਉਸਦੀ ਸਮੱਸਿਆ ਜਾਰੀ ਰਹੀ ਅਤੇ ਕਰੀਬ ਦੋ ਸਾਲਾਂ ਤੱਕ ਲਗਾਤਾਰ ਉਹ ਕਰੋਨਿਕ ਬਲੀਡਿੰਗ ਦੀ ਸ਼ਿਕਾਰ ਰਹੀ ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਮੈਡੀਕਲ ਕਾਲਜ ਅਤੇ ਰਾਜਿੰਦਰਾ ਹਸਪਤਾਲ ਦੇ ਪ੍ਰਸੂਤੀ ਅਤੇ ਗਾਇਨੀ ਵਿਭਾਗ ਦੀ ਪ੍ਰੋਫੈਸਰ ਡਾ. ਪ੍ਰੀਤ ਕਮਲ ਸਿਬੀਆ ਨੇ ਕਿਹਾ, ਹਰਮਨਪ੍ਰੀਤ ਜੋ ਮੀਨੋਪੌਜ਼ ਦੇ ਪੜਾਅ ਵੱਲ ਵਧ ਰਹੀ ਸੀ, ਪਿਛਲੇ ਕਰੀਬ ਦਸ ਸਾਲਾਂ ਤੋਂ ਬਹੁਤ ਜ਼ਿਆਦਾ ਮਾਹਵਾਰੀ ਖੂਨ ਵਹਿਣ ਦੀ ਸਮੱਸਿਆ ਨਾਲ ਪੀੜਤ ਸੀ। ਇਸਦੇ ਨਾਲ ਹੀ ਉਸਨੂੰ ਹਾਈਪਰਟੈਨਸ਼ਨ, ਟਾਈਪ-2 ਡਾਇਬਟੀਜ਼, ਹਾਈਪੋਥਾਇਰਾਇਡਿਜ਼ਮ, ਸੋਰਾਇਸਿਸ ਅਤੇ ਨਿਊਰੋਲੋਜੀਕਲ ਪੇਚੀਦਗੀਆਂ ਸਮੇਤ ਕਈ ਹੋਰ ਸਿਹਤ ਸਮੱਸਿਆਵਾਂ ਵੀ ਸਨ। ਡਾ. ਸਿਬੀਆ ਨੇ ਅੱਗੇ ਦੱਸਿਆ, ਉਸਦੇ ਗਰਭਾਸ਼ਯ ਵਿੱਚ ਇੱਕ ਵੱਡਾ ਫਾਈਬਰਾਇਡ ਸੀ ਅਤੇ ਪਹਿਲਾਂ ਵੀ ਲੰਬੇ ਸਮੇਂ ਤੱਕ ਦਵਾਈਆਂ ਰਾਹੀਂ ਇਲਾਜ ਕੀਤਾ ਗਿਆ ਸੀ, ਪਰ ਉਮੀਦ ਅਨੁਸਾਰ ਸਫ਼ਲਤਾ ਨਹੀਂ ਮਿਲੀ। ਬਾਰੀਕੀ ਨਾਲ ਜਾਂਚ ਕਰਨ ਤੋਂ ਬਾਅਦ ਸਾਡੀ ਟੀਮ ਨੇ ਉਸਦਾ ਟੋਟਲ ਲੈਪ੍ਰੋਸਕੋਪਿਕ ਹਿਸਟਰੇਕਟੋਮੀ ਆਪ੍ਰੇਸ਼ਨ ਕੀਤਾ। ਆਪ੍ਰੇਸ਼ਨ ਸਫ਼ਲ ਰਿਹਾ, ਉਸਦੀ ਆਪ੍ਰੇਸ਼ਨ ਤੋਂ ਬਾਅਦ ਦੀ ਸਿਹਤਯਾਬੀ ਸੁਚਾਰੂ ਢੰਗ ਨਾਲ ਹੋਈ ਅਤੇ ਉਸਨੂੰ ਤਸੱਲੀਬਖਸ਼ ਹਾਲਤ ਵਿੱਚ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।

ਹਰਮਨਪ੍ਰੀਤ ਨੇ ਦੱਸਿਆ ਕਿ ਇਲਾਜ ਦੌਰਾਨ ਡਾ. ਸਿਬੀਆ ਦੀ ਸਲਾਹ 'ਤੇ ਉਸਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਕਰਵਾਇਆ , ਜਿਸ ਨਾਲ ਉਸਦੇ ਪਰਿਵਾਰ 'ਤੇ ਪੈਣ ਵਾਲਾ ਆਰਥਿਕ ਬੋਝ ਕਾਫ਼ੀ ਘੱਟ ਹੋ ਗਿਆ। ਉਸਨੇ ਇਸ ਲੋਕ-ਭਲਾਈ ਯੋਜਨਾ ਲਈ ਭਗਵੰਤ ਮਾਨ ਸਰਕਾਰ ਦਾ ਧੰਨਵਾਦ ਕੀਤਾ ਅਤੇ ਡਾਕਟਰਾਂ ਤੇ ਹਸਪਤਾਲ ਸਟਾਫ਼ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਮੁੱਖ ਇਲਾਜ ਦੇ ਨਾਲ-ਨਾਲ ਉਸਦੀ ਡਾਇਬਟੀਜ਼ ਅਤੇ ਸੋਰਾਇਸਿਸ ਵਰਗੀਆਂ ਹੋਰ ਸਿਹਤ ਸਮੱਸਿਆਵਾਂ ਦਾ ਵੀ ਪੂਰਾ ਧਿਆਨ ਰੱਖਿਆ।

ਆਪਣੇ ਉਦਮੀ ਸਫ਼ਰ ਲਈ ਜਾਣੀ ਜਾਂਦੀ ਹਰਮਨਪ੍ਰੀਤ ਨੇ ਸਾਲਾਂ ਤੱਕ ਪਟਿਆਲਾ ਵਿੱਚ ਟਿਫ਼ਨ ਸੇਵਾ, ਫੂਡ ਕਾਰਟ ਅਤੇ ਫੂਡ ਵੈਨ ਚਲਾਈ ਹੈ। ਲੰਬੇ ਸਮੇਂ ਤੱਕ ਬੀਮਾਰੀ ਨਾਲ ਜੂਝਣ ਦੇ ਬਾਵਜੂਦ ਉਸਨੇ ਖਾਣਾ ਬਣਾਉਣ ਦੇ ਆਪਣੇ ਜਨੂੰਨ ਨੂੰ ਜਾਰੀ ਰੱਖਿਆ ਅਤੇ ਮਾਸਟਰਸ਼ੈਫ ਇੰਡੀਆ ਸੀਜ਼ਨ-6 ਦੇ ਟਾਪ-20 ਪ੍ਰਤੀਯੋਗੀਆਂ ਵਿੱਚ ਆਪਣੀ ਥਾਂ ਬਣਾਈ। ਹੁਣ ਸਿਹਤਯਾਬੀ ਤੋਂ ਬਾਅਦ ਉਹ ਆਪਣੇ ਸੁਪਨਿਆਂ ਨੂੰ ਦੁਬਾਰਾ ਸਾਕਾਰ ਕਰਨ ਦੀ ਤਿਆਰੀ ਕਰ ਰਹੀ ਹੈ।

ਕੈਸ਼ਲੈੱਸ ਇਲਾਜ ਅਤੇ ਸਮੇਂ ਸਿਰ ਮਿਲੀ ਸਿਹਤ ਸਹਾਇਤਾ ਲਈ ਧੰਨਵਾਦ ਪ੍ਰਗਟ ਕਰਦਿਆਂ ਹਰਮਨਪ੍ਰੀਤ ਨੇ ਕਿਹਾ ਕਿ ਇਸ ਤਜਰਬੇ ਨੇ ਜਨਤਕ ਸੇਵਾਵਾਂ ਪ੍ਰਤੀ ਉਸਦਾ ਵਿਸ਼ਵਾਸ ਮੁੜ ਸਥਾਪਿਤ ਕੀਤਾ ਹੈ ਅਤੇ ਸਰਕਾਰ ਉੱਤੇ ਉਸਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ। ਉਸਨੇ ਕਿਹਾ, ਮੇਰੇ ਵਰਗੇ ਲਾਭਪਾਤਰੀ ਇਸ ਗੱਲ ਦੀ ਪ੍ਰਤੱਖ ਉਦਾਹਰਣ ਹਨ ਕਿ ਕਿਫ਼ਾਇਤੀ ਅਤੇ ਸੌਖੀ ਪਹੁੰਚ ਵਾਲੀਆਂ ਸਿਹਤ ਸੇਵਾਵਾਂ ਆਮ ਲੋਕਾਂ, ਖ਼ਾਸ ਕਰਕੇ ਲੰਬੇ ਸਮੇਂ ਤੋਂ ਗੰਭੀਰ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਦੀ ਜ਼ਿੰਦਗੀ ਵਿੱਚ ਕਿੰਨਾ ਵੱਡਾ ਬਦਲਾਅ ਲਿਆ ਸਕਦੀਆਂ ਹਨ।

# ਮਾਮਲਾ: ਨਜਾਇਜ਼ ਉਸਾਰੀਆਂ ਦਾ; ਆਪ ਵਿਧਾਇਕਾ ਦੀ ਸ਼ਹਿ 'ਤੇ ਈ. ਓ. ਦੀ ਮਿਲੀਭੁਗਤ ਨਾਲ ਨਗਰ ਕੌਂਸਲ ਦੇ ਖਜਾਨੇ ਨੂੰ ਲੱਗ ਰਿਹੈ ਲੱਖਾਂ ਦਾ ਚੂਨਾ







**ਰਾਜਪੁਰਾ, 8 ਜੂਨ**
**--ਪੱਤਰ ਪ੍ਰੇਰਕ-**

ਸੂਬੇ ਅੰਦਰ ਭ੍ਰਿਸ਼ਟਾਚਾਰ ਦੀ ਜ਼ੀਰੋ ਟਾਲਰੈਂਸ ਦੀਆਂ ਗੱਲਾਂ ਕਰਨ ਵਾਲੇ ਆਮ ਆਦਮੀ ਪਾਰਟੀ ਦੀ ਸਰਕਾਰ ਖੁਦ ਹੀ ਭ੍ਰਿਸ਼ਟਾਚਾਰ ਦੀ ਦਲਦਲ ਵਿਚ ਧੱਸਦੀ ਜਾ ਰਹੀ ਹੈ। ਰਾਜਪੁਰਾ ਦੀ ਆਪ ਵਿਧਾਇਕਾ ਦੀ ਸ਼ਹਿ 'ਤੇ ਨਗਰ ਕੌਂਸਲ ਰਾਜਪੁਰਾ ਦੇ ਈ. ਓ. ਦੀ ਮਿਲੀਭੁਗਤ ਨਾਲ ਨਗਰ ਕੌਂਸਲ ਦੀ ਹਦੂਦ ਅੰਦਰ ਲਗਭਗ ਇੱਕ ਹਜ਼ਾਰ ਦੇ ਪਲਾਟ ਵਿਚ ਬਿਨ੍ਹਾਂ ਕੋਈ ਨਕਸ਼ਾ ਪਾਸ ਕਰਵਾਏ ਅਤੇ ਬਗੈਰ ਐਨ. ਓ. ਸੀ. ਲਏ ਹੀ ਰਾਜਪੁਰਾ ਤੋਂ ਅੰਬਾਲਾ ਰੋਡ 'ਤੇ ਮਾਰਬਲ ਵਾਲਿਆਂ ਨੇ ਇਮਾਰਤ ਦੀ ਨਜਾਇਜ਼ ਉਸਾਰੀ ਕਰ ਦਿੱਤੀ ਗਈ, ਜਿਸ ਨਾਲ ਸਰਕਾਰੀ ਖਜਾਨੇ ਨੂੰ ਟੈਕਸ ਦੇ ਰੂਪ ਵਿਚ ਮਿਲਣ ਵਾਲੇ ਲੱਖਾਂ ਰੁਪਏ ਦਾ ਚੂਨਾ ਲੱਗਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਇੱਥੇ ਹੀ ਬੱਸ ਨਹੀਂ, ਇਸ ਤਰ੍ਹਾਂ ਹੋਰ ਕਈ ਇਮਾਰਤਾਂ ਉਪਰ ਈ. ਓ. ਸਾਹਿਬ ਮੇਹਰਬਾਨ ਹਨ। ਜੇਕਰ ਸਾਲ 2023 ਤੋਂ ਲੈ ਕੇ ਹੁਣ ਤੱਕ ਨਗਰ ਕੌਂਸਲ ਰਾਜਪੁਰਾ ਦੀ ਉਚ ਪੱਧਰੀ ਜਾਂਚ ਕਰਵਾ ਲਈ ਜਾਵੇ ਤਾਂ ਉਸ ਵਿਚ ਹਜ਼ਾਰਾਂ ਹੀ ਇਮਾਰਤਾਂ ਦੀ ਉਸਾਰੀ ਨਜਾਇਜ਼ ਰੂਪ ਵਿਚ ਹੋਈ ਸਾਹਮਣੇ ਆ ਜਾਵੇਗੀ, ਜਿਨ੍ਹਾਂ ਦੀਆਂ ਕਰੋੜਾਂ ਰੁਪਏ ਦੀਆਂ ਫੀਸਾਂ ਅਤੇ ਟੈਕਸ ਖਜਾਨੇ ਵਿਚ ਜਮਾਂ ਨਹੀਂ ਹੋ ਸਕੇ। ਸੂਤਰਾਂ ਤੋਂ ਮਿਲੀ ਜਾਣਕਾਰੀ ਤੋਂ ਪਤਾ ਚੱਲਿਆ ਹੈ ਕਿ ਕਈ ਰਿਹਾਇਸ਼ੀ ਇਮਾਰਤਾਂ ਨੂੰ ਵਪਾਰਕ ਰੂਪ ਦੇ ਕੇ ਸ਼ਟਰ ਲਗਵਾਏ ਗਏ ਹਨ, ਜਿਨ੍ਹਾਂ ਦਾ ਜਲਦ ਹੀ ਖੁਲਾਸਾ ਕੀਤਾ ਜਾਵੇਗਾ। ਜਦੋਂ ਕਿ ਪਿਛਲੀ ਦਿਨੀਂ ਮਾਣਯੋਗ ਸੁਪਰੀਮ ਕੋਰਟ ਨੇ ਹੁਕਮ ਜਾਰੀ ਕਰਕੇ ਰਿਹਾਇਸ਼ੀ ਖੇਤਰਾਂ ਵਿਚ ਬਣੀਆਂ ਗੈਰ ਕਾਨੂੰਨੀ ਵਪਾਰਕ ਦੁਕਾਨਾਂ ਨੂੰ ਬੰਦ ਕੀਤਾ ਜਾਣਾ ਚਾਹੀਦਾ ਹੈ। ਪਰ ਪੰਜਾਬ ਵਿਜੀਲੈਂਸ ਛੋਟੇ ਛੋਟੇ ਮੁਲਾਜ਼ਮਾਂ ਨੂੰ ਛੋਟੀਆਂ ਰਿਸ਼ਵਤਾਂ ਦੇ ਕੇਸਾਂ ਵਿਚ ਉਲਝਾਈ ਰਖਦੀ ਹੈ ਅਤੇ ਮੋਟੀਆਂ ਮੱਛੀਆਂ ਤਿਲਕ ਕੇ ਪਾਰ ਚਲੀਆਂ ਜਾਂਦੀਆਂ ਹਨ। ਸਮੁੱਚੇ ਮਾਮਲੇ ਸੰਬੰਧੀ ਜਦੋਂ ਨਗਰ ਕੌਂਸਲ ਰਾਜਪੁਰਾ ਦੇ ਈ. ਓ. ਅਵਤਾਰ ਚੰਦ ਅਤੇ ਨਵਰੀਤ ਕੌਰ ਸੇਖੋਂ ਏ. ਡੀ. ਸੀ. (ਅਰਬਨ ਡਿਵੈਲਪਮੈਂਟ) ਨਾਲ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।

**ਨਗਰ ਕੌਂਸਲ ਦੀ ਪਿਛਲੇ 10 ਸਾਲਾਂ ਦੀ ਹੋਵੇ ਜਾਂਚ: ਸੁਖਵਿੰਦਰ ਸਿੰਘ**

ਸਮਾਜ ਸੇਵੀ ਸੁਖਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਨਗਰ ਕੌਂਸਲ ਰਾਜਪੁਰਾ ਵਿਚ ਪਿਛਲੇ 10 ਸਾਲਾਂ ਦੌਰਾਨ ਕਈ ਵੱਡੇ ਘਪਲੇ ਹੋਏ ਹਨ, ਜਿਨ੍ਹਾਂ ਵਿਚ ਬਸ ਸਟੈਂਡ ਦੀ ਨਕਲੀ ਪਰਚੀ ਘਪਲਾ ਪ੍ਰਮੁੱਖ ਸੀ ਅਤੇ ਹੁਣ ਇਹ ਨਜਾਇਜ਼ ਉਸਾਰੀਆਂ ਦਾ ਕੋਈ ਪਹਿਲਾ ਮਾਮਲਾ ਨਹੀਂ ਹੈ, ਇਸ ਤੋਂ ਪਹਿਲਾਂ ਅਨੇਕਾਂ ਹੀ ਇਮਾਰਤਾਂ ਦੀ ਉਸਾਰੀ ਨਜਾਇਜ਼ ਤੌਰ 'ਤੇ ਹੋਈ ਹੈ। ਜੇਕਰ ਰਾਜਪੁਰਾ ਸ਼ਹਿਰ ਦਾ ਸਰਵੇ ਕਰਵਾਇਆ ਜਾਵੇ ਤਾਂ ਪਿਛਲੇ 10 ਸਾਲਾਂ ਦੌਰਾਨ ਲੱਖਾਂ ਦੀ ਗਿਣਤੀ ਵਿਚ ਇਮਾਰਤਾਂ ਦੀ ਨਜਾਇਜ਼ ਉਸਾਰੀ ਦੇ ਮਾਮਲੇ ਸਾਹਮਣੇ ਆ ਸਕਦੇ ਹਨ।

**ਵਿਧਾਇਕਾ ਦੀ ਸ਼ਹਿ 'ਤੇ ਹੀ ਨਜਾਇਜ਼ ਉਸਾਰੀਆਂ ਤੇ ਨਜਾਇਜ਼ ਕਬਜ਼ੇ: ਕੰਬੋਜ**

ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਰਾਜਪੁਰਾ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਵਿਧਾਇਕਾ ਦੀ ਸ਼ਹਿ 'ਤੇ ਜਿੱਥੇ ਨਜਾਇਜ਼ ਉਸਾਰੀਆਂ ਮਾਮਲੇ ਵਿਚ ਸਰਕਾਰੀ ਖਜਾਨੇ ਨੂੰ ਲੱਖਾਂ ਰੁਪਏ ਦੇ ਟੈਕਸ ਅਤੇ ਫੀਸਾਂ ਦਾ ਚੂਨਾ ਲਗਾਇਆ ਹੈ, ਉਥੇ ਹੀ ਸਰਕਾਰੀ ਜਾਇਦਾਦਾਂ ਉਪਰ ਆਪਣੇ ਚਹੇਤਿਆਂ ਨੂੰ ਸ਼ਰੇਆਮ ਨਜਾਇਜ਼ ਕਬਜ਼ੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰ ਪੈਲੇਸ ਕੋਲ ਲੰਘਦੀ ਡਰੇਨ ਦੇ ਉਪਰ ਹੀ ਵਿਧਾਇਕਾ ਦੇ ਚਹੇਤਿਆਂ ਨੇ ਚਾਰ ਨਜਾਇਜ਼ ਦੁਕਾਨਾਂ ਬਣਾਈਆਂ ਹਨ, ਜਿਸ ਸੰਬੰਧੀ ਸ਼ਹਿਰ ਦੇ 400 ਵਿਅਕਤੀਆਂ ਨੇ ਸ਼ਿਕਾਇਤ ਪੱਤਰ 'ਤੇ ਦਸਤਖਤ ਕਰਕੇ ਕਾਰਵਾਈ ਕਰਨ ਲਈ ਡਿਪਟੀ ਕਮਿਸ਼ਨਰ, ਪਟਿਆਲਾ ਨੂੰ ਸੌਂਪ ਕੇ ਆਇਆ ਹੈ, ਪਰ ਫਿਰ ਵੀ ਕੋਈ ਕਾਰਵਾਈ ਨਹੀਂ ਹੋਈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਣੀ ਲੋਕ ਲਹਿਰ: ਡਾ. ਬਲਬੀਰ ਸਿੰਘ




**ਪਟਿਆਲਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਦਿਆਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਯੁੱਧ ਨਸ਼ਿਆਂ ਵਿਰੁੱਧ ਦੇ ਦੂਜੇ ਪੜਾਅ ਦੌਰਾਨ ਇਹ ਮੁਹਿੰਮ ਹੁਣ ਲੋਕ ਲਹਿਰ ਦਾ ਰੂਪ ਧਾਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਇਸ ਮੁਹਿੰਮ ਨੂੰ ਲੋਕਾਂ ਵੱਲੋਂ ਭਾਰੀ ਸਮਰਥਨ ਮਿਲ ਰਿਹਾ ਹੈ, ਜੋ ਇਸਦੀ ਸਫਲਤਾ ਦਾ ਸਭ ਤੋਂ ਵੱਡਾ ਸਬੂਤ ਹੈ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਾ ਇੱਕ ਬਿਮਾਰੀ ਹੈ ਅਤੇ ਜਿਵੇਂ ਹਰ ਬਿਮਾਰੀ ਦਾ ਇਲਾਜ ਸੰਭਵ ਹੁੰਦਾ ਹੈ, ਉਸੇ ਤਰ੍ਹਾਂ ਨਸ਼ੇ ਦਾ ਇਲਾਜ ਵੀ ਪੂਰੀ ਤਰ੍ਹਾਂ ਸੰਭਵ ਹੈ। ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਸਰਕਾਰ ਨਸ਼ੇ ਕਰਦੇ ਨੌਜਵਾਨਾਂ ਨੂੰ ਮੁੜ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਵਚਨਬੱਧ ਹੈ।

ਉਨ੍ਹਾਂ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਈ-ਰਿਕਸ਼ਿਆਂ ਵਿੱਚ ਲਗਾਏ ਗਏ ਸ਼ਿਕਾਇਤ ਬਕਸਿਆਂ ਦਾ ਕਾਫ਼ੀ ਵਧੀਆ ਨਤੀਜਾ ਸਾਹਮਣੇ ਆਇਆ ਹੈ। ਇਨ੍ਹਾਂ ਬਕਸਿਆਂ ਰਾਹੀਂ ਲੋਕ ਬਿਨਾਂ ਕਿਸੇ ਡਰ ਦੇ ਨਸ਼ਿਆਂ ਨਾਲ ਸੰਬੰਧਿਤ ਸ਼ਿਕਾਇਤਾਂ ਦਰਜ ਕਰਵਾ ਰਹੇ ਹਨ, ਜਿਸ ਨਾਲ ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਕਰਨ ਵਿੱਚ ਮਦਦ ਮਿਲ ਰਹੀ ਹੈ।ਸਿਹਤ ਮੰਤਰੀ ਨੇ ਇਹ ਵੀ ਕਿਹਾ ਕਿ ਪਿੰਡ ਪੱਧਰ 'ਤੇ ਵੀ ਇਸ ਮੁਹਿੰਮ ਨੂੰ ਵੱਡਾ ਜ਼ੋਰ ਮਿਲ ਰਿਹਾ ਹੈ। ਵੀ.ਡੀ.ਸੀ. ਮੈਂਬਰ ਘਰ-ਘਰ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰ ਰਹੇ ਹਨ ਅਤੇ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰ ਰਹੇ ਹਨ। ਇਹ ਜਾਗਰੂਕਤਾ ਮੁਹਿੰਮ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨੂੰ ਉਤਸ਼ਾਹਿਤ ਕਰ ਰਹੀ ਹੈ। ਪਿੰਡਾਂ ਅਤੇ ਸ਼ਹਿਰਾਂ ਵਿੱਚ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ ਅਤੇ ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਉਹ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾ ਸਕਣ। ਡਾ. ਬਲਬੀਰ ਸਿੰਘ ਨੇ ਅੰਤ ਵਿੱਚ ਕਿਹਾ ਕਿ ਇਹ ਮੁਹਿੰਮ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਪੰਜਾਬੀ ਦੀ ਜ਼ਿੰਮੇਵਾਰੀ ਹੈ। ਜੇਕਰ ਸਾਰਾ ਸਮਾਜ ਇਕੱਠੇ ਹੋ ਕੇ ਇਸ ਬੁਰਾਈ ਦੇ ਖ਼ਿਲਾਫ਼ ਖੜ੍ਹਾ ਹੋਵੇ, ਤਾਂ ਨਸ਼ਾ ਮੁਕਤ ਪੰਜਾਬ ਦਾ ਸੁਪਨਾ ਜ਼ਰੂਰ ਸਾਕਾਰ ਹੋਵੇਗਾ।

# ਰੋਟਰੀ ਕਲੱਬ ਨੇ ਸਕੂਲ ਨੂੰ ਕੰਪਿਊਟਰ ਦਿੱਤੇ



**ਸ਼ਾਹਬਾਦ ਮਾਰਕੰਡਾ, 8 ਜੂਨ**
**-ਪ੍ਰੈਸ-ਸ਼ਹੀਦ-ਏ-ਆਜ਼ਮ ਬਿਊਰੋ-**

ਰੋਟਰੀ ਕਲੱਬ ਆਫ ਸ਼ਾਹਬਾਦ ਨੇ ਵਿਦਿਆਰਥੀਆਂ ਲਈ ਆਧੁਨਿਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਵਾਸਤੇ ਖਾਨੇਵਾਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨੂੰ ਪੰਜ ਕੰਪਿਊਟਰ ਭੇਟ ਕੀਤੇ। ਇਸ ਮੌਕੇ ਜ਼ਿਲ੍ਹਾ ਗਵਰਨਰ ਰੋਟੇਰੀਅਨ ਰਵੀ ਪ੍ਰਕਾਸ਼ ਬਤੌਰ ਮੁੱਖ ਮਹਿਮਾਨ ਮੌਜੂਦ ਸਨ। ਉਨ੍ਹਾਂ ਆਪਣੇ ਸੰਬੋਧਨ ਵਿੱਚ ਰੋਟਰੀ ਕਲੱਬ ਆਫ਼ ਸ਼ਾਹਬਾਦ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਲੱਬ ਦੇ ਪ੍ਰਧਾਨ ਰੋਟੇਰੀਅਨ ਡਾ. ਆਰ ਐੱਸ ਘੁੰਮਣ ਦੀ ਲੀਡਰਸ਼ਿਪ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਯੋਗ ਅਗਵਾਈ ਹੇਠ ਕਲੱਬ ਨਵੀਆਂ ਉਚਾਈਆਂ ਨੂੰ ਛੂਹ ਰਿਹਾ ਹੈ। ਰੋਟਰੀ ਪ੍ਰਧਾਨ ਡਾ. ਆਰ ਐੱਸ ਘੁੰਮਣ ਨੇ ਕਿਹਾ ਕਿ ਰੋਟਰੀ ਕਲੱਬ ਦਾ ਮੁੱਖ ਉਦੇਸ਼ ਸਮਾਜ ਦੇ ਹਰ ਵਰਗ ਦੀ ਸੇਵਾ ਕਰਨਾ ਹੈ। ਪ੍ਰਾਜੈਕਟ ਚੇਅਰਮੈਨ ਰਾਜ ਕੁਮਾਰ ਗਰਗ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਧੁਨਿਕ ਸਰੋਤ ਦੇਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਸਕੂਲ ਦੇ ਪ੍ਰਿੰਸੀਪਲ ਗੁਰਮੀਤ ਸਿੰਘ ਨੇ ਕਲੱਬ ਦਾ ਧੰਨਵਾਦ ਕੀਤਾ।

# ਕਥਕ ਅਤੇ ਸ਼ਾਸਤਰੀ ਸੰਗੀਤ ਦੀ ਸੁਰੀਲੀ ਛਟਾ ਨੇ ਦਰਸ਼ਕਾਂ ਨੂੰ ਮੋਹ ਲਿਆ, ਰਿਦਮਿਆ ਵਿੱਚ



**ਪਟਿਆਲਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਭਾਰਤ ਸਰਕਾਰ ਦੇ ਸੰਸਕ੍ਰਿਤੀ ਮੰਤਰਾਲੇ ਅਧੀਨ ਕੰਮ ਕਰ ਰਹੇ ਨੌਰਥ ਜ਼ੋਨ ਕਲਚਰਲ ਸੈਂਟਰ ਵੱਲੋਂ ਆਯੋਜਿਤ ਦੋ ਦਿਨਾਂ ਸੱਭਿਆਚਾਰਕ ਉਤਸਵ 'ਰਿਦਮਿਆ' ਦਾ ਦੂਜਾ ਦਿਨ ਭਾਰਤੀ ਸ਼ਾਸਤਰੀ ਨ੍ਰਿਤ ਅਤੇ ਸੰਗੀਤ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦੇ ਨਾਂ ਰਿਹਾ। ਕਾਲਿਦਾਸ ਆਡੀਟੋਰੀਅਮ ਵਿੱਚ ਹੋਏ ਇਸ ਪ੍ਰੋਗਰਾਮ ਦੌਰਾਨ ਪ੍ਰਸਿੱਧ ਕਥਕ ਨ੍ਰਿਤਿਆਂਗਨਾ ਡਾ. ਸਮੀਰਾ ਕੋਸਰ ਦੀ 'ਕਥਕਾਂਜਲੀ' ਅਤੇ ਮਸ਼ਹੂਰ ਸ਼ਾਸਤਰੀ ਸੰਗੀਤਕਾਰ ਪੰਡਿਤ ਸੁਭਾਸ਼ ਘੋਸ਼ ਦੀ ਸੁਰੀਲੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਕਾਰਜਕ੍ਰਮ ਦੀ ਸ਼ੁਰੂਆਤ ਪੰਡਿਤ ਸੁਭਾਸ਼ ਘੋਸ਼ ਨੇ ਆਪਣੀ ਸ਼ਾਸਤਰੀ ਵਾਦਨ ਪੇਸ਼ਕਾਰੀ ਨਾਲ ਕੀਤੀ, ਜਿਸ ਨਾਲ ਮਾਹੌਲ ਸੁਰਮਈ ਹੋ ਗਿਆ। ਉਨ੍ਹਾਂ ਨੇ ਸ਼ਾਮ ਦੇ ਸਮੇਂ ਅਨੁਕੂਲ ਰਾਗ ਨਾਲ ਸ਼ੁਰੂਆਤ ਕਰਦਿਆਂ ਰਾਗ ਮਲ੍ਹਾਰ ਅਤੇ ਰਾਗ ਦੇਸ਼ ਦੀਆਂ ਬੰਦਿਸ਼ਾਂ ਪੇਸ਼ ਕੀਤੀਆਂ। ਮਹਾਤਮਾ ਗਾਂਧੀ ਨਾਲ ਜੁੜੇ ਭਜਨਾਂ ਦੀ ਸੰਗੀਤਮਈ ਪੇਸ਼ਕਾਰੀ ਅਤੇ ਗੁਰਦੇਵ ਰਬਿੰਦਰਨਾਥ ਟੈਗੋਰ ਦੀ ਅਮਰ ਰਚਨਾ 'ਏਕਲਾ ਚਲੋ ਰੇ' ਨੇ ਸਰੋਤਿਆਂ ਨੂੰ ਭਾਵੁਕ ਕਰ ਦਿੱਤਾ। ਪ੍ਰੋਗਰਾਮ ਦਾ ਸਮਾਪਨ ਰਾਗ ਭੈਰਵੀ 'ਤੇ ਆਧਾਰਿਤ ਸੂਫ਼ੀ ਰਚਨਾ 'ਸਦਾ ਸੁਹਾਗਣ' ਦੀ ਪੇਸ਼ਕਾਰੀ ਨਾਲ ਹੋਇਆ, ਜਿਸ ਨੂੰ ਦਰਸ਼ਕਾਂ ਵੱਲੋਂ ਭਰਪੂਰ ਸਰਾਹਨਾ ਮਿਲੀ।

ਇਸ ਤੋਂ ਬਾਅਦ ਡਾ. ਸਮੀਰਾ ਕੋਸਰ ਅਤੇ ਉਨ੍ਹਾਂ ਦੀ ਟੀਮ ਨੇ 'ਕਥਕਾਂਜਲੀ' ਪੇਸ਼ ਕੀਤੀ। ਇਹ ਪੇਸ਼ਕਾਰੀ ਕਥਕ ਨ੍ਰਿਤ ਦੀਆਂ ਵੱਖ-ਵੱਖ ਰੰਗਤਾਂ ਨੂੰ ਸਮਰਪਿਤ ਸੀ। ਗਣੇਸ਼ ਵੰਦਨਾ ਨਾਲ ਸ਼ੁਰੂ ਹੋਈ ਇਸ ਪੇਸ਼ਕਾਰੀ ਵਿੱਚ ਕ੍ਰਿਸ਼ਨ ਵੰਦਨਾ 'ਬਲੀ ਬਲੀ ਮੋਹਿਨੀ ਮੂਰਤ ਕੇ ਬਲੀ', ਭਗਵਾਨ ਸ਼ਿਵ ਦੇ ਵੀਰ ਰਸ ਨੂੰ ਦਰਸਾਉਂਦਾ ਸ਼ਿਵ ਤਾਂਡਵ, ਸ਼੍ਰੀ ਕ੍ਰਿਸ਼ਨ ਦੀ ਕਾਲੀਆ ਨਾਗ 'ਤੇ ਜਿੱਤ ਨੂੰ ਦਰਸਾਉਂਦਾ 'ਕਾਲੀਆ ਦਮਨ', ਅਤੇ ਮਾਂ ਦੁਰਗਾ ਦੀ ਆਰਾਧਨਾ 'ਤੇ ਆਧਾਰਿਤ ਭਾਵਪੂਰਣ ਨ੍ਰਿਤ ਪੇਸ਼ ਕੀਤੇ ਗਏ। ਇਸ ਤੋਂ ਇਲਾਵਾ ਭਗਵਾਨ ਵਿਸ਼ਨੂ ਦੇ ਨਰਸਿੰਘ ਅਵਤਾਰ, ਵਰਖਾ ਰੁੱਤ ਦੀ ਖੁਸ਼ੀ ਭਰੀ ਅਨੁਭੂਤੀ ਨੂੰ ਦਰਸਾਉਂਦੀ ਮਨਮੋਹਕ ਰਚਨਾ ਅਤੇ ਜੈਪੁਰ ਘਰਾਣੇ ਦੀ ਪਰੰਪਰਾਗਤ ਚਤੁਰੰਗ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਭਾਰਤੀ ਕਥਕ ਦੀ ਸਮ੍ਰਿੱਧ ਵਿਰਾਸਤ ਨਾਲ ਜਾਣੂ ਕਰਵਾਇਆ। ਨ੍ਰਿਤ ਦੀ ਭਾਵਪੂਰਣ ਅਭਿਵਿਆਕਤੀ, ਮਜ਼ਬੂਤ ਪਦ-ਚਾਲ ਅਤੇ ਆਕਰਸ਼ਕ ਮੰਚੀ ਪੇਸ਼ਕਾਰੀ ਨੂੰ ਦਰਸ਼ਕਾਂ ਨੇ ਖੂਬ ਪਸੰਦ ਕੀਤਾ।

# ਐਡੂਮੌਂਟ ਵਰਲਡ ਸਕੂਲ ਵਿੱਚ 'ਆਰਟ ਆਫ਼ ਲਿਵਿੰਗ' ਦਾ ਪੰਜ ਦਿਨਾਂ ਵਿਸ਼ੇਸ਼ ਕੈਂਪ ਸਫਲਤਾਪੂਰਵਕ ਸੰਪੰਨ



**ਨਾਭਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਨਾਭਾ ਦੇ ਪ੍ਰਸਿੱਧ ਐਡੂਮੌਂਟ ਵਰਲਡ ਸਕੂਲ ਵਿੱਚ ਅਧਿਆਪਕਾਂ ਦੀ ਮਾਨਸਿਕ, ਸਰੀਰਕ ਅਤੇ ਭਾਵਨਾਤਮਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਕੂਲ ਮੈਨੇਜਮੈਂਟ ਵੱਲੋਂ 1 ਤੋਂ 5 ਜੂਨ ਤੱਕ 'ਆਰਟ ਆਫ਼ ਲਿਵਿੰਗ' ਦਾ ਪੰਜ ਦਿਨਾਂ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਇਹ ਕੈਂਪ ਗਿਆਨਵਰਧਕ, ਪ੍ਰੇਰਣਾਦਾਇਕ ਅਤੇ ਲਾਭਦਾਇਕ ਸਾਬਤ ਹੋਇਆ, ਜਿਸ ਵਿੱਚ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਕੈਂਪ ਦੌਰਾਨ ਤਜਰਬੇਕਾਰ ਪ੍ਰਸ਼ਿਕਸ਼ਕ ਮੈਡਮ ਚਾਂਦਨੀ ਨੇ ਪ੍ਰਾਣਾਯਾਮ, ਸੁਦਰਸ਼ਨ ਕਿਰਿਆ ਅਤੇ ਧਿਆਨ (ਮੈਡੀਟੇਸ਼ਨ) ਦੀਆਂ ਵਿਧੀਆਂ ਸਿਖਾਈਆਂ। ਉਨ੍ਹਾਂ ਨੇ ਦੱਸਿਆ ਕਿ ਨਿਯਮਿਤ ਪ੍ਰਾਣਾਯਾਮ ਅਤੇ ਸੁਦਰਸ਼ਨ ਕਿਰਿਆ ਨਾਲ ਤਣਾਅ ਘਟਦਾ ਹੈ, ਮਨ ਸ਼ਾਂਤ ਰਹਿੰਦਾ ਹੈ, ਇਕਾਗਰਤਾ ਵਧਦੀ ਹੈ ਅਤੇ ਸਰੀਰ-ਮਨ ਵਿੱਚ ਸੰਤੁਲਨ ਬਣਿਆ ਰਹਿੰਦਾ ਹੈ।

ਧਿਆਨ ਸੈਸ਼ਨਾਂ ਰਾਹੀਂ ਅਧਿਆਪਕਾਂ ਨੂੰ ਆਤਮ-ਜਾਗਰੂਕਤਾ, ਭਾਵਨਾਤਮਕ ਸੰਤੁਲਨ ਅਤੇ ਅੰਦਰੂਨੀ ਸ਼ਾਂਤੀ ਪ੍ਰਾਪਤ ਕਰਨ ਦੀਆਂ ਤਕਨੀਕਾਂ ਨਾਲ ਜਾਣੂ ਕਰਵਾਇਆ ਗਿਆ। ਇਸ ਦੇ ਨਾਲ ਹੀ ਸਿਹਤ, ਖੁਸ਼ਹਾਲੀ, ਤਣਾਅ ਪ੍ਰਬੰਧਨ ਅਤੇ ਜੀਵਨ ਮੁੱਲਾਂ ਬਾਰੇ ਵੀ ਪ੍ਰੇਰਣਾਦਾਇਕ ਵਿਚਾਰ ਸਾਂਝੇ ਕੀਤੇ ਗਏ ਅਤੇ ਰੋਜ਼ਾਨਾ ਜੀਵਨ ਵਿੱਚ ਯੋਗ, ਪ੍ਰਾਣਾਯਾਮ ਅਤੇ ਧਿਆਨ ਨੂੰ ਅਪਨਾਉਣ ਲਈ ਪ੍ਰੇਰਿਤ ਕੀਤਾ ਗਿਆ।

ਕੈਂਪ ਦੇ ਅੰਤ ਵਿੱਚ ਅਧਿਆਪਕਾਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਇਸ ਪ੍ਰੋਗਰਾਮ ਨੇ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਵਧੇਰੇ ਸ਼ਾਂਤ, ਆਤਮ-ਵਿਸ਼ਵਾਸੀ ਅਤੇ ਉਤਸ਼ਾਹੀ ਬਣਾਇਆ ਹੈ। ਉਨ੍ਹਾਂ ਨੇ ਇਨ੍ਹਾਂ ਅਭਿਆਸਾਂ ਨੂੰ ਨਿਯਮਿਤ ਤੌਰ 'ਤੇ ਜਾਰੀ ਰੱਖਣ ਦਾ ਸੰਕਲਪ ਵੀ ਲਿਆ।

ਸਕੂਲ ਦੀ ਮੈਨੇਜਮੈਂਟ ਕਮੇਟੀ ਨੇ ਆਰਟ ਆਫ਼ ਲਿਵਿੰਗ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਲਾਭਦਾਇਕ ਹਨ। ਕੈਂਪ ਸਾਰੇ ਭਾਗੀਦਾਰਾਂ ਲਈ ਇੱਕ ਯਾਦਗਾਰ ਅਤੇ ਪ੍ਰੇਰਣਾਦਾਇਕ ਅਨੁਭਵ ਸਾਬਤ ਹੋਇਆ।

# ਮੀਰੀ-ਪੀਰੀ ਦੇ ਸਿਧਾਂਤ ਨੇ ਸਿੱਖ ਕੌਮ ਨੂੰ ਦਿੱਤੀ ਨਵੀਂ ਦਿਸ਼ਾ : ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਗੁਰਤਾਗੱਦੀ ਦਿਵਸ ਮੌਕੇ ਦੇਸ਼ਾਂ-ਵਿਦੇਸ਼ਾਂ ਵਿੱਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਆਪਣੇ ਸੰਦੇਸ਼ ਵਿੱਚ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸਿੱਖ ਇਤਿਹਾਸ ਦਾ ਇੱਕ ਅਹਿਮ ਇਤਿਹਾਸਕ ਦਿਹਾੜਾ ਹੈ। ਗੁਰੂ ਸਾਹਿਬ ਜੀ ਨੇ ਮੀਰੀ ਅਤੇ ਪੀਰੀ ਦੇ ਸਿਧਾਂਤ ਨੂੰ ਅਮਲ ਵਿੱਚ ਲਿਆ ਕੇ ਸਿੱਖ ਕੌਮ ਨੂੰ ਰੂਹਾਨੀਅਤ ਅਤੇ ਸ਼ਕਤੀ ਦੇ ਅਦੁੱਤੀ ਸੰਤੁਲਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਮਨੁੱਖਤਾ ਦੀ ਰੱਖਿਆ, ਧਾਰਮਿਕ ਆਜ਼ਾਦੀ ਅਤੇ ਜ਼ੁਲਮ ਦੇ ਵਿਰੁੱਧ ਡਟ ਕੇ ਖੜ੍ਹਨ ਦੀ ਪ੍ਰੇਰਣਾ ਦਿੱਤੀ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਿੱਖ ਕੌਮ ਨੂੰ ਕੇਵਲ ਨਾਮ ਸਿਮਰਨ ਅਤੇ ਸੇਵਾ ਨਾਲ ਹੀ ਨਹੀਂ ਜੋੜਿਆ, ਸਗੋਂ ਬੇਨਿਸਾਫੀ ਅਤੇ ਜ਼ੁਲਮ ਦੇ ਵਿਰੁੱਧ ਸੰਘਰਸ਼ ਕਰਨ ਦੀ ਹਿੰਮਤ ਵੀ ਬਖ਼ਸ਼ੀ। ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਅਤੇ ਦੋ ਤਲਵਾਰਾਂ ਧਾਰਨ ਕਰਕੇ ਗੁਰੂ ਸਾਹਿਬ ਜੀ ਨੇ ਇਹ ਸੰਦੇਸ਼ ਦਿੱਤਾ ਕਿ ਧਰਮ ਅਤੇ ਸਮਾਜ ਦੀ ਰੱਖਿਆ ਲਈ ਆਤਮਿਕ ਬਲ ਦੇ ਨਾਲ-ਨਾਲ ਸੰਸਾਰਕ ਜ਼ਿੰਮੇਵਾਰੀਆਂ ਨਿਭਾਉਣੀਆਂ ਵੀ ਜ਼ਰੂਰੀ ਹਨ।

ਸਰਦਾਰ ਕਾਲਕਾ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸੱਚ, ਨਿਆਂ, ਸੇਵਾ, ਦਇਆ ਅਤੇ ਮਨੁੱਖਤਾ ਦੇ ਭਲੇ ਲਈ ਕੰਮ ਕਰਨ।

# ਜਨ ਹਿੱਤ ਸੰਮਤੀ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਤਿਆਰ : ਐਸ ਕੇ ਗੋਤਮ, ਅਮਰਜੀਤ ਰੰਧਾਵਾ




**ਪਟਿਆਲਾ, 8 ਜੂਨ**
**-ਪੱਤਰ ਪ੍ਰੇਰਕ-**

ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨ ਹਿੱਤ ਸੰਮਤੀ ਵਲੋਂ ਪ੍ਰਧਾਨ ਐਸ ਕੇ ਗੋਤਮ ਅਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਛੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਗਿਆਰਾਂ ਲੜਕੀਆਂ ਨੂੰ ਸਿਲਾਈ ਕਢਾਈ ਸਿੱਖਣ ਲਈ ਸੂਟ ਅਤੇ ਰਾਅ ਮਟੀਅਰਲ ਅਤੇ ਲੋੜਵੰਦ ਮਰੀਜ਼ ਲਈ ਵੀਲਚੇਅਰ ਦੇਣ ਲਈ ਪ੍ਰੋਗਰਾਮ ਦਾ ਆਯੋਜਨ ਪ੍ਰਭਾਤ ਪ੍ਰਵਾਨਾ ਹਾਲ ਵਿਖੇ ਕੀਤਾ ਗਿਆ । ਜਿਸ ਵਿੱਚ ਮੁੱਖ ਮਹਿਮਾਨ ਬੀ ਕੇ ਬਿੰਦਲ ਸਾਬਕਾ ਡਾਇਰੈਕਟਰ ਪੰਜਾਬ ਰਾਜ ਬਿਜਲੀ ਬੋਰਡ ਅਤੇ ਅਮਰਜੀਤ ਸਿੰਘ ਰੰਧਾਵਾ ਰੀਡਰ ਡੀ ਐੱਸ ਪੀ ਕ੍ਰਾਈਮ ਵਿਰੁੱਧ ਔਰਤਾਂ ਅਤੇ ਬੱਚਿਆ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸੀਨੀਅਰ ਐਡਵੋਕੇਟ ਐਚ ਐਨ ਮੈਹਸਮਪੁਰੀ ਨੇ ਕੀਤੀ।ਵਿਸ਼ੇਸ਼ ਤੋਰ ਤੇ ਰਿਪੁਦਮਨ ਪ੍ਰਿੰਸੀਪਲ ਐਸ ਡੀ ਐਸ ਈ , ਸਿੱਖਿਆ ਸ਼ਾਸਤਰੀ ਅਨਿਲ ਭਾਰਤੀ, ਮੈਡਮ ਅਮਰਜੀਤ ਕੌਰ ਸਾਈਵਾਲ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੀਤ ਪ੍ਰਧਾਨ , ਹਰਿੰਦਰਪਾਲ ਸ਼ਰਮਾ ਸਾਬਕਾ ਪ੍ਰਧਾਨ ਬ੍ਰਾਹਮਣ ਭਲਾਈ ਬੋਰਡ ਪੰਜਾਬ,ਚਮਨ ਲਾਲ ਗਰਗ ਮੀਤ ਪ੍ਰਧਾਨ,ਪ੍ਰੈਸ ਸਕੱਤਰ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ,ਐਸ ਪੀ ਪਰਾਸ਼ਰ, ਸਤੀਸ਼ ਜੋਸ਼ੀ, ਵਿਨੇ ਸ਼ਰਮਾ,ਮੈਡਮ ਸੁਨੀਤਾ ਮਹਿਤਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਰਵੀ ਸ਼ਰਮਾ,ਪੀ ਕੇ ਜੈਨ, ਡੀ ਪੀ ਸਿੰਘ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆ ਬੀ ਕੇ ਬਿੰਦਲ ਅਤੇ ਅਮਰਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਜਨ ਹਿੱਤ ਸੰਮਤੀ ਦੇ ਪ੍ਰਧਾਨ ਐਸ ਕੇ ਗੋਤਮ ਅਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਣਾ, ਲੋੜਵੰਦ ਲੜਕੀਆਂ ਨੂੰ ਸਿਲਾਈ ਕਢਾਈ ਸਿੱਖਣ ਸੂਟ ਅਤੇ ਰਾਅ ਮਟੀਅਰਲ , ਲੋੜਵੰਦ ਮਰੀਜ ਲਈ ਵੀਲਚੇਅਰ ਦੇਣਾ ਸ਼ਲਾਘਾਯੋਗ ਉਪਰਾਲਾ ਹੈ।ਉਹਨਾ ਕਿਹਾ ਕਿ ਜਨ ਹਿੱਤ ਸੰਮਤੀ ਵੱਲੋਂ ਪਹਿਲਾਂ ਵੀ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਸਮੇਂ ਸਮੇਂ ਸਿਰ ਲੋੜਵੰਦ ਮਰੀਜ਼ਾਂ ਲਈ ਕੰਬਲ,ਸੈਟਚਰ, ਵੀਲਚੇਅਰ, ਦਵਾਈਆ ਦਿੱਤੀਆਂ ਜਾ ਰਹੀਆਂ ਹਨ ਜੌਂ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਜਨ ਹਿੱਤ ਸੰਮਤੀ ਵੱਲੋਂ ਪਟਿਆਲਾ ਸ਼ਹਿਰ ਦੇ ਪਾਰਕਾਂ ਦੀ ਸਾਭ ਸੰਭਾਲ ਕਰਨੀ, ਲੋੜਵੰਦ ਲੜਕੀਆਂ ਦੇ ਵਿਆਹਾ ਵਿਚ ਮਦਦ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ,ਲੋੜਵੰਦਾਂ ਦੀ ਮਦਦ ਲਈ ਪੰਜ ਫਰੀ ਐਂਬੂਲੈਂਸ ਚਲਾਉਣੀਆਂ,ਲੋੜਵੰਦ ਔਰਤਾਂ ਅਤੇ ਲੜਕੀਆਂ ਲਈ ਫਰੀ ਸਿਲਾਈ ਕਢਾਈ, ਕੰਪਿਊਟਰ ਸੈਂਟਰ ਖੋਲਣੇ ਬਹੁਤ ਪ੍ਰਸੰਸਾਯੋਗ ਹੈ, ਉਹਨਾਂ ਕਿਹਾ ਕਿ ਜਨ ਹਿੱਤ ਸੰਮਤੀ ਵਰਗੀ ਸਮਾਜ ਸੇਵੀ ਸੰਸਥਾ ਤੋਂ ਸੇਧ ਲੈ ਕੇ ਹੋਰਨਾਂ ਸੰਸਥਾਵਾਂ ਨੂੰ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਪ੍ਰਧਾਨ ਐਸ ਕੇ ਗੋਤਮ ਨੇ ਕਿਹਾ ਕਿ ਉਹਨਾਂ ਦੀ ਸੰਸਥਾ ਹਮੇਸ਼ਾ ਲੋੜਵੰਦਾਂ ਦੀ ਮਦਦ ਹਰ ਸਮੇਂ ਤਿਆਰ ਹੈ ।

# ਸੁਰਜੀਤ ਸਿੰਘ ਰੱਖੜਾ ਦੀ ਅਗਵਾਈ 'ਚ ਸੀਨੀਅਰ ਕਾਂਗਰਸੀ ਆਗੂ ਅਵਿਨਾਸ਼ ਡਾਂਗ 'ਆਪ' 'ਚ ਹੋਏ ਸ਼ਾਮਲ



**ਸਮਾਣਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਸਮਾਣਾ ਦੇ ਸੀਨੀਅਰ ਕਾਂਗਰਸੀ ਆਗੂ ਅਵਿਨਾਸ਼ ਡਾਂਗ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਸੁਰਜੀਤ ਸਿੰਘ ਰੱਖੜਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਮਾਣਾ ਵਾਸੀਆਂ ਦਾ ਭਰੋਸਾ ਅਤੇ ਸਮਰਥਨ ਇਸ ਗੱਲ ਦਾ ਸਬੂਤ ਹੈ ਕਿ ਲੋਕ ਵਿਕਾਸ, ਇਮਾਨਦਾਰ ਨੀਅਤ ਅਤੇ ਲੋਕ ਸੇਵਾ ਨੂੰ ਸਮਰਪਿਤ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ।

ਸ. ਰੱਖੜਾ ਨੇ ਕਿਹਾ ਕਿ ਸਮਾਣਾ ਵਾਸੀਆਂ ਵੱਲੋਂ ਮਿਲਦਾ ਪਿਆਰ, ਸਤਿਕਾਰ ਅਤੇ ਵਿਸ਼ਵਾਸ ਹੀ ਉਨ੍ਹਾਂ ਦੀ ਅਸਲ ਤਾਕਤ ਹੈ, ਜੋ ਉਨ੍ਹਾਂ ਨੂੰ ਲੋਕਾਂ ਦੀ ਸੇਵਾ ਅਤੇ ਇਲਾਕੇ ਦੇ ਵਿਕਾਸ ਲਈ ਨਿਰੰਤਰ ਕੰਮ ਕਰਨ ਦੀ ਪ੍ਰੇਰਨਾ ਦਿੰਦੀ ਹੈ।

ਇਸ ਮੌਕੇ ਕਪੂਰ ਚੰਦ ਬਾਂਸਲ ,ਮਨਜਿੰਦਰ ਸਿੰਘ ਰਾਣਾ ਸੇਖੋਂ , ਹਰਿੰਦਰ ਸਿੰਘ ਕੁਲਬੁਰਛਾਂ, ਸੁਰਜੀਤ ਰਾਮ ਪੱਪੀ, ਸੈਂਕੀ ਤਨੇਜਾ, ਗੁਰਦੀਪ ਸ਼ਰਮਾ, ਗੁਰਦਿਆਲ ਰੰਧਾਵਾ, ਜਗਤਾਰ ਸੰਧੂ ਅਤੇ ਹੋਰ ਪਾਰਟੀ ਵਰਕਰ ਵੀ ਹਾਜ਼ਰ ਸਨ।

# ਪਟਿਆਲਾ ਵਿਖੇ ਲਾਈਨਮੈਨਾਂ ਉੱਤੇ ਲਾਠੀਚਾਰਜ ਦੀ ਬੇਗਮਪੁਰਾ ਟਾਈਗਰ ਫੋਰਸ ਵੱਲੋਂ ਸਖ਼ਤ ਨਿਖੇਧੀ; ਦੋਸ਼ੀਆਂ ਖ਼ਿਲਾਫ਼ ਹੋਵੇ ਪਰਚਾ ਦਰਜ ਤੇ ਕੀਤਾ ਜਾਵੇ ਬਰਖਾਸਤ : ਆਗੂ

**ਮਾਛੀਵਾੜਾ ਸਾਹਿਬ, 8 ਜੂਨ**
**-ਪੱਤਰ ਪ੍ਰੇਰਕ-**

ਪਟਿਆਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਅਤੇ ਸੇਵਾਵਾਂ ਨੂੰ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਸ਼ਾਂਤਮਈ ਢੰਗ ਨਾਲ ਧਰਨਾ ਦੇ ਰਹੇ ਅਸਥਾਈ ਲਾਈਨਮੈਨਾਂ ਉੱਤੇ ਪੰਜਾਬ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ, ਕੁੱਟਮਾਰ ਅਤੇ ਧਰਨਾਕਾਰੀਆਂ ਨਾਲ ਕੀਤੇ ਗਏ ਵਿਵਾਦਿਤ ਵਤੀਰੇ ਦੀ ਬੇਗਮਪੁਰਾ ਟਾਈਗਰ ਫੋਰਸ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਰਾਸ਼ਟਰੀ ਪ੍ਰਧਾਨ ਧਰਮਪਾਲ ਸਾਹਨੇਵਾਲ ਨੇ ਕਿਹਾ ਕਿ ਭਾਰਤ ਦਾ ਸੰਵਿਧਾਨ ਹਰ ਨਾਗਰਿਕ ਨੂੰ ਸ਼ਾਂਤਮਈ ਢੰਗ ਨਾਲ ਇਕੱਠੇ ਹੋਣ, ਆਪਣੀ ਗੱਲ ਰੱਖਣ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦਾ ਅਧਿਕਾਰ ਦਿੰਦਾ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਵਿੱਚ ਵਾਪਰੀ ਘਟਨਾ ਸੰਵਿਧਾਨ ਦੇ ਆਰਟੀਕਲ 14, 19, 21 ਅਤੇ 25 ਦੀ ਭਾਵਨਾ ਦੇ ਉਲਟ ਹੈ। ਸਰਕਾਰ ਅਤੇ ਪ੍ਰਸ਼ਾਸਨ ਦਾ ਕੰਮ ਲੋਕਾਂ ਦੀਆਂ ਜਾਇਜ਼ ਮੰਗਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਹੱਲ ਕਰਨਾ ਹੁੰਦਾ ਹੈ, ਨਾ ਕਿ ਡੰਡੇ ਦੇ ਜ਼ੋਰ ਨਾਲ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ। ਉਨ੍ਹਾਂ ਮੰਗ ਕੀਤੀ ਕਿ ਧਰਨਾਕਾਰੀਆਂ ਉੱਤੇ ਕੀਤੇ ਗਏ ਲਾਠੀਚਾਰਜ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

ਬੇਗਮਪੁਰਾ ਟਾਈਗਰ ਫੋਰਸ ਦੇ ਵਾਈਸ ਚੇਅਰਮੈਨ ਕ੍ਰਿਸ਼ਨ ਲਾਲ ਨੇ ਕਿਹਾ ਕਿ ਧਰਨਾਕਾਰੀਆਂ ਦੀਆਂ ਪੱਗਾਂ ਲਾਹੁਣ ਅਤੇ ਕੇਸਾਂ ਦੀ ਬੇਅਦਬੀ ਕਰਨ ਦੇ ਦੋਸ਼ ਬਹੁਤ ਹੀ ਗੰਭੀਰ ਹਨ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿੱਚ ਪੱਗ ਅਤੇ ਕੇਸਾਂ ਦਾ ਵਿਸ਼ੇਸ਼ ਸਤਿਕਾਰ ਹੈ ਅਤੇ ਜੇਕਰ ਕਿਸੇ ਪੁਲਿਸ ਅਧਿਕਾਰੀ ਜਾਂ ਕਰਮਚਾਰੀ ਨੇ ਅਜਿਹਾ ਕੀਤਾ ਹੈ ਤਾਂ ਉਸ ਖ਼ਿਲਾਫ਼ ਤੁਰੰਤ ਪਰਚਾ ਦਰਜ ਹੋਣਾ ਚਾਹੀਦਾ ਹੈ।

ਉਨ੍ਹਾਂ ਮੰਗ ਕੀਤੀ ਕਿ ਡੀਐਸਪੀ ਸਮੇਤ ਇਸ ਕਾਰਵਾਈ ਵਿੱਚ ਸ਼ਾਮਲ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਤੁਰੰਤ ਮੁਅੱਤਲ ਕਰਕੇ ਬਰਖਾਸਤ ਕੀਤਾ ਜਾਵੇ ਅਤੇ ਪੀੜਤ ਧਰਨਾਕਾਰੀਆਂ ਨੂੰ ਇਨਸਾਫ਼ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਕਾਨੂੰਨ ਦੇ ਰਖਵਾਲਿਆਂ ਵੱਲੋਂ ਹੀ ਕਾਨੂੰਨ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰਨਾ ਬਹੁਤ ਦੁਖਦਾਈ ਅਤੇ ਚਿੰਤਾਜਨਕ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਲੋਕਤੰਤਰੀ ਸਰਕਾਰ ਨੂੰ ਆਪਣੇ ਹੀ ਨਾਗਰਿਕਾਂ ਅਤੇ ਮੁਲਾਜ਼ਮਾਂ ਨਾਲ ਦੁਸ਼ਮਣਾਂ ਵਰਗਾ ਸਲੂਕ ਨਹੀਂ ਕਰਨਾ ਚਾਹੀਦਾ, ਸਗੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਦਾ ਹੱਲ ਕਰਨਾ ਚਾਹੀਦਾ ਹੈ।

ਬੇਗਮਪੁਰਾ ਟਾਈਗਰ ਫੋਰਸ ਦੇ ਬਲਾਕ ਪ੍ਰਧਾਨ ਮਾਛੀਵਾੜਾ ਸਾਹਿਬ ਗੁਰਪ੍ਰਸ਼ਾਦ ਸਿੰਘ ਨੇ ਕਿਹਾ ਕਿ ਕਿਸੇ ਵੀ ਸਮੱਸਿਆ ਦਾ ਹੱਲ ਲਾਠੀਆਂ ਜਾਂ ਜਬਰ ਨਾਲ ਨਹੀਂ ਨਿਕਲਦਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਵਿਭਾਗ ਨੂੰ ਦੂਸਰੇ ਵਿਭਾਗ ਦੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਸਾਥ ਦੇਣਾ ਚਾਹੀਦਾ ਹੈ। ਅੱਜ ਜੇਕਰ ਬਿਜਲੀ ਵਿਭਾਗ ਦੇ ਲਾਈਨਮੈਨ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਤਾਂ ਕੱਲ੍ਹ ਇਹੀ ਹਾਲਾਤ ਕਿਸੇ ਹੋਰ ਵਿਭਾਗ ਦੇ ਕਰਮਚਾਰੀਆਂ ਸਾਹਮਣੇ ਵੀ ਆ ਸਕਦੇ ਹਨ। ਉਨ੍ਹਾਂ ਕਿਹਾ ਕਿ ਪੁਲਿਸ ਮੁਲਾਜ਼ਮਾਂ ਦੇ ਬੱਚੇ ਵੀ ਪੜ੍ਹ-ਲਿਖ ਕੇ ਅੱਗੇ ਨੌਕਰੀਆਂ ਅਤੇ ਰੁਜ਼ਗਾਰ ਦੀ ਮੰਗ ਕਰਨਗੇ, ਇਸ ਲਈ ਲਾਠੀਚਾਰਜ ਕਿਸੇ ਸਮੱਸਿਆ ਦਾ ਹੱਲ ਨਹੀਂ ਹੈ।

ਪੁਲਿਸ ਅਤੇ ਪ੍ਰਸ਼ਾਸਨ ਦਾ ਫ਼ਰਜ਼ ਬਣਦਾ ਹੈ ਕਿ ਉਹ ਸੰਘਰਸ਼ ਕਰ ਰਹੇ ਨੌਜਵਾਨਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਮੁੱਖ ਮੰਤਰੀ ਅਤੇ ਸਰਕਾਰ ਤੱਕ ਪਹੁੰਚਾਉਣ ਅਤੇ ਉਨ੍ਹਾਂ ਦੇ ਹੱਲ ਲਈ ਸਕਾਰਾਤਮਕ ਭੂਮਿਕਾ ਨਿਭਾਉਣ।

ਗੁਰਪ੍ਰਸ਼ਾਦ ਸਿੰਘ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਇੱਕ ਪਾਸੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਧੱਕੇ ਖਾਣ ਤੋਂ ਬਚਾਉਣ ਦੇ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਪਰ ਦੂਜੇ ਪਾਸੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਨੌਜਵਾਨਾਂ ਉੱਤੇ ਲਾਠੀਚਾਰਜ ਕਰਕੇ ਉਨ੍ਹਾਂ ਨੂੰ ਮਾਨਸਿਕ ਅਤੇ ਸਰੀਰਕ ਪੀੜਾ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਪੜ੍ਹੇ-ਲਿਖੇ ਅਤੇ ਮਿਹਨਤੀ ਨੌਜਵਾਨਾਂ ਨੂੰ ਰੁਜ਼ਗਾਰ ਦੀ ਸੁਰੱਖਿਆ, ਸਨਮਾਨ ਅਤੇ ਇਨਸਾਫ਼ ਨਹੀਂ ਮਿਲਦਾ ਤਾਂ ਉਨ੍ਹਾਂ ਵਿੱਚ ਨਿਰਾਸ਼ਾ ਅਤੇ ਬੇਵਿਸ਼ਵਾਸੀ ਪੈਦਾ ਹੁੰਦੀ ਹੈ।

ਅਜਿਹੇ ਹਾਲਾਤਾਂ ਵਿੱਚ ਨੌਜਵਾਨਾਂ ਨੂੰ ਵਿਦੇਸ਼ਾਂ ਵੱਲ ਰੁਖ ਕਰਨ, ਨਸ਼ਿਆਂ ਦੀ ਦਲਦਲ ਵਿੱਚ ਫਸਣ ਜਾਂ ਅਪਰਾਧਿਕ ਗਤੀਵਿਧੀਆਂ ਵੱਲ ਧੱਕੇ ਜਾਣ ਦਾ ਖ਼ਤਰਾ ਵਧ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਬਿਆਨਾਂ ਅਤੇ ਜ਼ਮੀਨੀ ਹਕੀਕਤ ਵਿੱਚ ਵੱਡਾ ਫ਼ਰਕ ਨਜ਼ਰ ਆ ਰਿਹਾ ਹੈ। ਜੇਕਰ ਸਰਕਾਰ ਸੱਚਮੁੱਚ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ, ਅਪਰਾਧ ਅਤੇ ਪਰਵਾਸ ਤੋਂ ਬਚਾਉਣਾ ਚਾਹੁੰਦੀ ਹੈ ਤਾਂ ਉਸ ਨੂੰ ਨੌਜਵਾਨਾਂ ਦੀਆਂ ਜਾਇਜ਼ ਮੰਗਾਂ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਰੁਜ਼ਗਾਰ ਅਤੇ ਨੌਕਰੀ ਦੀ ਸੁਰੱਖਿਆ ਦੇਣੀ ਚਾਹੀਦੀ ਹੈ, ਨਾ ਕਿ ਉਨ੍ਹਾਂ ਉੱਤੇ ਬਲ ਪ੍ਰਯੋਗ ਕਰਕੇ ਨਿਰਾਸ਼ਾ ਦਾ ਮਾਹੌਲ ਪੈਦਾ ਕਰਨਾ ਚਾਹੀਦਾ ਹੈ।

ਤਿੰਨਾਂ ਆਗੂਆਂ ਨੇ ਸਾਂਝੇ ਤੌਰ ’ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਘਟਨਾ ਲਈ ਜ਼ਿੰਮੇਵਾਰ ਡੀਐਸਪੀ ਸਮੇਤ ਸਾਰੇ ਸੰਬੰਧਿਤ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਖ਼ਿਲਾਫ਼ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਬਿਜਲੀ ਵਿਭਾਗ ਨਾਲ ਸੰਬੰਧਿਤ ਮੰਤਰੀ ਤੋਂ ਨੈਤਿਕ ਜ਼ਿੰਮੇਵਾਰੀ ਦੇ ਆਧਾਰ ’ਤੇ ਅਸਤੀਫ਼ੇ ਦੀ ਮੰਗ ਕਰਦਿਆਂ ਕਿਹਾ ਕਿ ਲਾਈਨਮੈਨਾਂ ਸਮੇਤ ਵੱਖ-ਵੱਖ ਵਿਭਾਗਾਂ ਵਿੱਚ ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਕੱਚੇ, ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਤੁਰੰਤ ਪੱਕਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਬਣਦੇ ਸਾਰੇ ਹੱਕ ਦਿੱਤੇ ਜਾਣ।

ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਟਕਰਾਅ ਦੀ ਰਾਜਨੀਤੀ ਛੱਡ ਕੇ ਸੰਵਾਦ ਅਤੇ ਹੱਲ ਦੀ ਨੀਤੀ ਅਪਣਾਉਣੀ ਚਾਹੀਦੀ ਹੈ ਤਾਂ ਜੋ ਨੌਜਵਾਨਾਂ ਅਤੇ ਕਰਮਚਾਰੀਆਂ ਨੂੰ ਆਪਣੇ ਹੱਕਾਂ ਲਈ ਸੜਕਾਂ ਉੱਤੇ ਸੰਘਰਸ਼ ਕਰਨ ਲਈ ਮਜਬੂਰ ਨਾ ਹੋਣਾ ਪਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਧਰਨਾਕਾਰੀਆਂ ਨਾਲ ਹੋਈ ਧੱਕੇਸ਼ਾਹੀ ਸਬੰਧੀ ਇਨਸਾਫ਼ ਨਾ ਮਿਲਿਆ ਅਤੇ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਬੇਗਮਪੁਰਾ ਟਾਈਗਰ ਫੋਰਸ ਸੰਘਰਸ਼ ਕਰ ਰਹੇ ਮੁਲਾਜ਼ਮਾਂ ਦੇ ਹੱਕ ਵਿੱਚ ਆਪਣੀ ਆਵਾਜ਼ ਹੋਰ ਬੁਲੰਦ ਕਰੇਗੀ।

# ਸ਼੍ਰੀ ਖਾਟੂ ਸ਼ਿਆਮ ਵੈਲਫੇਅਰ ਸੋਸਾਇਟੀ ਨੇ ਕੌਂਸਲਰ ਮੋਨਿਕਾ ਗੋਇਲ ਦਾ ਕੀਤਾ ਸਨਮਾਨ



**ਸੁਨਾਮ, 8 ਜੂਨ**
**-ਪੱਤਰ ਪ੍ਰੇਰਕ-**

ਸ਼੍ਰੀ ਖਾਟੂ ਸ਼ਿਆਮ ਵੈਲਫੇਅਰ ਸੋਸਾਇਟੀ ਸੁਨਾਮ ਵੱਲੋਂ ਵਾਰਡ ਨੰਬਰ 17 ਤੋਂ ਨਗਰ ਕੌਂਸਲ ਚੋਣਾਂ ਵਿੱਚ ਸ਼ਾਨਦਾਰ ਜਿੱਤ ਹਾਸਲ ਕਰਨ ਵਾਲੀ ਕੌਂਸਲਰ ਮੋਨਿਕਾ ਗੋਇਲ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਪਰਮਿੰਦਰ ਗੋਇਲ ਅਤੇ ਦੀਪਕ ਗਰਗ (ਦੀਪੂ) ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਸੋਸਾਇਟੀ ਮੈਂਬਰ ਮੋਹਿੰਦਰ ਪਾਲ, ਸੰਜੀਵ ਸੋਨੂੰ, ਟਵਿੰਕਲ ਬਾਂਸਲ, ਸੰਜੀਵ ਜਿੰਦਲ ਅਤੇ ਅਜੈ ਕੁਮਾਰ ਵਿਸ਼ੇਸ਼ ਤੌਰ ’ਤੇ ਹਾਜ਼ਰ ਰਹੇ। ਸੋਸਾਇਟੀ ਮੈਂਬਰਾਂ ਨੇ ਮੋਨਿਕਾ ਗੋਇਲ ਨੂੰ ਚੋਣਾਂ ਵਿੱਚ ਮਿਲੀ ਸ਼ਾਨਦਾਰ ਜਿੱਤ ਲਈ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਵਾਰਡ ਨੰਬਰ 17 ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ। ਇਸ ਸਨਮਾਨ ਸਮਾਰੋਹ ਰਾਹੀਂ ਸੋਸਾਇਟੀ ਵੱਲੋਂ ਮੋਨਿਕਾ ਗੋਇਲ ਦੇ ਸਫਲ ਅਤੇ ਲੋਕ ਭਲਾਈ ਕਾਰਜਕਾਲ ਦੀ ਕਾਮਨਾ ਕੀਤੀ ਗਈ।

ਇਸ ਦੌਰਾਨ ਵਾਰਡ ਨੰਬਰ 17 ਤੋਂ ਜੇਤੂ ਰਹੀ ਕੌਂਸਲਰ ਮੋਨਿਕਾ ਗੋਇਲ ਨੇ ਕਿਹਾ ਕਿ ਉਹ ਵਾਰਡ ਦੇ ਸਰਬਪੱਖੀ ਵਿਕਾਸ ਅਤੇ ਵਾਰਡ ਵਾਸੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਜਾਵੇਗਾ ਅਤੇ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾਣਗੇ।

ਮੋਨਿਕਾ ਗੋਇਲ ਨੇ ਕਿਹਾ ਕਿ ਸੜਕਾਂ, ਸਫਾਈ ਪ੍ਰਬੰਧ, ਪੀਣ ਵਾਲੇ ਪਾਣੀ, ਸੀਵਰੇਜ ਅਤੇ ਸਟਰੀਟ ਲਾਈਟਾਂ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਕਰਵਾਉਣਾ ਉਨ੍ਹਾਂ ਦੀ ਪਹਿਲ ਹੋਵੇਗੀ। ਉਨ੍ਹਾਂ ਕਿਹਾ ਕਿ ਵਾਰਡ ਦੇ ਹਰ ਨਿਵਾਸੀ ਦੀ ਆਵਾਜ਼ ਨੂੰ ਤਰਜੀਹ ਦਿੱਤੀ ਜਾਵੇਗੀ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਸੁਣ ਕੇ ਉਨ੍ਹਾਂ ਦੇ ਹੱਲ ਲਈ ਠੋਸ ਕਦਮ ਚੁੱਕੇ ਜਾਣਗੇ। ਉਨ੍ਹਾਂ ਵਾਰਡ ਵਾਸੀਆਂ ਵੱਲੋਂ ਦਿੱਤੇ ਗਏ ਭਰਪੂਰ ਸਹਿਯੋਗ ਅਤੇ ਵਿਸ਼ਵਾਸ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀ ਸੇਵਾ ਲਈ ਉਪਲਬਧ ਰਹਿਣਗੇ ਅਤੇ ਵਾਰਡ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ ਤੱਕ ਲਿਜਾਉਣ ਲਈ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨਗੇ।

# ਮੰਗਾਂ ਦਾ ਹੱਲ ਨਾਂ ਕਰਨ ਦੇ ਰੋਸ ਵਜੋਂ ਦਰਜਾਚਾਰ ਮੁਲਾਜਮਾਂ ਨੇ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਦਫਤਰ ਅੱਗੇ ਕੜਕਦੀ ਗਰਮੀ ਵਿੱਚ ਲਾਇਆ ਧਰਨਾ

**ਪਟਿਆਲਾ, 8 ਜੂਨ**
**-ਛੱਤਰਪਾਲ ਸਿੰਘ-**

ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜਿਲਾ ਪਟਿਆਲਾ ਵੱਲੋਂ ਲਖਵਿੰਦਰ ਸਿੰਘ ਖਾਨਪੁਰ,ਦਿਆਲ ਸਿੰਘ ਸਿੱਧੂ,ਚਮਕੌਰ ਸਿੰਘ ਧਾਰੋਕੀ, ਗੁਰਮੀਤ ਸਿੰਘ ਪੇਦਨ ਦੀ ਅਗਵਾਈ ਵਿੱਚ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਰੌਣੀ ਫਾਰਮ ਪਟਿਆਲਾ ਦੇ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਦਰਸ਼ਨ ਸਿੰਘ ਬੇਲੂਮਾਜਰਾ ,ਜਸਵਿੰਦਰ ਸਿੰਘ ਸੌਜਾ,ਜਸਵੀਰ ਸਿੰਘ ਖੋਖਰ, ਹਰਦੇਵ ਸਿੰਘ ਸਮਾਣਾ, ਨਾਥ ਸਿੰਘ ਬੁਜਰਕ, ਧਰਮਪਾਲ ਸਿੰਘ ਲੌਟ, ਗੁਰਜੰਟ ਸਿੰਘ ਛੰਨਾ , ਰਜਿੰਦਰ ਸਿੰਘ ਧਾਲੀਵਾਲ, ਸਤਨਾਮ ਸਿੰਘ ਨਾਭਾ,ਆਦਿ ਨੇ ਦੱਸਿਆ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪਟਿਆਲਾ ਵੱਲੋਂ ਕੱਚੇ ਕਾਮਿਆਂ ਦੀ ਸੀਨੀਅਰਤਾ ਸੂਚੀ ਨਹੀਂ ਬਣਾਈ ਜਾ ਰਹੀ, ਪੰਜਾਬ ਸਰਕਾਰ ਵੱਲੋਂ ਕੱਚੇ ਕਾਮਿਆਂ ਦੀਆਂ ਉਜਰਤਾਂ ਵਿੱਚ ਇਕ ਮਈ ਤੋਂ ਕੀਤਾ ਗਿਆ 15% ਵਾਧਾ ਲਾਗੂ ਨਹੀਂ ਕੀਤਾ ਜਾ ਰਿਹਾ ਕੱਚੇ ਮੁਲਾਜ਼ਮਾ ਨੂੰ ਤਨਖਾਹ ਹਰ ਮਹੀਨੇ 17 ਤੋਂ 20 ਤਰੀਕ ਤੱਕ ਦਿੱਤੀ ਜਾ ਰਹੀ ਹੈ ਜਦੋਂ ਕਿ ਕਿਰਤ ਕਾਨੂੰਨ ਮੁਤਾਬਕ ਕੱਚੇ ਕਾਮਿਆ ਦੀ ਤਨਖਾਹ 7 ਤਾਰੀਖ ਤੋਂ ਪਹਿਲਾਂ ਦੇਣੀ ਬਣਦੀ ਹੈ ਅਤੇ 10 ਸਾਲ ਬਾਅਦ ਸੈਮੀ ਸਕਿਲਡ,15 ਸਾਲ ਬਾਅਦ ਸਕਿਲਡ ਅਨੁਸਾਰ ਤਨਖਾਹ ਚ ਵਾਧਾ ਨਹੀਂ ਕੀਤਾ ਜਾ ਰਿਹਾ,ਰੈਗੂਲਰ ਦਰਜਾ ਚਾਰ ਮੁਲਾਜ਼ਮਾਂ ਦੇ ਪੇ ਕਮਿਸ਼ਨ ਦੇ ਬਕਾਏ ਵੀ ਨਹੀਂ ਦਿੱਤੇ ਜਾ ਰਹੇ ਜਦੋਂ ਕਿ ਉੱਚ ਅਧਿਕਾਰੀਆਂ ਦੇ ਬਕਾਏ ਦਿੱਤੇ ਜਾ ਚੁੱਕੇ ਹਨ ਉਨ੍ਹਾਂ ਦੱਸਿਆ ਕਿ ਜਦੋਂ ਮੁਲਾਜ਼ਮ ਆਪਣੀਆਂ ਮੰਗਾਂ ਸਬੰਧੀ ਦਫਤਰ ਜਾਂਦੇ ਹਨ ਤਾਂ ਉਨਾ ਨਾਲ ਗਲਤ ਵਿਵਹਾਰ ਕੀਤਾ ਜਾਂਦਾ ਹੈ ਜਿਸ ਕਾਰਨ ਪਸ਼ੂ ਪਾਲਣ ਵਿਭਾਗ ਚ ਕੰਮ ਕਰਦੇ ਕੱਚੇ ਤੇ ਪੱਕੇ ਮੁਲਾਜ਼ਮਾਂ ਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਜਿਸ ਦੇ ਵਿਰੋਧ ਵਿੱਚ ਅੱਜ ਰੋਸ ਧਰਨਾ ਦਿੱਤਾ ਗਿਆ ਜਿਸ ਦੇ ਦਬਾਅ ਚ ਅਧਿਕਾਰੀਆਂ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਜਲਦੀ ਹੀ ਡਿਪਟੀ ਡਾਇਰੈਕਟਰ ਵੱਲੋਂ ਜਥੇਬੰਦੀ ਨਾਲ਼ ਮੀਟਿੰਗ ਕਰਕੇ ਮੰਗਾਂ ਦਾ ਸਥਾਈ ਹੱਲ ਕੀਤਾ ਜਾਵੇਗਾ।

ਧਰਨੇ ਚ ਪਹੁੰਚੇ ਹਰਜਿੰਦਰ ਸਿੰਘ ਜਿੰਦੂ, ਹਰਪਾਲ ਸਿੰਘ, ਹਰਬੰਸ ਸਿੰਘ ਪੇਦਰ, ਸ਼ਰਮਾ ਭੀਲੋਵਾਲ, ਨਰੇਸ ਕੁਮਾਰ ਪਟਿਆਲਾ, ਮਹਿੰਦਰ ਸਿੰਘ ਕਾਠਮੱਠੀ, ਮਨਪ੍ਰੀਤ ਸਿੰਘ ਮਨੀ ਕੁਲੇਮਾਜਰਾ ਆਦਿ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਹੱਲ ਨਾ ਕੀਤਾ ਤਾਂ 16 ਜੂਨ ਨੂੰ ਮੀਟਿੰਗ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਅੱਜ ਦੇ ਇੱਕਠ ਵਲੋ ਇਕ ਵਿਸ਼ੇਸ਼ ਮਤਾ ਪਾਸ ਕਰਕੇ ਸਹਾਇਕ ਲਾਈਨਮੈਨ ਤੇ ਸੁਵਿਧਾ ਕੇਂਦਰ ਦੇ ਮੁਲਾਜ਼ਮਾਂ ਤੇ ਪੰਜਾਬ ਸਰਕਾਰ ਦੀ ਸ਼ਹਿ ਤੇ ਪੁਲੀਸ ਵੱਲੋਂ ਕੀਤੇ ਅਣਮਨੁੱਖੀ ਤਸੱਦਦ ਦੀ ਸਖਤ ਸ਼ਬਦਾਂ ਚ ਨਿੰਦਾ ਕੀਤੀ ਅਤੇ ਮੰਗ ਕੀਤੀ ਕਿ ਤਸ਼ਦਦ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

# ਨਾਲੇ ਨੂੰ ਪੱਕਾ ਬਣੇ ਹੋਣ ਤੋਂ ਬਾਅਦ ਕਦੇ ਵੀ ਸਫਾਈ ਨਹੀਂ ਕੀਤੀ ਗਈ

**ਸੰਗਰੂਰ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**



ਸੰਗਰੂਰ ਸ਼ਹਿਰ ਦੇ ਚੜਦੇ ਵਾਲੇ ਪਾਸੇ ਜੋ ਨਾਲ਼ਾ ਬਣਿਆ ਹੋਇਆ ਹੈ, ਇਸ ਨਾਲੇ ਨੂੰ ਪੱਕਾ ਬਣੇ ਨੂੰ ਕੁਝ ਹੀ ਸਾਲ ਹੋਏ ਹਨ। ਜਿਸ ਸਮੇਂ ਤੋਂ ਇਹ ਨਾਲਾ ਪੱਕਾ ਕੀਤਾ ਗਿਆ ਹੈ, ਉਸਤੋਂ ਬਾਅਦ ਇਸਦੀ ਕਦੇ ਵੀ ਸਫਾਈ ਨਹੀਂ ਕੀਤੀ ਗਈ। ਇਸ ਨਾਲੇ ਵਿੱਚ ਹੁਣ ਉੱਗੀ ਬੂਟੀ ਅਤੇ ਦਰਖਤਾਂ ਨੇ ਇਸਨੂੰ ਲੱਗਭੱਗ ਬੰਦ ਹੀ ਕਰ ਦਿੱਤਾ ਹੈ। ਹੁਣ ਇਸਦੀ ਹਾਲਤ ਇਸ ਤਰ੍ਹਾਂ ਦੀ ਹੋ ਗਈ ਹੈ ਕਿ ਇਸ ਵਿੱਚ ਗੰਦਾ ਪਾਣੀ ਲੰਘਣਾ ਬੰਦ ਹੀ ਹੋ ਗਿਆ ਹੈ। ਇਹ ਨਾਲਾ ਮੈਡਮ ਨਰਿੰਦਰ ਕੌਰ ਭਰਾਜ ਐੱਮ ਐੱਲ ਏ ਸੰਗਰੂਰ ਦੀ ਰਿਹਾਇਸ਼ ਤੋਂ ਥੋੜੀ ਦੂਰੀ ਤੇ ਹੀ ਲੰਘਦਾ ਹੈ। ਡਰੇਨ ਵਿਭਾਗ ਇਸਦੀ ਕੋਈ ਵੀ ਪਰਵਾਹ ਨਹੀਂ ਕਰ ਰਿਹਾ। ਜਿਸ ਤਰ੍ਹਾਂ ਅੱਗੇ ਬਰਸਾਤਾਂ ਦਾ ਮੌਸਮ ਆਉਣ ਵਾਲਾ ਹੈ, ਉਸ ਸਮੇਂ ਇਸ ਨਾਲੇ ਦੀ ਹਾਲਤ ਹੋਰ ਵੀ ਖਰਾਬ ਹੋ ਜਾਵੇਗੀ। ਮੀਂਹ ਦਾ ਪਾਣੀ ਜਦੋਂ ਇਸ ਵਿੱਚ ਪਵੇਗਾ, ਉਸਦੀ ਅੱਗੇ ਨਿਕਾਸੀ ਨਾ ਹੋਣ ਕਰਕੇ ਇਸਦੇ ਨਾਲ ਬਣੀਆਂ ਦੋਨੋਂ ਪਾਸੇ ਸੜਕਾਂ ਉੱਤੇ ਆ ਜਾਵੇਗਾ ਅਤੇ ਨਾਲ ਲੱਗਦੇ ਘਰਾਂ ਵਿੱਚ ਵੀ ਜਾਵੇਗਾ। ਕਰੋੜਾਂ ਰੁਪਏ ਦੀ ਲਾਗਤ ਨਾਲ ਪੱਕੇ ਕੀਤੇ ਹੋਏ ਇਸ ਨਾਲੇ ਦੀ ਹਾਲਤ ਇੰਨੀ ਖਸਤਾ ਹੈ ਕਿ ਇਸ ਵਿੱਚ ਆ ਰਿਹਾ ਸ਼ਹਿਰ ਦਾ ਪਾਣੀ ਅੱਗੇ ਨਹੀਂ ਚੱਲ ਰਿਹਾ। ਸੰਗਰੂਰ ਨਾਨਕੀਆਣਾ ਚੌਂਕ ਵਾਲੇ ਪਾਸੇ ਤੋਂ ਆ ਰਿਹਾ ਇਹ ਨਾਲਾ ਸੰਗਰੂਰ ਤੋਂ ਸੁਨਾਮ ਰੋਡ ਦੇ ਨਾਲ ਨਾਲ ਜਾਕੇ ਇਹ ਸੁਨਾਮ ਕੋਲ ਦੀ ਲੰਘਦੇ ਵੱਡੇ ਚੋਅ ਵਿੱਚ ਪੈਂਦਾ ਹੈ। ਸੋ ਇਸ ਨਾਲੇ ਦੀ ਜੇਕਰ ਹੁਣ ਸਫਾਈ ਨਾ ਕੀਤੀ ਗਈ ਤਾਂ ਇਹ ਨਾਲਾ ਬਰਸਾਤਾਂ ਸਮੇਂ ਇੱਕ ਵੱਡੀ ਮੁਸ਼ਕਿਲ ਦਾ ਕਾਰਨ ਬਣ ਜਾਵੇਗਾ। ਲੋੜ ਹੈ ਕਿ ਹੁਣ ਇਸ ਡਰੇਨ ਦੀ ਸਫਾਈ ਕੀਤੀ ਜਾਵੇ ਤਾਂ ਕਿ ਸ਼ਹਿਰ ਵਾਸੀਆਂ ਅਤੇ ਰਾਹਗੀਰਾਂ ਨੂੰ ਕੋਈ ਵੀ ਦਿੱਕਤ ਨਾ ਆਵੇ।

# 8.11 ਕਰੋੜ ਰੁਪਏ ਦੀ ਲਾਗਤ ਨਾਲ ਬਣੇਗਾ ਹਾਈ ਲੈਵਲ ਪੁਲ, ਹਜ਼ਾਰਾਂ ਲੋਕਾਂ ਤੇ ਸ਼ਰਧਾਲੂਆਂ ਨੂੰ ਮਿਲੇਗੀ ਰਾਹਤ : ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ, 8 ਜੂਨ**
**-ਪੱਤਰ ਪ੍ਰੇਰਕ-**



ਸ਼ਹਿਰ ਦੇ ਵਿਕਾਸ, ਧਾਰਮਿਕ ਆਸਥਾ ਅਤੇ ਆਧੁਨਿਕ ਬੁਨਿਆਦੀ ਸਹੂਲਤਾਂ ਨੂੰ ਇੱਕ ਧਾਗੇ ਵਿੱਚ ਪਰੋਣ ਵਾਲੇ ਮਹੱਤਵਪੂਰਨ ਪ੍ਰੋਜੈਕਟ ‘ਆਦਿ ਗੁਰੂ ਸ਼ੰਕਰਾਚਾਰਿਆ ਸੇਤੂ’ ਦੇ ਨਿਰਮਾਣ ਕਾਰਜ ਦਾ ਐਤਵਾਰ ਨੂੰ ਰਸਮੀ ਸ਼ੁਰੂਆਤ ਕੀਤੀ ਗਈ। ਆਦਿ ਗੁਰੂ ਸ਼ੰਕਰਾਚਾਰਿਆ ਚੌਕ ਵਿਖੇ ਆਯੋਜਿਤ ਸਮਾਗਮ ਦੌਰਾਨ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਵੱਲੋਂ ਗੋਵਰਧਨ ਮਠ ਪੁਰੀ ਪੀਠਾਧੀਸ਼ਵਰ ਜਗਦਗੁਰੂ ਸ਼ੰਕਰਾਚਾਰਿਆ ਸਵਾਮੀ ਨਿਸ਼ਚਲਾਨੰਦ ਸਰਸਵਤੀ ਮਹਾਰਾਜ ਦੇ ਕਰ-ਕਮਲਾਂ ਨਾਲ ਭੂਮੀ ਪੂਜਨ ਕਰਵਾ ਕੇ ਇਸ ਪ੍ਰੋਜੈਕਟ ਦੀ ਸ਼ੁਰੂਆਤ ਕਰਵਾਈ ਗਈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਹ ਪੁਲ ਨਾ ਸਿਰਫ਼ ਖੇਤਰ ਦੀ ਆਵਾਜਾਈ ਪ੍ਰਣਾਲੀ ਨੂੰ ਮਜ਼ਬੂਤ ਕਰੇਗਾ, ਸਗੋਂ ਸ਼ਹਿਰ ਦੀ ਧਾਰਮਿਕ ਅਤੇ ਸੱਭਿਆਚਾਰਕ ਪਹਿਚਾਣ ਨੂੰ ਵੀ ਨਵੀਂ ਮਜ਼ਬੂਤੀ ਪ੍ਰਦਾਨ ਕਰੇਗਾ।

ਜਿੰਪਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸ਼ਹਿਰ ਦੀ ਧਾਰਮਿਕ ਵਿਰਾਸਤ ਨੂੰ ਸਨਮਾਨ ਦੇਣ ਦੇ ਉਦੇਸ਼ ਨਾਲ ਪਹਿਲਾਂ ਮਹਾਵੀਰ ਸੇਤੂ ਤੋਂ ਧੋਬੀ ਘਾਟ ਚੌਂਕ ਤੱਕ ਦੇ ਮਾਰਗ ਦਾ ਨਾਮ ‘ਸ਼੍ਰੀ ਰਾਮ ਪਥ’ ਅਤੇ ਧੋਬੀ ਘਾਟ ਚੌਂਕ ਦਾ ਨਾਮ ‘ਆਦਿ ਗੁਰੂ ਸ਼ੰਕਰਾਚਾਰਿਆ ਚੌਂਕ’ ਰੱਖਿਆ ਗਿਆ ਸੀ। ਇਸੇ ਲੜੀ ਨੂੰ ਅੱਗੇ ਵਧਾਉਂਦੇ ਹੋਏ ਹੁਣ ਆਦਿ ਗੁਰੂ ਸ਼ੰਕਰਾਚਾਰਿਆ ਚੌਂਕ ਤੋਂ ਆਦਮਵਾਲ ਮਾਰਗ ਨੂੰ ਜੋੜਨ ਵਾਲੇ ਪ੍ਰਸਤਾਵਿਤ ਪੁਲ ਦਾ ਨਾਮ ‘ਆਦਿ ਗੁਰੂ ਸ਼ੰਕਰਾਚਾਰਿਆ ਸੇਤੂ’ ਰੱਖਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਸਨਾਤਨ ਧਰਮ ਸਭਾ ਹੁਸ਼ਿਆਰਪੁਰ ਸਮੇਤ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਨਾਤਨ ਸੰਸਥਾਵਾਂ ਵੱਲੋਂ ਲੰਬੇ ਸਮੇਂ ਤੋਂ ਇਸ ਪੁਲ ਦਾ ਨਾਮ ਆਦਿ ਗੁਰੂ ਸ਼ੰਕਰਾਚਾਰਿਆ ਜੀ ਦੇ ਨਾਮ ‘ਤੇ ਰੱਖਣ ਦੀ ਮੰਗ ਕੀਤੀ ਜਾ ਰਹੀ ਸੀ। ਪੰਜਾਬ ਸਰਕਾਰ ਨੇ ਲੋਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ ਹੈ।

ਜਿੰਪਾ ਨੇ ਦੱਸਿਆ ਕਿ ਭੰਗੀ ਚੋਅ ‘ਤੇ ਧੋਬੀ ਘਾਟ-ਆਦਮਵਾਲ ਮਾਰਗ ਉੱਪਰ 141 ਮੀਟਰ ਲੰਬੇ ਹਾਈ ਲੈਵਲ ਪੁਲ ਦਾ ਨਿਰਮਾਣ ਲਗਭਗ 8 ਕਰੋੜ 11 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ। ਇਸ ਪ੍ਰੋਜੈਕਟ ਨੂੰ ਪ੍ਰਸ਼ਾਸਨਿਕ ਮਨਜ਼ੂਰੀ ਮਿਲਣ ਤੋਂ ਬਾਅਦ ਲੋਕ ਨਿਰਮਾਣ ਵਿਭਾਗ ਵੱਲੋਂ ਡਿਜ਼ਾਈਨ ਤਿਆਰ ਕਰਕੇ ਟੈਂਡਰ ਪ੍ਰਕਿਰਿਆ ਪੂਰੀ ਕੀਤੀ ਗਈ ਅਤੇ ਹੁਣ ਨਿਰਮਾਣ ਕਾਰਜ ਸ਼ੁਰੂ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੁਲ ਦਾ ਨਿਰਮਾਣ 15 ਮਹੀਨਿਆਂ ਦੇ ਅੰਦਰ ਪੂਰਾ ਕਰਨ ਦਾ ਟੀਚਾ ਰੱਖਿਆ ਗਿਆ ਹੈ।

ਵਿਧਾਇਕ ਨੇ ਕਿਹਾ ਕਿ ਇਸ ਵੇਲੇ ਇਸ ਥਾਂ ‘ਤੇ ਸਿਰਫ਼ ਇੱਕ ਕੰਕਰੀਟ ਕਾਜਵੇ ਮੌਜੂਦ ਹੈ, ਜਿੱਥੇ ਬਰਸਾਤ ਦੇ ਮੌਸਮ ਦੌਰਾਨ ਭੰਗੀ ਚੋਅ ਵਿੱਚ ਪਾਣੀ ਦਾ ਪੱਧਰ ਵੱਧ ਜਾਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਕਈ ਵਾਰ ਆਵਾਜਾਈ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਜਾਂਦੀ ਹੈ, ਜਿਸ ਕਾਰਨ ਸਥਾਨਕ ਵਸਨੀਕਾਂ, ਵਿਦਿਆਰਥੀਆਂ ਅਤੇ ਸ਼ਰਧਾਲੂਆਂ ਨੂੰ ਦਿੱਕਤਾਂ ਝੱਲਣੀਆਂ ਪੈਂਦੀਆਂ ਹਨ। ਨਵੇਂ ਹਾਈ ਲੈਵਲ ਪੁਲ ਦੇ ਨਿਰਮਾਣ ਨਾਲ ਇਸ ਸਮੱਸਿਆ ਦਾ ਸਥਾਈ ਹੱਲ ਹੋਵੇਗਾ।

ਉਨ੍ਹਾਂ ਦੱਸਿਆ ਕਿ ਇਸ ਪੁਲ ਦੇ ਬਣਨ ਨਾਲ ਆਦਮਵਾਲ, ਅੱਜੋਵਾਲ, ਚੌਹਾਲ, ਮਹਿੰਗਰੋਵਾਲ, ਬਰੋਟੀ ਅਤੇ ਕਪਾਹਟ ਸਮੇਤ ਆਲੇ-ਦੁਆਲੇ ਦੇ ਪਿੰਡਾਂ ਦੀ ਹਜ਼ਾਰਾਂ ਦੀ ਆਬਾਦੀ ਨੂੰ ਸਿੱਧਾ ਲਾਭ ਮਿਲੇਗਾ। ਇਸ ਤੋਂ ਇਲਾਵਾ ਇਹ ਮਾਰਗ ਰਾਸ਼ਟਰੀ ਰਾਜਮਾਰਗ-3 ਨਾਲ ਜੁੜਦਾ ਹੈ, ਜਿਸ ਰਾਹੀਂ ਮਾਤਾ ਚਿੰਤਪੁਰਨੀ, ਮਾਤਾ ਜਵਾਲਾ ਜੀ, ਮਾਤਾ ਚਾਮੁੰਡਾ ਦੇਵੀ, ਮਾਤਾ ਕਾਂਗੜਾ ਦੇਵੀ, ਮਾਤਾ ਬਗਲਾਮੁਖੀ ਧਾਮ, ਬਾਬਾ ਬੜਭਾਗ ਸਿੰਘ ਅਤੇ ਧਰਮਸ਼ਾਲਾ ਜਾਣ ਵਾਲੇ ਲੱਖਾਂ ਸ਼ਰਧਾਲੂ ਆਵਾਜਾਈ ਕਰਦੇ ਹਨ। ਪੁਲ ਬਣਨ ਨਾਲ ਸ਼ਰਧਾਲੂਆਂ ਦੀ ਯਾਤਰਾ ਹੋਰ ਸੁਰੱਖਿਅਤ, ਸੁਖਾਲੀ ਅਤੇ ਸੁਵਿਧਾਜਨਕ ਬਣੇਗੀ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਆਧਾਰ ’ਤੇ ਅੱਗੇ ਵਧਾ ਰਹੀ ਹੈ।

# ਪੰਜਾਬ ਭਾਜਪਾ ਦੇ ਖਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਨੇ ਕੇਵਲ ਸਿੰਘ ਢਿੱਲੋਂ ਨੂੰ ਦਿੱਤੀ ਵਧਾਈ

**ਲੁਧਿਆਣਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਪੰਜਾਬ ਭਾਜਪਾ ਦੇ ਖਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਨੇ ਨਵ-ਨਿਯੁਕਤ ਪ੍ਰਦੇਸ਼ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਵਧਾਈ ਦਿੱਤੀ। ਮੀਟਿੰਗ ਦੌਰਾਨ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ, ਜਨਸੰਪਰਕ ਮੁਹਿੰਮਾਂ ਨੂੰ ਤੇਜ਼ ਕਰਨ ਅਤੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਦੇਬੀ ਨੇ ਲੁਧਿਆਣਾ ਸੈਂਟਰਲ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ, ਜਦਕਿ ਢਿੱਲੋਂ ਨੇ ਵਰਕਰਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ।

# ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਜਾਰੀ : ਜਤਿੰਦਰ ਸਿੰਘ ਸ਼ੰਟੀ



**ਸ੍ਰੀ ਆਨੰਦਪੁਰ ਸਾਹਿਬ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਨਸ਼ਿਆਂ ਦੇ ਖਾਤਮੇ ਲਈ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਇਕ ਵੱਡੀ ਪਹਿਲ ਕੀਤੀ ਗਈ ਹੈ। ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਮੈਂਬਰ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਨੇ ਐਲਾਨ ਕੀਤਾ ਕਿ ਰਾਜ ਵਿੱਚ ਨਸ਼ਿਆਂ ਦੇ ਖਿਲਾਫ ਵਿਸ਼ੇਸ਼ ਮੁਹਿੰਮ ਵਿੱਢੀ ਜਾਵੇਗੀ, ਜਿਸ ਦਾ ਮਕਸਦ ਨੌਜਵਾਨ ਪੀੜ੍ਹੀ ਨੂੰ ਇਸ ਬੁਰਾਈ ਤੋਂ ਬਚਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਇਆ ਜਾ ਰਿਹਾ ਯੁੱਧ ਨਸ਼ਿਆਂ ਵਿਰੁੱਧ ਅਭਿਆਨ ਸਫਲ ਹੋ ਰਿਹਾ ਹੈ ਅਤੇ ਇਸ ਨੂੰ ਹੋਰ ਮਜ਼ਬੂਤ ਕਰਨ ਲਈ ਕਮਿਸ਼ਨ ਵੱਲੋਂ ਵੀ ਪੂਰਾ ਸਹਿਯੋਗ ਦਿੱਤਾ ਜਾਵੇਗਾ।

ਇਸ ਸੰਦਰਭ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿੱਚ ਜਨਤਕ ਸੁਣਵਾਈ ਕੈਂਪ ਦਾ ਆਯੋਜਨ ਕੀਤਾ ਗਿਆ, ਜਿੱਥੇ ਲੋਕਾਂ ਨੇ ਆਪਣੀਆਂ ਸਮੱਸਿਆਵਾਂ ਸਿੱਧੇ ਤੌਰ ‘ਤੇ ਕਮਿਸ਼ਨ ਅੱਗੇ ਰੱਖੀਆਂ। ਸ਼ੰਟੀ ਨੇ ਕਿਹਾ ਕਿ ਮਨੁੱਖ ਅਧਿਕਾਰ ਕਮਿਸ਼ਨ ਦੀ ਕਾਰਗੁਜ਼ਾਰੀ ਹੁਣ ਹੋਰ ਤੇਜ਼ ਅਤੇ ਪ੍ਰਭਾਵਸ਼ਾਲੀ ਹੋ ਚੁੱਕੀ ਹੈ, ਜਿਸ ਨਾਲ ਆਮ ਲੋਕਾਂ ਵਿੱਚ ਜਾਗਰੂਕਤਾ ਵੀ ਵਧੀ ਹੈ। ਉਨ੍ਹਾਂ ਦੱਸਿਆ ਕਿ ਹਰ ਰੋਜ਼ 500 ਤੋਂ ਵੱਧ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਹਨ, ਜੋ ਕਿ ਲੋਕਾਂ ਦੇ ਵਧਦੇ ਭਰੋਸੇ ਦਾ ਪ੍ਰਮਾਣ ਹੈ।

ਉਨ੍ਹਾਂ ਨੇ ਕਿਹਾ ਕਿ ਜੇ ਕਿਸੇ ਵਿਅਕਤੀ ਦੇ ਅਧਿਕਾਰਾਂ ਦਾ ਹਨਨ ਹੁੰਦਾ ਹੈ ਤਾਂ ਉਹ 9855475547 ‘ਤੇ ਵਟਸਐਪ ਰਾਹੀਂ ਆਪਣੀ ਸ਼ਿਕਾਇਤ ਦਰਜ ਕਰ ਸਕਦਾ ਹੈ। ਹਰ ਸ਼ਿਕਾਇਤ ਨੂੰ 7 ਦਿਨਾਂ ਦੇ ਅੰਦਰ ਰਜਿਸਟਰ ਕਰਕੇ ਉਸ ‘ਤੇ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਸ਼ੰਟੀ ਨੇ ਭਰੋਸਾ ਦਿਵਾਇਆ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

ਜਤਿੰਦਰ ਸਿੰਘ ਸ਼ੰਟੀ ਨੇ ਆਪਣੇ ਤਜਰਬੇ ਸਾਂਝੇ ਕਰਦਿਆਂ ਦੱਸਿਆ ਕਿ ਉਨ੍ਹਾਂ ਨੇ ਕੋਵਿਡ ਦੌਰਾਨ 150 ਤੋਂ ਵੱਧ ਲਾਵਾਰਿਸ ਲਾਸ਼ਾਂ ਦਾ ਸੰਸਕਾਰ ਕੀਤਾ ਅਤੇ ਹਸਪਤਾਲਾਂ ਵਿੱਚ ਆਮ ਲੋਕਾਂ ਨੂੰ ਰਾਹਤ ਦਿਵਾਉਣ ਲਈ ਕਈ ਯਤਨ ਕੀਤੇ। ਉਨ੍ਹਾਂ ਕਿਹਾ ਕਿ ਇਸ ਕਾਰਜ ਲਈ ਭਾਰਤ ਸਰਕਾਰ ਵੱਲੋਂ ਉਨ੍ਹਾਂ ਨੂੰ ਪਦਮ ਸ੍ਰੀ ਸਨਮਾਨ ਮਿਲਿਆ। ਇਸ ਦੌਰਾਨ ਉਨ੍ਹਾਂ ਨੂੰ ਕਈ ਹਸਪਤਾਲਾਂ ਅਤੇ ਫਾਰਮਾਸਿਊਟਿਕਲ ਕੰਪਨੀਆਂ ਵੱਲੋਂ ਵਿਰੋਧ ਦਾ ਸਾਹਮਣਾ ਵੀ ਕਰਨਾ ਪਿਆ ਅਤੇ ਉਨ੍ਹਾਂ ਖਿਲਾਫ 11 ਐਫ.ਆਈ.ਆਰ ਦਰਜ ਹੋਈਆਂ।

ਉਨ੍ਹਾਂ ਨੇ ਵਿਦੇਸ਼ ਭੇਜਣ ਦੇ ਨਾਮ ‘ਤੇ ਠੱਗੀ ਕਰਨ ਵਾਲੇ ਏਜੰਟਾਂ ਵਿਰੁੱਧ ਸਖਤ ਕਾਰਵਾਈ ਦੀ ਗੱਲ ਕਰਦਿਆਂ ਕਿਹਾ ਕਿ ਕਮਿਸ਼ਨ ਨੇ ਸਰਕਾਰ ਤੋਂ ਸਾਰੇ ਰਜਿਸਟਰਡ ਇਮੀਗ੍ਰੇਸ਼ਨ ਏਜੰਟਾਂ ਦੀ ਰਿਪੋਰਟ ਮੰਗੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਧੋਖਾਧੜੀ ਦੇ ਮਾਮਲੇ ਵਿੱਚ ਅੱਗੇ ਆ ਕੇ ਲਿਖਤੀ ਸ਼ਿਕਾਇਤ ਦੇਣ ਤਾਂ ਜੋ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾ ਸਕੇ।

ਸ.ਸ਼ੰਟੀ ਨੇ ਦੱਸਿਆ ਕਿ ਉਹ 23 ਜਿਲ੍ਹਿਆਂ ਦਾ ਦੌਰਾ ਕਰਕੇ ਲੋਕਾਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹੁਣ ਲੋਕ ਪਹਿਲਾਂ ਵਾਂਗ ਥਾਣਿਆਂ ‘ਚ ਜਾਣ ਤੋਂ ਬਾਅਦ ਸਿੱਧੇ ਕਮਿਸ਼ਨ ਕੋਲ ਆ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਇੱਥੇ ਨਿਆਂ ਮਿਲਣ ਦੀ ਉਮੀਦ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਫਾਈ ਕਰਮਚਾਰੀ, ਐਮਬੂਲੈਂਸ ਡਰਾਈਵਰ ਅਤੇ ਹਸਪਤਾਲ ਸਟਾਫ ਸਾਡੇ ਸਮਾਜ ਦੇ ਅਹਿਮ ਹਿੱਸੇ ਹਨ ਅਤੇ ਉਨ੍ਹਾਂ ਦਾ ਸਨਮਾਨ ਮਿਲਣਾ ਚਾਹੀਦਾ ਹੈ।

ਅਖੀਰ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸਰਕਾਰ ਵੱਲੋਂ ਪੂਰਾ ਸਹਿਯੋਗ ਮਿਲ ਰਿਹਾ ਹੈ ਅਤੇ ਲੋਕ ਨਿਡਰ ਹੋ ਕੇ ਆਪਣੀ ਗੱਲ ਅੱਗੇ ਰੱਖਣ। ਕੈਂਪ ਦੌਰਾਨ ਮਿਲੀਆਂ ਸ਼ਿਕਾਇਤਾਂ ‘ਤੇ ਤੁਰੰਤ ਕਾਰਵਾਈ ਲਈ ਸੰਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਕਈ ਪ੍ਰਸ਼ਾਸਨਿਕ ਅਧਿਕਾਰੀ ਅਤੇ ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀ, ਪੰਚ, ਸਰਪੰਚ ਅਤੇ ਸ਼ੰਸਥਾਵਾਂ ਦੇ ਆਗੂ ਵੀ ਹਾਜ਼ਰ ਰਹੇ, ਜਿਨ੍ਹਾਂ ਨੇ ਹਰ ਨਾਗਰਿਕ ਦੇ ਹੱਕਾਂ ਦੀ ਰਾਖੀ ਲਈ ਵਚਨਬੱਧਤਾ ਜਤਾਈ। ਸ੍ਰੀ ਅਨੰਦਪੁਰ ਸਾਹਿਬ ਵਿੱਚ ਵਿਸੇਸ਼ ਤੌਰ ਤੇ ਪਹੁੰਚੇ ਮੈਂਬਰ ਮਨੁੱਖੀ ਅਧਿਕਾਰੀ ਕਮਿਸ਼ਨ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਵਿਰਾਸਤ ਏ ਖਾਲਸਾ ਤੋਂ ਪੰਜ ਪਿਆਰਾ ਪਾਰਕ ਤੱਕ ਜਾਗਰੂਕਤਾ ਰੈਲੀ ਕੱਢੀ, ਉਨ੍ਹਾਂ ਦੇ ਨਾਲ ਇਲਾਕੇ ਦੇ ਲੋਕਾਂ ਨੇ ਆਪਣੇ ਹੱਥਾ ਵਿੱਚ ਜਾਗਰੂਕਤਾ ਨੂੰ ਦਰਸਾਉਦੇ ਸਲੋਗਨ ਫੜੇ ਹੋਏ ਸਨ ਅਤੇ ਨਸ਼ਿਆ ਵਿਰੁੱਧ ਜਾਗਰੂਕਤਾ ਬਾਰੇ ਨਾਅਰੇ ਲਗਾ ਰਹੇ ਸਨ। ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ ਅਤੇ ਸ੍ਰੀ ਸ਼ੰਟੀ ਨੂੰ ਇਸ ਪ੍ਰਸਾਸ਼ਨ ਅਤੇ ਇਲਾਕਾ ਵਾਸੀਆਂ ਵੱਲੋਂ ਵਿਸੇਸ਼ ਸਨਮਾਨ ਦਿੱਤਾ ਗਿਆ।

ਇਸ ਮੌਕੇ ਡਾ.ਦੀਪਕ ਸਿੰਗਲਾ ਮੈਂਬਰ ਕੌਰ ਕਮੇਟੀ ਮਨੁੱਖੀ ਅਧਿਕਾਰ ਕਮਿਸ਼ਨ ਚੰਡੀਗੜ੍ਹ ਚੇਅਰਮੈਨ ਦਾ ਐਂਟੀ ਕਰਪਸ਼ਨ ਕ੍ਰਾਈਮ ਪ੍ਰੀਵੇਸ਼ਨ ਕਮਿਊਨਿਟੀ ਓਰੀਐਂਟਿਡ ਪੁਲਿਸਿੰਗ ਸੁਸਾਇਟੀ (ਰਜਿ.),ਕੌਰ ਕਮੇਟੀ ਮੈਂਬਰ ਮਨਪ੍ਰੀਤ ਕੌਰ, ਬਲਦੇਵ ਸਿੰਘ, ਅਮਨਦੀਪ ਸਿੰਘ, ਐਸ.ਡੀ.ਐਮ ਸੁਖਪਾਲ ਸਿੰਘ, ਡੀ.ਐਸ.ਪੀ ਨਵੀਨ ਕੁਮਾਰ, ਨਾਇਬ ਤਹਿਸੀਲਦਾਰ ਜਸਵਿੰਦਰ ਕੌਰ,ਪ੍ਰੀਤਮ ਸਿੰਘ ਪੀ.ਓ, ਐਸ.ਐਮ.ਓ ਵਰਿੰਦਰ ਸਿੰਘ, ਐਮ.ਓ ਅਮਰਿੰਦਰ ਸਿੰਘ, ਐਸ.ਐਮ.ਓ ਜੰਗਜੀਤ ਸਿੰਘ, ਰਜਿੰਦਰ ਸਿੰਘ ਐਸ.ਡੀ.ਓ ਪਾਵਰ ਕਾਮ, ਰਾਜੇਸ਼ ਸ਼ਰਮਾ ਐਸ.ਡੀ.ਓ ਨੂਰਪੁਰ ਬੇਦੀ, ਈ.ਓ ਸੰਗੀਤ ਕੁਮਾਰ, ਈ.ਓ ਗੁਰਬਖਸੀਸ਼ ਸਿੰਘ ਕੀਰਤਪੁਰ ਸਾਹਿਬ, ਏਐਫਐਸਓ ਅਮਰਦੀਪ ਕੌਰ, ਬੀਓ ਮਨਜੀਤ ਸਿੰਘ ਮਾਵੀ, ਬੀਪੀਈਓ ਰਾਕੇਸ਼ ਕੁਮਾਰ, ਗੁਰਸੋਹਣ ਸਿੰਘ ਸੈਕਟਰੀ ਰੈਡ ਕਰਾਸ ਹਾਜ਼ਰ ਸਨ।

# ਕੱਲ੍ਹ ਸੋ ਕਰਦੇ ਸੀ ਵਿਰੋਧ, ਅੱਜ ਖਵਾਉਂਦੇ ਮਠਿਆਈਆਂ

# ਮੈਨੂੰ ਸਾਰੇ ਸ਼ਹਿਰ ਨੇ ਪ੍ਰਧਾਨ ਬਣਾਇਆ, ਸਾਰੇ ਸ਼ਹਿਰ ਦਾ ਹੋਵੇਗਾ ਇੱਕਸਾਰ ਵਿਕਾਸ : ਪ੍ਰਧਾਨ ਕੁੰਦਰਾ

**ਮਾਛੀਵਾੜਾ ਸਾਹਿਬ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**



ਮਾਛੀਵਾੜਾ ਸਾਹਿਬ ਦਾ ਪਿਛਲੇ ਡੇਢ ਕੁ ਸਾਲ ਦੇ ਸਮੇਂ ਤੋਂ ਹੋ ਹੋ ਰਿਹਾ ਤੇਜ਼ੀ ਨਾਲ ਵਿਕਾਸ ਕਿਸੇ ਤੋਂ ਲੁਕਿਆ ਨਹੀਂ , ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਆਪਣੇ ਕੌਂਸਲਰਾਂ ਸਮੇਤ ਕੀਤੇ ਜਾ ਰਹੇ ਸ਼ਹਿਰ ਦੇ ਵਿਕਾਸ ਕਾਰਜ ਪ੍ਰਸ਼ੰਸਾ ਯੋਗ ਹਨ। ਨਗਰ ਕੌਂਸਲ ਦੀ ਬੀਤੇ ਕੱਲ੍ਹ ਹੋਈ ਬਜਟ ਮੀਟਿੰਗ ਵਿਚ ਕਾਂਗਰਸ ਅਤੇ ਅਕਾਲੀ ਦਲ ਦੇ ਕੌਂਸਲਰਾਂ ਨੇ ਪ੍ਰਧਾਨ ਮੋਹਿਤ ਕੁੰਦਰਾ ਦਾ ਵਿਰੋਧ ਕਰਕੇ ਮੁੱਦਾ ਉਠਾਇਆ ਸੀ ਕਿ ਉਨ੍ਹਾਂ ਦੇ ਵਾਰਡਾਂ ਵਿਚ ਵਿਕਾਸ ਕਾਰਜ ਨਹੀਂ ਹੋ ਰਹੇ ਪਰ ਅੱਜ ਉਹੀ ਕਾਂਗਰਸੀ ਕੌਂਸਲਰ ਪ੍ਰਧਾਨ ਦਾ ਖੁਸ਼ੀ ਵਿਚ ਮੂੰਹ ਮਿੱਠਾ ਕਰਵਾਉਂਦੇ ਦਿਖਾਈ ਦਿੱਤੇ। ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਕਾਂਗਰਸੀ ਕੌਂਸਲਰ ਸੁਰਿੰਦਰ ਛਿੰਦੀ ਦੇ ਵਾਰਡ ਵਿਚ ਜਾ ਕੇ ਵਿਕਾਸ ਕਾਰਜ ਸ਼ੁਰੂ ਕਰਵਾਏ ਅਤੇ ਉਸ ਦੇ ਗਿਲ੍ਹੇ ਸ਼ਿਕਵੇ ਦੂਰ ਕਰ ਦਿੱਤੇ। ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਲੋਕਾਂ ਨੇ ਬੜੇ ਹੀ ਪਿਆਰ ਤੇ ਸਤਿਕਾਰ ਦਿੰਦਿਆਂ ਉਨ੍ਹਾਂ ਨੂੰ ਸ਼ਹਿਰ ਦਾ ਪ੍ਰਧਾਨ ਬਣਾਇਆ ਹੈ ਇਸ ਲਈ ਉਹ ਕਿਸੇ ਸਿਆਸੀ ਪਾਰਟੀ ਦੇ ਨਹੀਂ ਬਲਕਿ ਹਰੇਕ ਸ਼ਹਿਰ ਵਾਸੀ ਦੇ ਨੁਮਾਇੰਦੇ ਹਨ ਅਤੇ ਉਨ੍ਹਾਂ ਦਾ ਫਰਜ਼ ਬਣਦਾ ਹੈ ਕਿ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਵਿਕਾਸ ਕਾਰਜ ਕਰਾਵਾਂ। ਪ੍ਰਧਾਨ ਕੁੰਦਰਾ ਨੇ ਕਿਹਾ ਕਿ ਕਾਂਗਰਸੀ ਕੌਂਸਲਰ ਸੁਰਿੰਦਰ ਛਿੰਦੀ ਦੇ ਵਾਰਡ ਵਿਚ 8 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਸ਼ੁਰੂ ਕਰਵਾ ਦਿੱਤੇ ਹਨ ਅਤੇ ਹੋਰ ਜੋ ਵੀ ਕੰਮ ਵਾਰਡ ਦੇ ਲੋਕ ਹਿੱਤਾਂ ਵਾਲੇ ਹੋਣਗੇ ਉਹ ਵੀ ਜ਼ਰੂਰ ਕਰਵਾਏ ਜਾਣਗੇ। ਵਿਕਾਸ ਕਾਰਜ ਸ਼ੁਰੂ ਹੋਣ ’ਤੇ ਕਾਂਗਰਸੀ ਕੌਂਸਲਰ ਸੁਰਿੰਦਰ ਛਿੰਦੀ ਨੇ ਪ੍ਰਧਾਨ ਮੋਹਿਤ ਕੁੰਦਰਾ ਦਾ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਬੇਸ਼ੱਕ ਉਨ੍ਹਾਂ ਨੇ ਕੱਲ੍ਹ ਗਿਲ੍ਹਾ ਸ਼ਿਕਵਾ ਜ਼ਾਹਿਰ ਕਰ ਵਿਕਾਸ ਕਾਰਜ ਨਾ ਹੋਣਦਾ ਮੁੱਦਾ ਉਠਾਇਆ ਸੀ ਪਰ ਇਸ ਪਿੱਛੇ ਕੋਈ ਤਕਨੀਕੀ ਕਾਰਨ ਸਨ ਨਾ ਕਿ ਪ੍ਰਧਾਨ ਕੁੰਦਰਾ ਦੀ ਕੋਈ ਰੰਜਿਸ਼ਬਾਜੀ। ਉਨ੍ਹਾਂ ਕਿਹਾ ਕਿ ਅੱਜ ਕੰਮ ਸ਼ੁਰੂ ਹੋਣ ਨਾਲ ਵਾਰਡ ਵਾਸੀ ਬੇਹੱਦ ਖੁਸ਼ ਹਨ ਅਤੇ ਉਨ੍ਹਾਂ ਵਲੋਂ ਵੋਟਰਾਂ ਨਾਲ ਜੋ ਵੀ ਵਾਅਦੇ ਕੀਤੇ ਹਨ ਉਹ ਪੂਰੇ ਕੀਤੇ ਜਾਣਗੇ।

ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜਿਹੜੇ ਅਕਾਲੀ ਦਲ ਦੇ ਕੌਂਸਲਰ ਵਲੋਂ ਵਿਰੋਧ ਕਰਦਿਆਂ ਇਹ ਕਿਹਾ ਗਿਆ ਸੀ ਕਿ ਉਸਦੇ ਵਾਰਡ ਵਿਚ ਕੰਮ ਨਹੀਂ ਹੋ ਰਹੇ, ਜਿਸ ਸਬੰਧੀ ਉਹ ਤੱਥਾਂ ਦੇ ਅਧਾਰ ’ਤੇ ਸਪੱਸ਼ਟ ਕਰਦੇ ਹਨ ਕਿ ਪਿਛਲੇ 1 ਸਾਲ ਵਿਚ ਅਕਾਲੀ ਕੌਂਸਲਰ ਦੇ ਵਾਰਡ ਵਿਚ 35 ਲੱਖ ਰੁਪਏ ਦੇ ਵਿਕਾਸ ਕਾਰਜ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕੱਲ੍ਹ ਬਜਟ ਮੀਟਿੰਗ ਦੌਰਾਨ ਉਕਤ ਅਕਾਲੀ ਕੌਂਸਲਰ ਦੇ ਵਾਰਡ ਵਿਚ ਨਵੇਂ 38 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਤਖਮੀਨੇ ਵੀ ਪਾਸ ਕੀਤੇ ਗਏ ਹਨ ਜਿਸ ਸਬੰਧੀ ਟੈਂਡਰ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਕੰਮ ਸ਼ੁਰੂ ਹੋ ਜਾਵੇਗਾ। ਪ੍ਰਧਾਨ ਕੁੰਦਰਾ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਹੋਈਆਂ ਸਮਰਾਲਾ ਨਗਰ ਕੌਂਸਲ ਚੋਣਾਂ ਦੌਰਾਨ ਜੋ ਸਿਆਸੀ ਧਿਰਾਂ ਵਿਚ ਕੁੜੱਤਣ ਪੈਦਾ ਹੋਈ ਹੈ ਉਸ ਕਾਰਨ ਉਨ੍ਹਾਂ ਦਾ ਵਿਰੋਧ ਕੀਤਾ ਗਿਆ ਜਦਕਿ ਉਹ ਨਿਰਪੱਖ ਢੰਗ ਨਾਲ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੰਮ ਕਰਵਾ ਰਹੇ ਹਨ।

**ਇਤਿਹਾਸਕ ਚਰਨ ਗੰਗਾ ਦੀ ਸਫ਼ਾਈ ਲਈ 15 ਲੱਖ ਦਾ ਟੈਂਡਰ ਪਾਸ**

ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਸਥਾਨਕ ਰੋਪੜ ਰੋਡ ’ਤੇ ਸਥਿਤ ਇਤਿਹਾਸਕ ਤੇ ਪੁਰਾਤਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਅੱਗੇ ਵਗਦੀ ਚਰਨ ਗੰਗਾ ਦੀ ਸਫ਼ਾਈ ਦੀ ਮੰਗ ਸ਼ਹਿਰ ਵਾਸੀਆਂ ਵਲੋਂ ਬੜੇ ਸਮੇਂ ਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਮਸ਼ੀਨਾਂ ਨਾਲ ਚਰਨ ਗੰਗਾ ਦੀ ਸਫ਼ਾਈ ਲਈ 15 ਲੱਖ ਦਾ ਟੈਂਡਰ ਪਾਸ ਹੋ ਚੁੱਕਾ ਹੈ ਅਤੇ ਜਲਦ ਹੀ ਇਹ ਕੰਮ ਸ਼ੁਰੂ ਹੋ ਜਾਵੇਗਾ।

ਉਨ੍ਹਾਂ ਕਿਹਾ ਕਿ ਇਤਿਹਾਸ ਅਨੁਸਾਰ ਰੋਜ਼ਾਨਾ ਇਸ ਚਰਨ ਗੰਗਾ ਵਿਚ ਢਾਈ ਪਲ ਲਈ ਗੰਗਾ ਮਈਆ ਦਾ ਵਾਸ ਹੁੰਦਾ ਹੈ ਅਤੇ ਲੋਕਾਂ ਦੀ ਸ਼ਰਧਾ ਇਸ ਮੰਦਰ ਤੇ ਉਸ ਅੱਗੇ ਵਗਦੇ ਪਾਣੀ ਨਾਲ ਜੁੜੀ ਹੈ।

ਉਨ੍ਹਾਂ ਕਿਹਾ ਕਿ ਚਰਨ ਗੰਗਾ ਵਿਚ ਫੈਲੀ ਗੰਦਗੀ ਨੂੰ ਦੇਖ ਕੇ ਮੰਦਰਾਂ ਵਿਚ ਮੱਥਾ ਟੇਕਣ ਆਉਂਦੇ ਸ਼ਰਧਾਲੂਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਦੀ ਸੀ, ਇਸ ਲਈ ਨਗਰ ਕੌਂਸਲ ਵਲੋਂ ਪਹਿਲ ਦੇ ਅਧਾਰ ’ਤੇ ਇਸ ਦੀ ਸਫ਼ਾਈ ਦਾ ਕੰਮ ਕਰਵਾਇਆ ਜਾ ਰਿਹਾ ਹੈ।

# ਕਲਾ ਭਵਨ ਵਿੱਚ ਸਾਂਝੀ ਵਰਕਸ਼ਾਪ

**ਸ਼ਾਹਬਾਦ ਮਾਰਕੰਡਾ, 8 ਜੂਨ**
**-ਸ਼ਹੀਦ-ਏ-ਆਜ਼ਮ ਬਿਊਰੋ-**

ਹਰਿਆਣਾ ਦੇ ਕਲਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਕੁਰੂਕਸ਼ੇਤਰ ਦੇ ਕਲਾ ਕੀਰਤੀ ਭਵਨ ਵਿੱਚ ਕਰਵਾਈ ਗਈ ਤਿੰਨ ਰੋਜ਼ਾ ਸਾਂਝੀ ਵਰਕਸ਼ਾਪ ਅੱਜ ਸਮਾਪਤ ਹੋ ਗਈ।

ਇਸ ਮੌਕੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਮਾਸ ਕਮਿਊਨੀਕੇਸ਼ਨ ਐਂਡ ਮੀਡੀਆ ਟੈਕਨਾਲੋਜੀ ਇੰਸਟੀਚਿਊਟ ਦੇ ਡਾਇਰੈਕਟਰ ਅਤੇ ਹਰਿਆਣਵੀ ਲੋਕ ਕਲਾ ਦੇ ਮਾਹਿਰ ਡਾ. ਮਹਾਂ ਸਿੰਘ ਪੂਨੀਆ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਡਾ. ਪੂਨੀਆ ਦਾ ਕਲਾ ਪਰਿਸ਼ਦ ਦੇ ਦਫ਼ਤਰੀ ਇੰਚਾਰਜ ਧਰਮਪਾਲ ਗੁਗਲਾਨੀ ਅਤੇ ਵਰਕਸ਼ਾਪ ਇੰਸਟ੍ਰਕਟਰ ਮੀਨਾਕਸ਼ੀ ਨੇ ਸਵਾਗਤ ਕੀਤਾ।

ਡਾ. ਮਹਾਂ ਸਿੰਘ ਪੂਨੀਆ ਨੇ ਵਰਕਸ਼ਾਪ ਦੌਰਾਨ ਭਾਗੀਦਾਰਾਂ ਵੱਲੋਂ ਬਣਾਈਆਂ ਆਕਰਸ਼ਕ ਅਤੇ ਰਵਾਇਤੀ ਸਾਂਝੀ ਕਲਾਕ੍ਰਿਤੀਆਂ ਨੂੰ ਨੇੜਿਓਂ ਦੇਖਿਆ ਅਤੇ ਉਨ੍ਹਾਂ ਦੇ ਹੁਨਰ ਦੀ ਸ਼ਲਾਘਾ ਕੀਤੀ। ਇਸ ਮਗਰੋਂ ਉਨ੍ਹਾਂ ਭਾਗੀਦਾਰਾਂ ਨੂੰ ਸਰਟੀਫਿਕੇਟ ਵੰਡੇ।

# ਯੂਥ ਕਾਂਗਰਸ ਦੇ ਜਨਰਲ ਸਕੱਤਰ ਦੀਪ ਟਿਵਾਣਾ ਦੀ ਅਗਵਾਈ ਹੇਠ ਤੰਦਰੁਸਤ ਮੁਹਿੰਮ ਤਹਿਤ ਲਗਾਇਆ ਗਿਆ ਮੁਫਤ ਮੈਡੀਕਲ ਚੈਕਅੱਪ ਕੈਂਪ



ਪਟਿਆਲਾ, 8 ਜੂਨ
-ਅਰਸ਼ਦੀਪ ਕੌਰ-

ਤੰਦਰੁਸਤ ਪਟਿਆਲਾ ਤੇ ਸਮਰਿਧ ਪਟਿਆਲਾ ਮੁਹਿੰਮ ਤਹਿਤ ਹਰਦੀਪ ਸਿੰਘ ਦੀਪ ਟਿਵਾਣਾ ਯੂਥ ਕਾਂਗਰਸ ਦੇ ਜਨਰਲ ਸਕੱਤਰ ਪੰਜਾਬ ਦੀ ਅਗਵਾਈ ਹੇਠ ਮੁਫਤ ਗੁਰਦੁਆਰਾ ਸਾਹਿਬ ਦੀਪ ਨਗਰ ਵਿਖੇ ਮੈਡਕੀਲ ਚੈਕਅੱਪ ਕੈਂਪ ਲਗਾਇਆ ਗਿਆ। ਜਿਸ ਦੀ ਆਰੰਭਤਾ ਪਰਮਾਤਮਾ ਦਾ ਨਾਮ ਲੈਣ ਉਪਰੰਤ ਉਪਰੰਤ ਕੀਤੀ ਗਈ। ਜਿਸ ਵਿਚ 400 ਦੇ ਕਰੀਬ ਲੋੜਵੰਦ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਚੈਕਅੱਪ ਕਰਨ ਲਈ ਵੱਖ-ਵੱਖ ਰੋਗਾਂ ਦੇ ਮਾਹਿਰ ਡਾਕਟਰ ਸਲਵਿੰਦਰ ਸਿੰਘ ਤੂਰ, ਡਾਕਟਰ ਮੀਤ ਸਿਰਜਨਾ ਕੌਰ, ਡਾਕਟਰ ਮਨੀਸ਼ ਸੇਠੀ, ਡਾਕਟਰ ਜਸਲੀਨ ਸਿੰਘ ਡਾਕਟਰ ਇਫਤਿਖਾਰ ਅਲੀ ਖਾਨ, ਡਾਕਟਰ ਵਿਵਨੀਤ ਸਿੰਘ ਆਦਿ ਡਾਕਟਰਾਂ ਦੀ ਸਮੁੱਚੀ ਟੀਮ ਨੇ ਮਰੀਜ਼ਾਂ ਦਾ ਚੈਕਅੱਪ ਕਰਕੇ ਲੋੜਵੰਦਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਇਸ ਸੰਬੰਧੀ ਗੱਲਬਾਤ ਕਰਦੇ ਹੋਏ ਯੂਥ ਕਾਂਗਰਸ ਦੇ ਜਨਰਲ ਸਕੱਤਰ ਪੰਜਾਬ ਹਰਦੀਪ ਸਿੰਘ ਦੀਪ ਟਿਵਾਣਾ ਨੇ ਕਿਹਾ ਕਿ ਵੱਖ-ਵੱਖ ਥਾਵਾਂ 'ਤੇ ਅਜਿਹੇ ਕੈਂਪ ਲਗਾਏ ਜਾਣਗੇ ਤਾਂ ਜੋ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਲੱਗਣ ਵਾਲੇ ਕੈਂਪਾਂ ਵਿਚ ਵੀ ਮਾਹਿਰ ਡਾਕਟਰ ਹੀ ਚੈਕਅੱਪ ਕਰਨਗੇ ਉਹਨਾਂ ਕਿਹਾ ਕਿ ਇਸੇ ਲੜੀ ਤਹਿਤ ਪਟਿਆਲਾ ਦਿਹਾਤੀ ਹਲਕੇ ਦੇ ਸ਼ਹਿਰੀ ਅਤੇ ਪੇਂਡੂ ਖੇਤਰ ਵਿੱਚ ਵੀ ਕੈਂਪਾਂ ਨੂੰ ਲਗਾਤਾਰ ਲਗਾਇਆ ਜਾਵੇਗਾ ਤਾਂ ਜੋ ਲੋੜਵੰਦਾਂ ਦੀ ਮਦਦ ਹੋ ਸਕੇ ਉਹਨਾਂ ਕਿਹਾ ਕਿ ਜੀ ਇਹ ਕੈਂਪ ਸਮਾਜ ਸੇਵਾ ਦੇ ਖੇਤਰ ਵਿੱਚ ਯੋਗਦਾਨ ਪਾਉਣ ਲਈ ਸਾਡੇ ਵੱਲੋਂ ਹਮੇਸ਼ਾ ਚੱਲਦੇ ਰਹਿਣਗੇ ਕੈਂਪ ਦੌਰਾਨ ਡਾਕਟਰ ਮੀਤ ਸਿਰਜਣਾ ਕੌਰ ਨੂੰ ਸਰੋਪੇ ਦੇ ਕੇ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਗੁਰਮੀਤ ਸਿੰਘ ਮੰਡਲ ਪ੍ਰਧਾਨ ਫੁਲਕੀਆਂ ਇਨਕਲੇਵ ਇਨਕਲੇਵ, ਚਰਨਜੀਤ ਸਿੰਘ, ਹਰਿੰਦਰ ਸਿੰਘ, ਡਾਕਟਰ ਅਵਤਾਰ ਸਿੰਘ, ਹਰਚੰਦ ਸਿੰਘ, ਕਰਨੈਲ ਸਿੰਘ, ਹਰਦੇਵ ਸਿੰਘ, ਹਰਿੰਦਰ ਸਿੰਘ, ਐਡਵੋਕੇਟ ਕੁਲਦੀਪ ਸਿੰਘ ਵਿਰਕ, ਜਸਵੰਤ ਸਿੰਘ ਝਿੱਲ, ਹਰਦੇਵ ਸਿੰਘ ਨੰਦਪੁਰ ਕੇਸ਼ੋ, ਭਗਵੰਤ ਸਿੰਘ, ਸੁਰਿੰਦਰ ਸਿੰਘ, ਗੁਰਮੀਤ ਸਿੰਘ ਬਾਲੀਆ ਚਰਨਜੀਤ ਸਿੰਘ ਸਨੌਰ, ਮਹਿਕ ਗਰੇਵਾਲ ਨਰੇਸ਼ ਭੋਲਾ, ਵਿੱਕੀ ਮਿੱਤਲ ਦਰਬਾਰਾ ਸਿੰਘ ਜਾਹਲਾ, ਰਕੇਸ਼ ਕੁਮਾਰ ਭਾਨਰਾ. ਤੀਰਥ, ਕਸ਼ਮੀਰ ਸਿੰਘ, ਜਸਜੀਤ ਸਿੰਘ ਚੌਧਰੀ, ਸੁਖਸੈਨ ਸਿੰਘ ਮਾਨ, ਕੇਹਰ ਸਿੰਘ ਵੀ ਹਾਜ਼ਰ ਸਨ।

# ਡਾ. ਧਰਮਵੀਰ ਗਾਂਧੀ ਵੱਲੋਂ ਨਾਭਾ ਹਲਕੇ ਦੇ ਕਾਂਗਰਸੀ ਵਰਕਰਾਂ ਦਾ ਭਾਦਸੋਂ ਵਿਖੇ ਮਿਲਣੀ ਸਮਾਗਮ



ਪਟਿਆਲਾ, 8 ਜੂਨ
-ਪ੍ਰਭਜੋਤ ਸਿੰਘ ਹੈਰੀ-

ਸ. ਕੁਲਵੰਤ ਸਿੰਘ ਨਾਰੀਕੇ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ (ਦਿਹਾਤੀ)ਪਟਿਆਲਾ,ਪ੍ਰਧਾਨ ਸ਼੍ਰੀ ਬੇਗਮਪੁਰਾ ਮਿਸ਼ਨ (ਰਜਿ.) ਪੰਜਾਬ ਅਤੇ ਮੁੱਖ ਸੰਪਾਦਕ ਪੰਜਾਬੀ ਮੈਗਜ਼ੀਨ ਗੁਸਈਆਂ ਵੱਲੋਂ ਨਾਭਾ ਹਲਕੇ ਦੇ ਕਾਂਗਰਸੀ ਵਰਕਰਾਂ ਦੀ ਮਿਲਣੀ ਅਧੀਨ ਇੱਕ ਸਮਾਗਮ ਵਿਸ਼ਵਕਰਮਾ ਮੰਦਰ ਆਡੀਟੋਰੀਅਮ ਭਾਦਸੋਂ ਵਿਖੇ ਕਰਵਾਇਆ ਗਿਆ।

ਇਸ ਸਮਾਗਮ ਵਿੱਚ ਪੰਜਾਬ ਦੇ ਮੌਜੂਦਾ ਹਾਲਾਤ ਵਿਸ਼ੇ ਤੇ ਚਰਚਾ ਵੀ ਕਰਵਾਈ ਗਈ ਅਤੇ ਗੁਸਈਆਂ ਮੈਗਜ਼ੀਨ ਦਾ ਜੂਨ ਅੰਕ ਵੀ ਲੋਕ ਅਰਪਣ ਕੀਤਾ ਗਿਆ।ਮੁੱਖ ਮਹਿਮਾਨ ਅਤੇ ਮੁੱਖ ਵਕਤਾ ਵਜੋਂ ਡਾ. ਧਰਮਵੀਰ ਗਾਂਧੀ,ਮੈਂਬਰ ਲੋਕ ਸਭਾ ਹਲਕਾ ਪਟਿਆਲਾ ਨੇ ਸ਼ਿਰਕਤ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਗੁਰਚਰਨ ਸਿੰਘ ਚੰਨ ਪਟਿਆਲ਼ਵੀ ਜਨਰਲ ਸਕੱਤਰ ਸ਼੍ਰੀ ਬੇਗਮਪੁਰਾ ਮਿਸ਼ਨ ਵੱਲੋਂ ਨਿਭਾਈ ਗਈ।ਉੱਘੇ ਸ਼ਾਇਰ ਦਰਸ਼ ਪਸਿਆਣਾ ਵੱਲੋਂ ਗੁਰੂ ਰਵਿਦਾਸ ਜੀ ਦੀ ਕਵਿਤਾ ਸੁਣਾ ਕੇ ਸਮਾਗਮ ਦਾ ਆਗਾਜ਼ ਕੀਤਾ।ਕੁਲਵੰਤ ਸਿੰਘ ਨਾਰੀਕੇ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਕਿਹਾ ਕਿ ਉਹ ਪਿਛਲੇ ਚਾਰ ਦਹਾਕਿਆਂ ਤੋਂ ਸਿਆਸਤ ਵਿੱਚ ਸਰਗਰਮ ਹਨ। ਜਿਸ ਵਿੱਚ ਸਭ ਤੋਂ ਵੱਧ ਸੇਵਾ ਉਨ੍ਹਾਂ ਨੇ ਕਾਂਗਰਸ ਪਾਰਟੀ ਵਿੱਚ ਕੀਤੀ।ਉਨ੍ਹਾਂ ਕਿਹਾ ਕਿ ਉਹ 2006 ਤੋਂ ਸ਼੍ਰੀ ਬੇਗਮਪੁਰਾ ਮਿਸ਼ਨ ਚਲਾ ਰਹੇ ਹਨ ਜਿਸਦਾ ਮੁੱਖ ਮੰਤਵ ਸਮਾਜ ਵਿੱਚ ਬਰਾਬਰਤਾ ਲਿਆਉਣ ਲਈ ਲੋਕਾਈ ਦਾ ਆਰਥਿਕ, ਸਮਾਜਿਕ, ਵਿਦਿਅਕ ਅਤੇ ਸੱਭਿਆਚਾਰਕ ਉਥਾਨ ਕਰਨਾ ਹੈ।2008 ਤੋਂ ਉਹ ਲਗਾਤਾਰ ਪੰਜਾਬੀ ਮਹੀਨਾਵਾਰ ਮੈਗਜ਼ੀਨ ਗੁਸਈਆਂ ਚਲਾ ਕੇ ਪੰਜਾਬ ਤੇ ਪੰਜਾਬੀਅਤ ਦੀ ਸੇਵਾ ਕਰ ਹਨ। ਉਨ੍ਹਾਂ ਨੇ ਸਮਾਗਮ ਵਿੱਚ ਸ਼ਿਰਕਤ ਕਰਨ ਅਤੇ ਸਫਲ ਬਣਾਉਣ ਲਈ ਲਈ ਸਭ ਦਾ ਧੰਨਵਾਦ ਕੀਤਾ।

ਡਾ. ਧਰਮਵੀਰ ਗਾਂਧੀ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਕੁਲਵੰਤ ਸਿੰਘ ਨਾਰੀਕੇ ਪਿਛਲੇ ਚਾਲੀ ਸਾਲਾਂ ਤੋਂ ਸਮਤਲ ਸਮਾਜ ਬਣਾਉਣ ਲਈ ਅਤੇ ਸਮਾਜ ਵਿੱਚ ਸਮਾਜਿਕ ਚੇਤਨਾ ਲਿਆਉਣ ਲਈ ਸਰਗਰਮ ਹਨ।ਕਾਂਗਰਸ ਪਾਰਟੀ ਵਿੱਚ ਅਜਿਹੇ ਅਣਥੱਕ ਅਤੇ ਇਮਾਨਦਾਰ ਲੀਡਰਾਂ ਨੂੰ ਨਾਭਾ ਹਲਕੇ ਵਿੱਚ ਅੱਗੇ ਲਿਆਉਣ ਦੀ ਲੋੜ ਹੈ।
ਪੰਜਾਬ ਦੇ ਮੌਜੂਦਾ ਹਾਲਾਤਾਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਮੌਜੂਦਾ ਸਰਕਾਰ ਨੇ ਪੰਜਾਬ ਨੂੰ ਕਰਜ਼ਾ ਮੁਕਤ ਕਰਨ ਦਾ ਵਾਅਦਾ ਕਰਕੇ ਕਰਜ਼ਾ ਯੁਕਤ ਰਾਜ ਬਣਾ ਦਿੱਤਾ ਹੈ।ਚਾਰ ਲੱਖ ਕਰੋੜ ਤੋਂ ਜ਼ਿਆਦਾ ਪੰਜਾਬ ਤੇ ਕਰਜ਼ਾ ਚੜ੍ਹ ਚੁੱਕਾ ਹੈ।ਇਸ ਲਈ ਸੱਤਾ ਦੀ ਤਬਦੀਲੀ ਕਰਕੇ, ਕਾਂਗਰਸ ਪਾਰਟੀ ਨੂੰ ਅੱਗੇ ਲਿਆ ਕੇ ਪੰਜਾਬ ਨੂੰ ਬਰਬਾਦ ਹੋਣ ਤੋਂ ਬਚਾਇਆ ਜਾ ਸਕਦਾ ਹੈ।ਲੋਕਾਂ ਦੀ ਸੱਤਾ ਸਥਾਪਤ ਕਰਕੇ ਪੰਜਾਬ ਦੀ ਧਰਤੀ ਨੂੰ ਸਵਰਗ ਬਣਾਇਆ ਜਾ ਸਕਦਾ ਹੈ।

ਸਮਾਗਮ ਨੂੰ ਸਰਵ ਸ਼੍ਰੀ ਗੋਪਾਲ ਸਿੰਗਲਾ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਪਟਿਆਲਾ,ਅਮਰਜੀਤ ਸਿੰਘ ਘੱਗਾ ਮੀਤ ਪ੍ਰਧਾਨ (ਦਿਹਾਤੀ) ਪਟਿਆਲਾ,ਪ੍ਰੋਫੈਸਰ ਜਸਵੰਤ ਸਿੰਘ ਪੀ. ਏ. ਡਾ. ਗਾਂਧੀ, ਅਵਤਾਰ ਸਿੰਘ ਨੰਨ੍ਹੜੇ,ਪ੍ਰਧਾਨ ਆਲ ਇੰਡੀਆ ਕੰਬਾਈਨ ਐਸੋਸੀਏਸ਼ਨ,ਅਜ਼ਮੀਲ ਖਾਨ ਜਨਰਲ ਸਕੱਤਰ ਘੱਟਗਿਣਤੀ ਸੈੱਲ ਕਾਂਗਰਸ ਪਾਰਟੀ ਪੰਜਾਬ ਨੇ ਵੀ ਸੰਬੋਧਨ ਕੀਤਾ।

ਸਮਾਗਮ ਵਿੱਚ ਸਤਨਾਮ ਸਿੰਘ ਸਾਬਕਾ ਡਿਪਟੀ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਡਾ. ਸੁਰਿੰਦਰ ਭਾਰਤਵਾਜ, ਵਿਜੇਪਾਲ ਗਰੇਵਾਲ, ਭਗਵੰਤ ਸਿੰਘ ਬੁੱਗਾ, ਮਨਦੀਪ ਖਰੌੜ, ਜਤਿਨ ਭਾਦਸੋਂ, ਕਰਮ ਸਿੰਘ ਲੌਹਟ, ਰਾਜਪਾਲ ਸਿੰਘ ਟਿਵਾਣਾ, ਰਮਣੀਕ ਸਿੰਘ ਰਮਨੀ, ਜਸਵੀਰ ਸਿੰਘ, ਹਰਬੰਸ ਮੱਲ੍ਹੇਵਾਲ, ਪ੍ਰਿੰਸੀਪਲ ਜਗਰੂਪ ਸਿੰਘ, ਸੁਪਰਡੈਂਟ ਅਜੈਬ ਸਿੰਘ,ਸੁਖਦੇਵ ਸਿੰਘ ਗੋਬਿੰਦਪੁਰਾ, ਕਰਨੈਲ ਸਿੰਘ ਸਕਰਾਲੀ, ਦਰਸ਼ਨ ਸਿੰਘ ਸਿੱਧੂ, ਗੁਰਬਚਨ ਸਿੰਘ ਮਟੌਰੜਾ, ਹੰਸ ਰਾਜ ਜੇਈ, ਗੁਰਕੀਰਤ ਸਿੰਘ ਸਕਰਾਲੀ ਆਦਿ ਸਖਸੀਅਤਾਂ ਵੀ ਹਾਜ਼ਰ ਸਨ।

# ਆਪ ਅਤੇ ਭਾਜਪਾ ਨੂੰ ਝਟਕਾ, ਚਲੈਲਾ ਦੇ ਆਗੂਆਂ ਨੇ ਕਾਂਗਰਸ 'ਚ ਕੀਤਾ ਮੁੜ ਵਿਸ਼ਵਾਸ ਪ੍ਰਗਟ



ਪਟਿਆਲਾ, 8 ਜੂਨ
-ਸ਼ਹੀਦ-ਏ-ਆਜ਼ਮ ਬਿਊਰੋ-

ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਦੀ ਅਗਵਾਈ ਹੇਠ ਪਿੰਡ ਚਲੈਲਾ ਵਿਖੇ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ ਜਦੋਂ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਨਾਲ ਜੁੜੇ ਕਈ ਆਗੂਆਂ ਅਤੇ ਵਰਕਰਾਂ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਘਰ ਵਾਪਸੀ ਕਰਦਿਆਂ ਪਾਰਟੀ ਦੀਆਂ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਇਆ। ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦੇ ਕੇ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ।

ਇਸ ਮੌਕੇ ਜਗਤਾਰ ਸਿੰਘ, ਗੁਰਧਿਆਨ ਸਿੰਘ, ਗਗਨਦੀਪ ਸਿੰਘ, ਗੁਰਚਰਨ ਸਿੰਘ, ਜਸਵਿੰਦਰ ਸਿੰਘ, ਕੁਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਗੁਰਜੀਤ ਸਿੰਘ, ਰਜਿੰਦਰ ਸਿੰਘ, ਜਸਕਰਨ ਸਿੰਘ ਅਤੇ ਜਸ਼ਨਦੀਪ ਸਿੰਘ ਨੇ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਮੁੜ ਸ਼ਾਮਲ ਹੋਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ, ਪੰਜਾਬ ਦੇ ਹੱਕਾਂ ਲਈ ਲੜੀ ਜਾ ਰਹੀ ਲੜਾਈ ਅਤੇ ਆਮ ਲੋਕਾਂ ਦੇ ਮੁੱਦਿਆਂ ਪ੍ਰਤੀ ਪਾਰਟੀ ਦੀ ਵਚਨਬੱਧਤਾ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਇਹ ਫੈਸਲਾ ਲਿਆ ਹੈ। ਨਵੇਂ ਸ਼ਾਮਲ ਹੋਏ ਆਗੂਆਂ ਨੇ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ, ਨੌਜਵਾਨਾਂ ਨੂੰ ਬਿਹਤਰ ਮੌਕੇ ਮੁਹੱਈਆ ਕਰਵਾਉਣ ਅਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਲਈ ਉਹ ਕਾਂਗਰਸ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣਗੇ।

ਇਸ ਮੌਕੇ ਪੰਜਾਬ ਯੂਥ ਕਾਂਗਰਸ ਪ੍ਰਧਾਨ ਮੋਹਿਤ ਮਹਿੰਦਰਾ ਨੇ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਦਾ ਦਿਲੋਂ ਸਵਾਗਤ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰਾਂ ਦੀਆਂ ਨਾਕਾਮੀਆਂ ਤੋਂ ਨਿਰਾਸ਼ ਹੋ ਚੁੱਕੇ ਹਨ ਅਤੇ ਹੁਣ ਕਾਂਗਰਸ ਪਾਰਟੀ ਵੱਲ ਉਮੀਦ ਭਰੀ ਨਜ਼ਰ ਨਾਲ ਦੇਖ ਰਹੇ ਹਨ। ਮਹਿੰਦਰਾ ਨੇ ਕਿਹਾ ਕਿ ਪਿੰਡ ਚਲੈਲਾ ਸਮੇਤ ਪੂਰੇ ਖੇਤਰ ਵਿੱਚ ਕਾਂਗਰਸ ਦਾ ਜਨਾਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜਨਗੇ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਪਿੰਡ ਵਾਸੀਆਂ ਨੇ ਸ਼ਿਰਕਤ ਕੀਤੀ ਅਤੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਸਵਾਗਤ ਕਰਦਿਆਂ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਦਾ ਸੰਕਲਪ ਲਿਆ।

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਪੰਜਾਬ ਵੋਟਰਾਂ ਅਤੇ ਬੀ.ਐਲ.ਓਜ਼. ਦਾ ਧੰਨਵਾਦ



ਚੰਡੀਗੜ੍ਹ, 8 ਜੂਨ
-ਸ਼ਹੀਦ-ਏ-ਆਜ਼ਮ ਬਿਊਰੋ-

ਸੂਬੇ ਭਰ 'ਚ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਦੇ ਮੱਦੇਨਜ਼ਰ ਅੱਜ ਰਾਜ ਦੇ 117 ਵਿਧਾਨ ਸਭਾ ਹਲਕਿਆਂ ਦੇ ਸਾਰੇ 24453 ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਨੂੰ ਲੋਕਾਂ ਵੱਲੋਂ ਮਿਲੇ ਭਰਵੇਂ ਹੁੰਗਾਰੇ ਦੇ ਚਲਦਿਆਂ ਅੱਜ ਲਗਭਗ ਇੱਕ ਲੱਖ ਵੋਟਰਾਂ ਦੀ ਮੈਪਿੰਗ ਕੀਤੀ ਗਈ। ਇਹ ਜਾਣਕਾਰੀ ਮੁੱਖ ਚੋਣ ਅਫ਼ਸਰ, ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦਿੱਤੀ।

ਉਨ੍ਹਾਂ ਅੱਗੇ ਕਿਹਾ ਕਿ ਅੱਜ ਦੀ ਕਾਰਵਾਈ ਦੇ ਨਾਲ ਪੰਜਾਬ ਰਾਜ ਭਰ ਵਿੱਚ ਵੋਟਰਾਂ ਦੀ ਮੈਪਿੰਗ ਦਾ ਅੰਕੜਾ 85 ਫੀਸਦ ਨੂੰ ਪਾਰ ਕਰ ਗਿਆ ਹੈ।ਕਾਬਿਲੇਗੌਰ ਹੈ ਕਿ ਪੰਜਾਬ ਰਾਜ ਵਿੱਚ ਘਰ-ਘਰ ਜਨਗਣਨਾ ਦਾ ਅਮਲ 25 ਜੂਨ ਤੋਂ ਸ਼ੁਰੂ ਹੋਣ ਜਾ ਰਿਹਾ ਹੈ।

# ਹਲਕਾ ਪਟਿਆਲਾ ਦਿਹਾਤੀ ਦੇ ਤਿੰਨ ਬਲਾਕਾਂ ਵਿੱਚ ਐਸ.ਸੀ. ਸੈੱਲ ਦੇ ਪ੍ਰਧਾਨ ਨਿਯੁਕਤ

## ਮੋਹਿਤ ਮਹਿੰਦਰਾ ਦੀ ਅਗਵਾਈ ਅਤੇ ਨਰੇਸ਼ ਦੁੱਗਲ ਅਤੇ ਬਲਕਾਰ ਸਿੰਘ ਬਡੂੰਗਰ ਦੀ ਰਹਿਨੁਮਾਈ ਹੇਠ ਸੰਗਠਨ ਨੂੰ ਮਿਲੀ ਨਵੀਂ ਮਜ਼ਬੂਤ



ਪਟਿਆਲਾ, 8 ਜੂਨ
-ਸ਼ਹੀਦ-ਏ-ਆਜ਼ਮ ਬਿਊਰੋ-

ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ ਦੀ ਅਗਵਾਈ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ ਅਤੇ ਐਸ.ਸੀ. ਸੈੱਲ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਚੇਅਰਮੈਨ ਬਲਕਾਰ ਸਿੰਘ ਬਡੂੰਗਰ ਦੀ ਰਹਿਨੁਮਾਈ ਹੇਠ ਹਲਕਾ ਪਟਿਆਲਾ ਦਿਹਾਤੀ ਦੇ ਤਿੰਨ ਬਲਾਕਾਂ ਵਿੱਚ ਐਸ.ਸੀ. ਸੈੱਲ ਦੇ ਬਲਾਕ ਪ੍ਰਧਾਨਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੋਹਿਤ ਮਹਿੰਦਰਾ ਪੰਜਾਬ ਯੂਥ ਕਾਂਗਰਸ ਪ੍ਰਧਾਨ. ਨੇ ਦੱਸਿਆ ਕਿ ਪਾਰਟੀ ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਐਸ.ਸੀ. ਭਾਈਚਾਰੇ ਦੀ ਆਵਾਜ਼ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਇਹ ਅਹਿਮ ਫ਼ੈਸਲਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਬਲਾਕ ਅਬਲੋਵਾਲ ਲਈ ਭੁਪਿੰਦਰ ਸਿੰਘ ਮੰਗਾ, ਬਲਾਕ ਤ੍ਰਿਪੜੀ ਲਈ ਸਤਿੰਦਰ ਪਾਲ ਸਿੰਘ ਅਤੇ ਬਲਾਕ ਬਿਸ਼ਨ ਨਗਰ ਲਈ ਜੈ ਕਿਸ਼ਨ ਨੂੰ ਐਸ.ਸੀ. ਸੈੱਲ ਦਾ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

### ਲੋਕਾਂ ਦੀ ਆਵਾਜ਼ ਬਣਨਗੇ ਨਵੇਂ ਅਹੁਦੇਦਾਰ: ਮੋਹਿਤ ਮਹਿੰਦਰਾ

ਇਸ ਮੌਕੇ ਮੋਹਿਤ ਮਹਿੰਦਰਾ ਨੇ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਹੀ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਬਰਾਬਰੀ ਲਈ ਸੰਘਰਸ਼ ਕਰਦੀ ਆਈ ਹੈ। ਉਨ੍ਹਾਂ ਕਿਹਾ ਕਿ ਨਵੇਂ ਪ੍ਰਧਾਨ ਆਪਣੇ ਖੇਤਰਾਂ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਦੇ ਨਾਲ-ਨਾਲ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਵੀ ਘਰ-ਘਰ ਤੱਕ ਲੈ ਕੇ ਜਾਣਗੇ।

ਜ਼ਿਲਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁੱਗਲ ਨੇ ਕਿਹਾ ਕਿ ਜਿਲਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਐਸਸੀ ਸੈਲ ਦੇ ਚੇਅਰਮੈਨ ਬਲਕਾਰ ਸਿੰਘ ਬਡੂੰਗਰ ਦੀ ਯੋਗ ਅਗਵਾਈ ਹੇਠ ਐਸ.ਸੀ. ਸੈੱਲ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਨਵੇਂ ਨਿਯੁਕਤ ਪ੍ਰਧਾਨ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

### ਪਾਰਟੀ ਹਾਈਕਮਾਨ ਦਾ ਕੀਤਾ ਧੰਨਵਾਦ

ਨਵੇਂ ਨਿਯੁਕਤ ਅਹੁਦੇਦਾਰਾਂ ਨੇ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮਹਿੰਦਰਾ, ਐਸ.ਸੀ. ਸੈੱਲ ਦੇ ਚੇਅਰਮੈਨ ਬਲਕਾਰ ਸਿੰਘ ਬਡੂੰਗਰ ਅਤੇ ਨਰੇਸ਼ ਦੁੱਗਲ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ

# ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਸਮੇਤ ਸੀਨੀਅਰ ਅਧਿਕਾਰੀਆਂ ਨੇ ਪੋਲਿੰਗ ਬੂਥਾਂ 'ਤੇ ਐਸ.ਆਈ.ਆਰ. ਕੈਂਪਾਂ ਦਾ ਲਿਆ ਜਾਇਜ਼ਾ



ਪਟਿਆਲਾ, 8 ਜੂਨ
-ਸ਼ਹੀਦ-ਏ-ਆਜ਼ਮ ਬਿਊਰੋ-

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪ੍ਰੀ-ਐਸ.ਆਈ.ਆਰ. ਦੌਰਾਨ ਵੋਟਰਾਂ ਦੀ ਮੈਪਿੰਗ ਅਤੇ ਤਸਦੀਕ ਸਬੰਧੀ ਜ਼ਿਲ੍ਹੇ ਦੇ 1786 ਪੋਲਿੰਗ ਸਟੇਸ਼ਨਾਂ 'ਤੇ ਲਗਾਏ ਗਏ ਵਿਸ਼ੇਸ਼ ਕੈਂਪਾਂ ਦਾ ਜਾਇਜ਼ਾ ਲਿਆ।

ਲੋਕ ਸਭਾ ਹਲਕਾ ਪਟਿਆਲਾ ਦੇ ਪੋਲਿੰਗ ਸਟੇਸ਼ਨਾਂ ਵਿਖੇ ਵਿਸ਼ੇਸ਼ ਵੋਟਰ ਜਾਗਰੂਕਤਾ ਅਤੇ ਮੈਪਿੰਗ ਮੁਹਿੰਮ ਤਹਿਤ ਪੰਜ ਪੋਲਿੰਗ ਬੂਥਾਂ ਦਾ ਨਿਰੀਖਣ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਦੇ ਨਿਰਦੇਸ਼ਾਂ ਅਨੁਸਾਰ ਅੱਜ ਲਗਾਏ ਗਏ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਕੈਂਪਾਂ ਦੌਰਾਨ ਵੋਟਰ ਮੈਪਿੰਗ ਅਤੇ ਤਸਦੀਕ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਇਸ ਮੌਕੇ ਸਮੂਹ ਬੂਥ ਲੈਵਲ ਅਫ਼ਸਰ (ਬੀ.ਐਲ.ਓਜ਼) ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਨਾਗਰਿਕਾਂ ਨੂੰ ਉਨ੍ਹਾਂ ਦੇ ਚੋਣਵੇਂ ਵੇਰਵਿਆਂ ਦੀ ਜਾਂਚ ਕਰਨ ਅਤੇ ਵੋਟਰ ਸੂਚੀ ਨਾਲ ਸਬੰਧਤ ਮੁੱਦਿਆਂ ਦੇ ਨਿਪਟਾਰੇ ਲਈ ਸਹਾਇਤਾ ਪ੍ਰਦਾਨ ਕਰਨ ਵਾਸਤੇ ਮੌਜੂਦ ਰਹੇ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੌਜੂਦਾ ਵੋਟਰ ਸੂਚੀ ਵਿੱਚ ਦਰਜ ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਣ ਕਰਨ ਦੀ ਪ੍ਰਕਿਰਿਆ ਤਹਿਤ ਲਗਭਗ 84 ਫੀਸਦੀ ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ। ਬਾਕੀ ਰਹਿੰਦੇ 16 ਫੀਸਦੀ ਵੋਟਰਾਂ ਦੀ ਰਜਿਸਟ੍ਰੇਸ਼ਨ ਅਤੇ ਤਸਦੀਕ ਸਬੰਧੀ ਮੁੱਖ ਚੋਣ ਅਫ਼ਸਰ ਪੰਜਾਬ ਦੀ ਅਗਵਾਈ ਹੇਠ ਲੋੜੀਂਦੀਆਂ ਕਾਰਵਾਈਆਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਹੀ ਵੋਟਰ ਸੂਚੀਆਂ ਇੱਕ ਮਜ਼ਬੂਤ ਅਤੇ ਜੀਵੰਤ ਲੋਕਤੰਤਰ ਦੀ ਨੀਂਹ ਹਨ ਅਤੇ ਚੋਣ ਪ੍ਰਕਿਰਿਆ ਦੀ ਅਖੰਡਤਾ ਨੂੰ ਬਣਾਈ ਰੱਖਣ ਲਈ ਸਰਗਰਮ ਜਨਤਕ ਭਾਗੀਦਾਰੀ ਬਹੁਤ ਜ਼ਰੂਰੀ ਹੈ। ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਅਧਿਕਾਰੀਆਂ ਦਾ ਪੂਰਾ ਸਹਿਯੋਗ ਕਰਨ ਅਤੇ ਇਹ ਯਕੀਨੀ ਬਣਾਉਣ ਵਿੱਚ ਮਦਦ ਕਰਨ ਕਿ ਹਰੇਕ ਯੋਗ ਵੋਟਰ ਦਾ ਨਾਮ ਵੋਟਰ ਸੂਚੀ ਵਿੱਚ ਸਹੀ ਢੰਗ ਨਾਲ ਦਰਜ ਹੋਵੇ।

ਉਨ੍ਹਾਂ ਕਿਹਾ ਕਿ ਯੋਗ ਨਾਗਰਿਕਾਂ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣਾ ਲੋਕਤੰਤਰ ਦੀ ਮਜ਼ਬੂਤੀ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ ਆਪਣੇ ਵੋਟਰ ਵੇਰਵਿਆਂ ਦੀ ਜਾਂਚ ਕਰਨ ਅਤੇ ਲੋੜ ਪੈਣ 'ਤੇ ਨਿਰਧਾਰਿਤ ਫਾਰਮਾਂ ਰਾਹੀਂ ਸੋਧ, ਨਾਮ ਦਰਜ ਕਰਵਾਉਣ ਜਾਂ ਹੋਰ ਲੋੜੀਂਦੀਆਂ ਤਬਦੀਲੀਆਂ ਕਰਵਾਉਣ ਲਈ ਵੀ ਪ੍ਰੇਰਿਤ ਕੀਤਾ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਸ ਅਭਿਆਸ ਦਾ ਮੁੱਖ ਉਦੇਸ਼ ਮੌਜੂਦਾ ਵੋਟਰਾਂ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਣ ਕਰਨਾ ਹੈ।

ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੋਟਰ ਜਾਂ ਉਸਦੇ ਪਰਿਵਾਰ ਦੇ ਕਿਸੇ ਮੈਂਬਰ ਦੀ ਵੋਟ ਦਾ ਸਾਲ 2003 ਦੀ ਵੋਟਰ ਸੂਚੀ ਨਾਲ ਮਿਲਾਣ ਕਿਸੇ ਕਾਰਨਾਂ ਕਰਕੇ ਨਹੀਂ ਹੋ ਰਿਹਾ ਜਾਂ ਨਹੀਂ ਕੀਤਾ ਗਿਆ ਹੈ ਤਾਂ ਉਹ ਆਪਣੇ ਸਬੰਧਤ ਬੀ.ਐਲ.ਓ. ਨਾਲ ਸੰਪਰਕ ਕਰਕੇ ਇਸ ਮਿਲਾਣ ਦੀ ਪ੍ਰਕਿਰਿਆ ਨੂੰ ਪੂਰਾ ਕਰਵਾਉਣਾ ਯਕੀਨੀ ਬਣਾਉਣ।

# ਨੌਰਥ ਜੋਨ ਕਲਚਰਲ ਸੈਂਟਰ, ਪਟਿਆਲਾ ਵੱਲੋਂ ਰੰਗਾਰੰਗ ਸਾਂਸਕ੍ਰਿਤਿਕ ਸੰਧਿਆ ਦਾ ਆਯੋਜਨ



ਪਟਿਆਲਾ, 8 ਜੂਨ
--ਪ੍ਰਭਜੋਤ ਸਿੰਘ ਹੈਰੀ-

ਪਟਿਆਲਾ- ਨੌਰਥ ਜੋਨ ਕਲਚਰਲ ਸੈਂਟਰ, ਪਟਿਆਲਾ ਵੱਲੋਂ ਇੱਕ ਭਾਵਪੂਰਨ ਅਤੇ ਸ਼ਾਨਦਾਰ ਸਾਂਸਕ੍ਰਿਤਿਕ ਸੰਧਿਆ ਦਾ ਆਯੋਜਨ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪਵਿੱਤਰ ਦੀਪ ਪ੍ਰਜਵਲਨ ਨਾਲ ਹੋਈ, ਜਿਸ ਨੂੰ ਡਾਇਰੈਕਟਰ ਸ਼੍ਰੀ ਫੁਰਕਾਨ ਅਹਿਮਦ, ਸੰਗੀਤ ਵਿਦਵਾਨ ਡਾ. ਜਗਮੋਹਨ ਸ਼ਰਮਾ ਅਤੇ ਅਸਿਸਟੈਂਟ ਡਾਇਰੈਕਟਰ ਸ਼੍ਰੀ ਰਵਿੰਦਰ ਸ਼ਰਮਾ ਵੱਲੋਂ ਨਿਭਾਇਆ ਗਿਆ।

ਸੰਧਿਆ ਦੀ ਪਹਿਲੀ ਪ੍ਰਸਤੁਤੀ ਪ੍ਰਸਿੱਧ ਸ਼ਾਸਤਰੀ ਸੰਗੀਤਕਾਰ ਪੰਡਿਤ ਸੁਭਾਸ਼ ਘੋਸ਼ ਵੱਲੋਂ ਪੇਸ਼ ਕੀਤੀ ਗਈ, ਜੋ ਪਦਮ ਵਿਭੂਸ਼ਣ ਉਸਤਾਦ ਅਮਜਦ ਅਲੀ ਖਾਨ ਦੇ ਸੀਨੀਅਰ ਸ਼ਾਗਿਰਦ ਹਨ। ਉਨ੍ਹਾਂ ਨੇ ਰਾਗ 'ਪੂਰੀਆ ਕਲਿਆਣ' ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕਰਦੇ ਹੋਏ ਝਪਤਾਲ, ਇੱਕਤਾਲ ਅਤੇ ਦ੍ਰੁਤ ਤੀਨਤਾਲ ਵਿੱਚ ਬੰਦੀਸ਼ਾਂ ਪੇਸ਼ ਕੀਤੀਆਂ। ਇਸ ਤੋਂ ਬਾਅਦ ਰਾਗ ਮੀਆਂ ਮਲ੍ਹਾਰ, ਖਮਾਜ, ਪਹਾੜੀ ਅਤੇ ਦੇਸ਼ ਦੀ ਸੁਮੇਲਤ ਪ੍ਰਸਤੁਤੀ ਨਾਲ ਦਰਸ਼ਕਾਂ ਨੂੰ ਮੋਹ ਲਿਆ ਅਤੇ ਅੰਤ ਵਿੱਚ ਰਾਗ ਭੈਰਵੀ ਵਿੱਚ ਸੂਫ਼ੀਆਨਾ ਅਤੇ ਲੋਕ ਰੰਗ ਭਰ ਕੇ ਮਾਹੌਲ ਨੂੰ ਭਾਵਪੂਰਣ ਉਚਾਈਆਂ ਤੱਕ ਲੈ ਗਏ। ਉਨ੍ਹਾਂ ਦੇ ਨਾਲ ਤਬਲੇ 'ਤੇ ਪੰਡਿਤ ਮਧੁਰੇਸ਼ ਭੱਟ (ਬਨਾਰਸ ਘਰਾਨਾ) ਅਤੇ ਸ਼੍ਰੀ ਰਜਨੀਸ਼ ਧੀਮਾਨ ਨੇ ਸੁੰਦਰ ਸੰਗਤ ਕੀਤੀ।

ਦੂਜੀ ਪ੍ਰਸਤੁਤੀ ਵਿੱਚ ਪ੍ਰਸਿੱਧ ਕਥਕ ਨ੍ਰਿਤਿਆਂਗਨਾ ਡਾ. ਸਮੀਰਾ ਕੋਸਰ ਅਤੇ ਉਨ੍ਹਾਂ ਦੇ ਸ਼ਾਗਿਰਦਾਂ ਵੱਲੋਂ ਮਨਮੋਹਕ ਨ੍ਰਿਤ ਪੇਸ਼ ਕੀਤੇ ਗਏ। ਜੈਪੁਰ ਘਰਾਨੇ ਨਾਲ ਸੰਬੰਧਿਤ ਡਾ. ਕੋਸਰ ਦੂਰਦਰਸ਼ਨ ਦੀ 'ਏ' ਗ੍ਰੇਡ ਆਰਟਿਸਟ ਅਤੇ ਪ੍ਰਸਿੱਧ ਸ਼ਿਕਸ਼ਾਵਿਦ ਹਨ, ਜੋ ਪਿਛਲੇ 25 ਸਾਲਾਂ ਤੋਂ ਕਥਕ ਪਰੰਪਰਾ ਨੂੰ ਅੱਗੇ ਵਧਾ ਰਹੀਆਂ ਹਨ।
ਪ੍ਰਸਤੁਤੀਆਂ ਵਿੱਚ ਗਣੇਸ਼ ਸਤੁਤੀ ਤੋਂ ਲੈ ਕੇ ਕ੍ਰਿਸ਼ਨ ਸਤੁਤੀ, 'ਸ਼ੰਕਰ ਅਤੀ ਪ੍ਰਚੰਡ', 'ਕਾਲੀਆ ਦਮਨ', 'ਦੁਰਗਾ ਸਤੁਤੀ', 'ਨਰਸਿੰਹ ਅਵਤਾਰ' ਅਤੇ ਵਰਖਾ ਆਧਾਰਿਤ ਰਚਨਾ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਅੰਤ ਵਿੱਚ 'ਚਤੁਰੰਗ' ਦੀ ਸਮੂਹਿਕ ਪ੍ਰਸਤੁਤੀ ਨਾਲ ਪ੍ਰੋਗਰਾਮ ਦਾ ਭਵਿਆ ਸਮਾਪਨ ਹੋਇਆ।

ਇਹ ਸੰਧਿਆ ਭਾਰਤੀ ਸ਼ਾਸਤਰੀ ਸੰਗੀਤ ਅਤੇ ਨ੍ਰਿਤ ਦੀ ਆਧਿਆਤਮਿਕਤਾ ਅਤੇ ਸੰਸਕ੍ਰਿਤਿਕ ਵਿਰਾਸਤ ਦਾ ਸੁੰਦਰ ਪ੍ਰਤੀਕ ਸਾਬਤ ਹੋਈ। ਦਰਸ਼ਕਾਂ ਨੇ ਖੜ੍ਹੇ ਹੋ ਕੇ ਤਾਲੀਆਂ ਨਾਲ ਕਲਾਕਾਰਾਂ ਦਾ ਸਨਮਾਨ ਕੀਤਾ। ਮੰਚ ਸੰਚਾਲਨ ਸ੍ਰੀਮਤੀ ਪੂਨਮ ਸ਼ਰਮਾ ਦੁਆਰਾ ਬਾਖੂਬੀ ਨਿਭਾਇਆ ਗਿਆ।










